




ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ



Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887



PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 69 Chief Editor : Chowdhary Prabhjit Singh, Editor : Chhatarpal Singh 98146-32807, Friday 28 August 2026 Price : 2 Rs. Page : 6


# ਹੜਤਾਲ 'ਤੇ ਗਏ ਮੁਲਾਜ਼ਮਾਂ ਨੂੰ ਮੁੱਖ ਮੰਤਰੀ ਦਾ ਸਖ਼ਤ ਸੁਨੇਹਾ: 'ਗੱਲਬਾਤ ਅਤੇ ਹੜਤਾਲ ਇਕੱਠੀਆਂ ਨਹੀਂ ਚੱਲ ਸਕਦੀਆਂ'

## ➢ਪੰਜਾਬ ਵਿੱਚ ਹੜਤਾਲ ਕਰਨ ਵਾਲੇ ਮੁਲਾਜ਼ਮਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਤਿਆਰੀ ➢ਪੰਜਾਬ ਸਰਕਾਰ ਨੇ ਗੈਰਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਦੀਆਂ ਸੂਚੀਆਂ ਮੰਗੀਆਂ; ਮੁੱਖ ਮੰਤਰੀ ਨੇ ਮੁਲਾਜ਼ਮਾਂ ਨਾਲ ਮੀਟਿੰਗ ਨਹੀਂ ਕੀਤੀ

**ਚੰਡੀਗੜ੍ਹ 27 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਭਰ ਵਿੱਚ ਹੜਤਾਲ 'ਤੇ ਗਏ ਮੁਲਾਜ਼ਮਾਂ ਲਈ ਸਖਤ ਰੁਖ਼ ਅਖਤਿਆਰ ਕੀਤਾ ਹੈ। ਉਨ੍ਹਾਂ ਕਿਹਾ ਕਿ ਹੜਤਾਲ ਖਤਮ ਕਰਨ ਤੋਂ ਬਾਅਦ ਹੀ ਹੀ ਗੱਲਬਾਤ ਹੋਵੇਗੀ। ਇਸ ਗੱਲ ਦਾ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਐਕਸ ਅਕਾਊਂਟ ਉੱਤੇ ਟਵੀਟ ਕਰਦਿਆਂ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ, ਮੁਲਾਜ਼ਮ ਸਾਡੇ ਪਰਿਵਾਰ ਦਾ ਅਹਿਮ ਹਿੱਸਾ ਹਨ ਅਤੇ ਅਸੀਂ ਉਨ੍ਹਾਂ ਦੀ ਹਰ ਜਾਇਜ਼ ਗੱਲ ਸੁਣਨ ਲਈ ਤਿਆਰ ਹਾਂ... ਪਰ ਗੱਲਬਾਤ ਅਤੇ ਹੜਤਾਲ ਦੋਵੇਂ ਇਕੱਠੀਆਂ ਨਹੀਂ ਚੱਲ ਸਕਦੀਆਂ... ਸਰਕਾਰ ਹਰ ਮਸਲੇ ਦਾ ਹੱਲ ਕੱਢਣ ਲਈ ਵਚਨਬੱਧ ਹੈ, ਪਰ ਗੱਲਬਾਤ ਉਦੋਂ ਹੀ ਹੋਵੇਗੀ ਜਦੋਂ ਹੜਤਾਲ ਖ਼ਤਮ ਕੀਤੀ ਜਾਵੇਗੀ...।"

**ਪੰਜਾਬ ਸਿਵਲ ਸਕੱਤਰੇਤ ਵਿਖੇ ਕੰਮ-ਕਾਜ ਠੱਪ ਕਰਕੇ ਜਬਰਦਸਤ ਰੋਸ ਰੈਲੀ**

ਦੂਜੇ ਪਾਸੇ ਪੰਜਾਬ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਾਂਝੇ ਮੰਚ ਅਤੇ ਫਰੰਟ ਵੱਲੋਂ ਦਿੱਤੇ ਸੱਦੇ ਮੁਤਾਬਕ ਅੱਜ ਸੂਬੇ ਦੇ ਸਰਕਾਰੀ ਦਫਤਰ ਮੁਕੰਮਲ ਬੰਦ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਦਫਤਰਾਂ ਵਿੱਚ ਰੋਸ ਰੈਲੀਆਂ ਕਰਕੇ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ਼ ਜਬਰਦਸਤ ਨਾਅਰੇਬਾਜ਼ੀ ਕੀਤੀ ਜਾ ਰਹੀ ਹੈ।

ਸਕੱਤਰੇਤ ਵਿਖੇ ਮੰਤਰੀਆਂ ਦਾ ਸਮੁੱਚਾ ਸਟਾਫ ਵੀ ਰੈਲੀ ਵਿੱਚ ਸ਼ਾਮਲ ਹੈ। ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਰੋਸ ਰੈਲੀਆਂ ਵਿੱਚ ਸ਼ਮੂਲੀਅਤ ਕੀਤੀ ਗਈ ਹੈ। ਚੰਡੀਗੜ੍ਹ ਦੇ ਸੈਕਟਰ 17 ਵਿਖੇ ਪੁਲ਼ ਦੇ ਹੇਠ ਵੱਖ-ਵੱਖ ਡਾਇਰੈਕਟੋਰੇਟਾਂ ਦੇ ਮੁਲਾਜ਼ਮਾਂ ਵੱਲੋਂ ਅਤੇ ਸੈਕਟਰ 17 ਸਥਿਤ ਉਦਯੋਗ ਭਵਨ ਵਿਖੇ ਪੀ ਐੱਸ ਆਈ ਈ ਸੀ ਸਟਾਫ ਐਸੋਸੀਏਸ਼ਨ ਵੱਲੋਂ ਰੋਸ ਰੈਲੀਆਂ ਕੀਤੀਆਂ ਜਾ ਰਹੀਆਂ ਹਨ।

ਸਕੱਤਰੇਤ ਵਿਖੇ ਮੁਲਾਜ਼ਮ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇ ਅੱਜ ਵੀ ਮੁੱਖ ਮੰਤਰੀ ਨਾਲ਼ ਤਾਲਮੇਲ ਕਮੇਟੀ ਦੀ ਤੈਅ ਮੀਟਿੰਗ ਵਿੱਚ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਨਿਕਲਦਾ ਤਾਂ ਮੁਲਾਜ਼ਮ ਸੰਘਰਸ਼ ਹੋਰ ਤਿੱਖੇ ਰੂਪ ਵਿੱਚ ਉੱਭਰੇਗਾ ਜਿਸ ਦੀ ਸਿਆਸੀ ਕੀਮਤ ਆਪ ਸਰਕਾਰ ਨੂੰ ਚੁਕਾਉਣੀ ਪਵੇਗੀ।

ਪੰਜਾਬ ਵਿੱਚ ਅੱਜ ਹੜਤਾਲ ਕਰਨ ਵਾਲੇ ਮੁਲਾਜ਼ਮਾਂ ਖ਼ਿਲਾਫ਼ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਖ਼ਤ ਕਾਰਵਾਈ ਦੀ ਤਿਆਰੀ ਕੀਤੀ ਜਾ ਰਹੀ ਹੈ। ਸਰਕਾਰ ਨੇ ਬਿਨਾਂ ਕਿਸੇ ਮਨਜ਼ੂਰੀ ਦੇ ਆਪਣੀ ਡਿਊਟੀ ਤੋਂ ਗੈਰਹਾਜ਼ਰ ਰਹਿਣ ਵਾਲੇ ਸਾਰੇ ਮੁਲਾਜ਼ਮਾਂ ਦੀ ਪੂਰੀ ਸੂਚੀ ਮੰਗ ਲਈ ਹੈ। ਇਸ ਲਈ ਸੈਕਟਰੀ ਪੱਧਰ ਦੇ ਅਧਿਕਾਰੀਆਂ ਨੂੰ ਅੱਜ ਤਕ ਦਾ ਸਮਾਂ ਦਿੱਤਾ ਗਿਆ ਹੈ ਤਾਂ ਕਿ ਗੈਰਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਬਾਰੇ ਜਾਣਕਾਰੀ ਇਕੱਠੀ ਕੀਤੀ ਜਾ ਸਕੇ। ਸਰਕਾਰ ਇਨ੍ਹਾਂ ਸਾਰੇ ਮੁਲਾਜ਼ਮਾਂ ਖ਼ਿਲਾਫ਼ ਬਣਦੀ ਸਖ਼ਤ ਕਾਰਵਾਈ ਕਰੇਗੀ। ਇਸ ਦੌਰਾਨ ਸਰਕਾਰ ਦਾ ਤਰਕ ਹੈ ਕਿ ਇਨ੍ਹਾਂ ਮੁਲਾਜ਼ਮਾਂ ਦੀ ਹੜਤਾਲ ਕਰ ਕੇ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ ਅਤੇ ਸਰਕਾਰੀ ਕੰਮ-ਕਾਜ ਵਿੱਚ ਵੀ ਰੁਕਾਵਟ ਆਈ ਹੈ। ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਹੁਣ ਇਨ੍ਹਾਂ ਮੁਲਾਜ਼ਮਾਂ ਵਿਰੁੱਧ ਸਖ਼ਤ ਕਦਮ ਚੁੱਕਣ ਜਾ ਰਹੀ ਹੈ।



ਇਹ ਵੀ ਜਾਣਕਾਰੀ ਮਿਲੀ ਹੈ ਕਿ ਮੁੱਖ ਮੰਤਰੀ ਦਾ ਸੁਨੇਹਾ ਮਿਲਣ ਤੋਂ ਬਾਅਦ ਮੁਲਾਜ਼ਮ ਮੁੱਖ ਮੰਤਰੀ ਨਾਲ ਮੀਟਿੰਗ ਕਰਨ ਗਏ ਪਰ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਮਿਲਣ ਲਈ ਸਮਾਂ ਨਹੀਂ ਦਿੱਤਾ। ਦੂਜੇ ਪਾਸੇ ਮੁਲਾਜ਼ਮਾਂ ਨੇ ਰੋਸ ਪ੍ਰਗਟਾਇਆ ਕਿ ਉਨ੍ਹਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਨਹੀਂ ਦਿੱਤੇ ਜਾ ਰਹੇ ਤੇ ਅਦਾਲਤ ਵਲੋਂ ਫੈਸਲਾ ਦਿੱਤੇ ਜਾਣ ਤੋਂ ਬਾਅਦ ਵੀ ਮੁਲਾਜ਼ਮ ਪੱਖੀ ਗੱਲਬਾਤ ਨਹੀਂ ਕੀਤੀ ਜਾ ਰਹੀ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਭਰ ਵਿੱਚ ਹੜਤਾਲ 'ਤੇ ਗਏ ਮੁਲਾਜ਼ਮਾਂ ਨੂੰ ਸਖਤ ਸੁਨੇਹਾ ਦਿੱਤਾ ਸੀ। ਉਨ੍ਹਾਂ ਕਿਹਾ ਕਿ ਹੜਤਾਲ ਖਤਮ ਕਰਨ ਤੋਂ ਬਾਅਦ ਹੀ ਹੀ ਗੱਲਬਾਤ ਹੋਵੇਗੀ। ਇਸ ਗੱਲ ਦਾ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਐਕਸ ਅਕਾਊਂਟ ਉੱਤੇ ਟਵੀਟ ਕਰਦਿਆਂ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ, ਮੁਲਾਜ਼ਮ ਸਾਡੇ ਪਰਿਵਾਰ ਦਾ ਅਹਿਮ ਹਿੱਸਾ ਹਨ ਅਤੇ ਅਸੀਂ ਉਨ੍ਹਾਂ ਦੀ ਹਰ ਜਾਇਜ਼ ਗੱਲ ਸੁਣਨ ਲਈ ਤਿਆਰ ਹਾਂ... ਪਰ ਗੱਲਬਾਤ ਅਤੇ ਹੜਤਾਲ ਦੋਵੇਂ ਇਕੱਠੀਆਂ ਨਹੀਂ ਚੱਲ ਸਕਦੀਆਂ... ਸਰਕਾਰ ਹਰ ਮਸਲੇ ਦਾ ਹੱਲ ਕੱਢਣ ਲਈ ਵਚਨਬੱਧ ਹੈ, ਪਰ ਗੱਲਬਾਤ ਉਦੋਂ ਹੀ ਹੋਵੇਗੀ ਜਦੋਂ ਹੜਤਾਲ ਖ਼ਤਮ ਕੀਤੀ ਜਾਵੇਗੀ...।"

ਦੂਜੇ ਪਾਸੇ ਪੰਜਾਬ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਾਂਝੇ ਮੰਚ ਅਤੇ ਫਰੰਟ ਵੱਲੋਂ ਦਿੱਤੇ ਸੱਦੇ ਮੁਤਾਬਕ ਅੱਜ ਸੂਬੇ ਦੇ ਸਰਕਾਰੀ ਦਫਤਰ ਮੁਕੰਮਲ ਬੰਦ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਦਫਤਰਾਂ ਵਿੱਚ ਰੋਸ ਰੈਲੀਆਂ ਕਰਕੇ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ।

# ਭਾਰਤ ਸਰਕਾਰ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ 3 ਹਜ਼ਾਰ ਸਿੱਖ ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਭੇਜਣ ਦੀ ਦਿੱਤੀ ਪ੍ਰਵਾਨਗੀ: ਕਾਲਕਾ

**ਨਵੀਂ ਦਿੱਲੀ, 27 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**




ਭਾਰਤ ਸਰਕਾਰ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ 3 ਹਜ਼ਾਰ ਸਿੱਖ ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਭੇਜਣ ਦੀ ਪ੍ਰਵਾਨਗੀ ਦੇ ਦਿੱਤੀ ਹੈ ਅਤੇ ਇਹ ਜੱਥਾ 22 ਨਵੰਬਰ ਨੂੰ ਵਾਹਗਾ ਸਰਹੱਦ ਰਾਹੀਂ ਪਾਕਿਸਤਾਨ ਰਵਾਨਾ ਹੋਵੇਗਾ ਤੇ 1 ਦਸੰਬਰ ਨੂੰ ਵਾਪਸ ਪਰਤੇਗਾ। ਇਹ ਪ੍ਰਗਟਾਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਵਿਦੇਸ਼ ਮਾਮਲਿਆਂ ਦੇ ਸਲਾਹਕਾਰ ਪਰਮਜੀਤ ਸਿੰਘ ਚੰਢੋਕ ਨੇ ਕੀਤਾ ਹੈ।

ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਲਕਾ ਤੇ ਕਾਹਲੋਂ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ 1 ਜੁਲਾਈ 2026 ਨੂੰ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਸ ਬਾਰੇ ਪੱਤਰ ਲਿਖਿਆ ਸੀ ਤੇ ਗ੍ਰਹਿ ਮੰਤਰੀ ਨੇ ਕਮੇਟੀ ਦੀ ਬੇਨਤੀ ਪ੍ਰਵਾਨ ਕਰਦਿਆਂ 3 ਹਜ਼ਾਰ ਸ਼ਰਧਾਲੂਆਂ ਦੇ ਜੱਥੇ ਨੂੰ ਭੇਜਣ ਦੀ ਪ੍ਰਵਾਨਗੀ ਦੇ ਦਿੱਤੀ ਹੈ। ਉਹਨਾਂ ਦੱਸਿਆ ਕਿ 10 ਰੋਜ਼ਾ ਯਾਤਰਾ ਦੌਰਾਨ ਇਹ ਜੱਥਾ ਗੁਰਦੁਆਰ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸੱਚਾ ਸੌਦਾ, ਗੁਰਦੁਆਰਾ ਪੰਜਾ ਸਾਹਿਬ, ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਅਤੇ ਗੁਰਦੁਆਰਾ ਡੇਰਾ ਸਾਹਿਬ ਲਾਹੌਰ ਦੇ ਦਰਸ਼ਨ ਕਰਨ ਉਪਰੰਤ ਵਾਪਸ ਪਰਤੇਗਾ।

ਉਹਨਾਂ ਦੱਸਿਆ ਕਿ ਭਾਰਤ ਸਰਕਾਰ ਨੇ ਸਪਸ਼ਟ ਨਿਰਦੇਸ਼ ਦਿੱਤੇ ਹਨ ਕਿ ਭਾਰਤ ਸਰਕਾਰ ਵੱਲੋਂ ਦਿੱਤੀ ਪ੍ਰਵਾਨਗੀ ਤਹਿਤ ਪੂਰੇ ਦਸਤਾਵੇਜ਼ਾ ਦੀ ਘੋਖ ਉਪਰੰਤ ਗ੍ਰਹਿ ਮੰਤਰਾਲਾ ਪਾਕਿਸਤਾਨ ਸਰਕਾਰ ਨੂੰ ਸੂਚੀ ਭੇਜੇਗਾ ਜਿਸ ਮੁਤਾਬਕ ਹੀ ਜੱਥਾ ਰਵਾਨਾ ਹੋਵੇਗਾ। ਉਹਨਾਂ ਦੱਸਿਆ ਕਿ ਗ੍ਰਹਿ ਮੰਤਰਾਲੇ ਨੇ ਜੱਥੇ ਵਿਚ ਜਾਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਦਾ ਕੋਟਾ ਵੀ ਤੈਅ ਕੀਤਾ ਹੈ। ਇਸ ਮੁਤਾਬਕ ਦਿੱਲੀ ਤੋਂ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ 555 ਸ਼ਰਧਾਲੂ, ਪੰਜਾਬ ਤੋਂ ਸ਼੍ਰੋਮਣੀ ਕਮੇਟੀ ਵੱਲੋਂ 1800 ਸ਼ਰਧਾਲੂ, ਹਰਿਆਣਾ ਤੋਂ 200, ਹਿਮਾਚਲ ਪ੍ਰਦੇਸ਼ ਤੋਂ 15, ਜੰਮੂ-ਕਸ਼ਮੀਰ ਤੋਂ 40, ਝਾਰਖੰਡ ਤੋਂ 16, ਕਰਨਾਟਕਾ ਅਤੇ ਮੱਧ ਪ੍ਰਦੇਸ਼ ਤੋਂ 10-10, ਮਹਾਰਾਸ਼ਟਰ ਤੋਂ 90, ਉੜੀਸਾ ਤੋਂ 10, ਰਾਜਸਥਾਨ ਤੋਂ 50, ਯੂ ਪੀ ਤੋਂ 35, ਉੱਤਰਾਖੰਡ ਤੋਂ 25, ਪੱਛਮੀ ਬੰਗਾਲ ਤੋਂ 5 ਅਤੇ ਚੰਡੀਗੜ੍ਹ ਤੋਂ 45 ਸ਼ਰਧਾਲੂਆਂ ਦਾ ਜੱਥਾ ਜਾਣ ਦੀ ਪ੍ਰਵਾਨਗੀ ਦਿੱਤੀ ਗਈ ਹੈ।

ਉਹਨਾਂ ਕਿਹਾ ਕਿ ਇਹ ਜੱਥਾ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਹੀ 22 ਨਵੰਬਰ ਨੂੰ ਵਾਹਗਾ ਸਰਹੱਦ ਪਾਰ ਕੇ ਪਾਕਿਸਤਾਨ ਵਿਚ ਦਾਖਲ ਹੋਵੇਗਾ ਤੇ 1 ਦਸੰਬਰ ਨੂੰ ਵਾਪਸ ਉਸੇ ਰਸਤੇ ਤੋਂ ਦੇਸ਼ ਪਰਤੇਗਾ। ਉਹਨਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਆਪੋ ਆਪਣੇ ਪਾਸਪੋਰਟ ਤੇ ਹੋਰ ਦਸਤਾਵੇਜ਼ ਜਮ੍ਹਾਂ ਕਰਵਾਉਣ ਤਾਂ ਜੋ ਗ੍ਰਹਿ ਮੰਤਰਾਲੇ ਤੋਂ ਸਮਾਂ ਰਹਿੰਦਿਆਂ ਪ੍ਰਵਾਨਗੀ ਹਾਸਲ ਕੀਤੀ ਜਾ ਸਕੇ।

# ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਮੂਹ ਪੰਜਾਬੀਆਂ ਨੂੰ ਰੱਖੜੀ ਦੇ ਪਵਿੱਤਰ ਤਿਉਹਾਰ ਦੀ ਵਧਾਈ

**ਚੰਡੀਗੜ੍ਹ, 27 ਅਗਸਤ**
**-ਜੀ. ਐਸ. ਤੁੰਗ-**



ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਰੱਖੜੀ ਦੇ ਸ਼ੁਭ ਅਵਸਰ 'ਤੇ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਵਧਾਈ ਦਿੱਤੀ ਹੈ।

ਆਪਣੇ ਸੰਦੇਸ਼ ਵਿੱਚ ਸਪੀਕਰ ਸੰਧਵਾਂ ਨੇ ਕਿਹਾ ਕਿ ਰੱਖੜੀ ਦਾ ਤਿਉਹਾਰ ਭੈਣ-ਭਰਾ ਦੇ ਪਿਆਰ, ਵਿਸ਼ਵਾਸ ਅਤੇ ਸਨੇਹ ਦੇ ਪਵਿੱਤਰ ਤੇ ਅਟੁੱਟ ਰਿਸ਼ਤੇ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਸ ਰਵਾਇਤੀ ਤਿਉਹਾਰ ਦਾ ਸਾਡੇ ਅਮੀਰ ਇਤਿਹਾਸਕ ਅਤੇ ਸੱਭਿਆਚਾਰਕ ਵਿਰਸੇ ਨਾਲ ਡੂੰਘਾ ਸਬੰਧ ਹੈ।

ਸਪੀਕਰ ਸੰਧਵਾਂ ਨੇ ਹਰੇਕ ਭਰਾ ਨੂੰ ਆਪਣੀ ਭੈਣ ਦੀ ਜੀਵਨ ਭਰ ਰੱਖਿਆ, ਦੇਖਭਾਲ ਅਤੇ ਸਾਥ ਦੇਣ ਦਾ ਪ੍ਰਣ ਲੈ ਕੇ ਇਸ ਤਿਉਹਾਰ ਦੀ ਅਸਲ ਭਾਵਨਾ ਦਾ ਸਤਿਕਾਰ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹਰੇਕ ਭਰਾ ਦਾ ਇਹ ਯਕੀਨੀ ਬਣਾਉਣਾ ਨੈਤਿਕ ਫਰਜ਼ ਹੈ ਕਿ ਉਸਦੀ ਭੈਣ ਨੂੰ ਕਦੇ ਕਿਸੇ ਮੁਸ਼ਕਲ ਜਾਂ ਦੁੱਖ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਆਓ ਅਸੀਂ ਮਿਲ ਕੇ ਸਮਾਜ ਵਿੱਚ ਆਪਸੀ ਸਤਿਕਾਰ ਅਤੇ ਸੁਰੱਖਿਆ ਦੀਆਂ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰੀਏ।

ਸ. ਸੰਧਵਾਂ ਨੇ ਇਸ ਖ਼ੁਸ਼ੀ ਦੇ ਮੌਕੇ 'ਤੇ ਸਮੂਹ ਪਰਿਵਾਰਾਂ ਵਿੱਚ ਅਮਨ, ਖ਼ੁਸ਼ਹਾਲੀ ਅਤੇ ਆਪਸੀ ਸਾਂਝ ਦੇ ਹੋਰ ਪਕੇਰੇ ਹੋਣ ਦੀ ਕਾਮਨਾ ਕੀਤੀ।

# ਪਲੇਅ ਸਟੇਸ਼ਨ ਨਾਲੋਂ ਖੇਡ ਦੇ ਮੈਦਾਨ ਜ਼ਿਆਦਾ ਜ਼ਰੂਰੀ': ਪ੍ਰਧਾਨ ਮੰਤਰੀ ਨੇ ਨੌਜਵਾਨਾਂ ਨੂੰ ਕੀਤੀ ਖੇਡਾਂ ਨਾਲ ਜੁੜਨ ਦੀ ਅਪੀਲ

**ਨਵੀਂ ਦਿੱਲੀ, 27 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਭਾਰਤ ਦੇ ਨੌਜਵਾਨਾਂ ਨੂੰ ਖੇਡਾਂ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਬਹੁਤ ਜ਼ਿਆਦਾ ਸਕ੍ਰੀਨ ਟਾਇਮ (ਫ਼ੋਨ ਜਾਂ ਕੰਪਿਊਟਰ ਦੀ ਵਰਤੋਂ) ਤੋਂ ਹਟ ਕੇ ਬਾਹਰ ਖੇਡੀਆਂ ਜਾਣ ਵਾਲੀਆਂ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ 'ਤੇ ਜ਼ੋਰ ਦਿੱਤਾ।

ਵੀਡੀਓ ਕਾਨਫਰੰਸਿੰਗ ਜ਼ਰੀਏ 'ਖੇਡੋ ਇੰਡੀਆ ਡਾਇਲਾਗ' ਦੌਰਾਨ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਪੀ.ਐੱਮ. ਮੋਦੀ ਨੇ ਕਿਹਾ ਕਿ ਪੜ੍ਹਾਈ ਅਤੇ ਕਰੀਅਰ ਦੀ ਯੋਜਨਾਬੰਦੀ ਦੇ ਨਾਲ-ਨਾਲ ਖੇਡਾਂ ਨੂੰ ਵੀ ਲਗਾਤਾਰ ਸਥਾਨ ਮਿਲ ਰਿਹਾ ਹੈ, ਜੋ ਕਿ ਭਾਰਤ ਦੇ ਖੇਡ ਭਵਿੱਖ ਪ੍ਰਤੀ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ, ਜਦੋਂ ਕਰੀਅਰ ਅਤੇ ਪੜ੍ਹਾਈ ਲਈ ਸਮਾਂ-ਸਾਰਣੀ (ਟਾਈਮ ਟੇਬਲ) ਬਣਾਈ ਜਾਂਦੀ ਹੈ, ਤਾਂ ਖੇਡਾਂ ਨੂੰ ਵੀ ਇਸ ਵਿੱਚ ਆਪਣੀ ਜਗ੍ਹਾ ਮਿਲ ਰਹੀ ਹੈ। ਇਹ ਉਸ ਬਦਲਾਅ ਕਾਰਨ ਹੈ ਜਿਸ ਨਾਲ ਭਾਰਤ ਦਾ ਆਪਣੇ ਖੇਡ ਭਵਿੱਖ ਵਿੱਚ ਵਿਸ਼ਵਾਸ ਵਧ ਰਿਹਾ ਹੈ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਕੂਲਾਂ ਨੂੰ ਖੇਡਾਂ ਨੂੰ ਸਿਰਫ਼ ਇੱਕ ਸਹਿ-ਪਾਠਕ੍ਰਮ (ਕੋ-ਕਰਿਕੁਲਰ) ਗਤੀਵਿਧੀ ਵਜੋਂ ਨਹੀਂ ਦੇਖਣਾ ਚਾਹੀਦਾ, ਸਗੋਂ ਇਸ ਨੂੰ ਵਿਦਿਆਰਥੀਆਂ ਦੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ।

ਮੋਦੀ ਨੇ ਕਿਹਾ, ਖੇਡ ਸਭਿਆਚਾਰ ਉਦੋਂ ਬਣਦਾ ਹੈ ਜਦੋਂ ਸਕੂਲ ਖੇਡਾਂ ਦੇ ਪੀਰੀਅਡ ਨੂੰ ਸਹਿ-ਪਾਠਕ੍ਰਮ ਗਤੀਵਿਧੀ ਨਹੀਂ, ਸਗੋਂ ਜਿਉਣ ਦਾ ਇੱਕ ਤਰੀਕਾ ਸਮਝਦੇ ਹਨ। ਇਸ ਤਰ੍ਹਾਂ ਪ੍ਰਤਿਭਾ ਦਾ ਪੂਲ ਤਿਆਰ ਹੁੰਦਾ ਹੈ ਅਤੇ ਬੱਚਿਆਂ ਨੂੰ ਉਨ੍ਹਾਂ ਦੇ ਪਰਿਵਾਰਾਂ ਦਾ ਸਾਥ ਵੀ ਮਿਲਦਾ ਹੈ। ਨੌਜਵਾਨਾਂ ਵਿੱਚ ਸਮਾਰਟਫ਼ੋਨ, ਕੰਪਿਊਟਰ ਅਤੇ ਗੇਮਿੰਗ ਕੰਸੋਲ ਦੀ ਵਧਦੀ ਵਰਤੋਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, ਸਕ੍ਰੀਨਾਂ ਨਾਲੋਂ ਖੇਡ ਕੇਂਦਰ ਜ਼ਿਆਦਾ ਜ਼ਰੂਰੀ ਹਨ। ਪਲੇਅਸਟੇਸ਼ਨਾਂ ਨਾਲੋਂ ਖੇਡਾਂ ਦੇ ਮੈਦਾਨ ਜ਼ਿਆਦਾ ਮਹੱਤਵਪੂਰਨ ਹਨ। ਇਹ ਤੱਦ ਹੀ ਸੰਭਵ ਹੋਵੇਗਾ ਜਦੋਂ ਸਾਡੇ ਨੌਜਵਾਨ ਇਸ ਸੋਚ ਨੂੰ ਅੱਗੇ ਵਧਾਉਣਗੇ। ਮੋਦੀ ਨੇ ਲਚਕੀਲੇਪਣ (ਮਜ਼ਬੂਤੀ) ਅਤੇ ਮੁਕਾਬਲੇ ਦੀ ਭਾਵਨਾ ਨੂੰ ਵਿਕਸਤ ਕਰਨ ਵਿੱਚ ਖੇਡਾਂ ਦੀ ਭੂਮਿਕਾ ਨੂੰ ਵੀ ਰੇਖਾਂਕਿਤ ਕੀਤਾ। ਉਨ੍ਹਾਂ ਕਿਹਾ, ਅਸੀਂ ਅਕਸਰ ਸੁਣਦੇ ਹਾਂ ਕਿ ਇੱਕ ਸਿਹਤਮੰਦ ਸਮਾਜ, ਇੱਕ ਚੰਗੇ ਪਰਿਵਾਰਕ ਸਿਸਟਮ ਅਤੇ ਬਿਹਤਰ ਕੰਮ ਸਭਿਆਚਾਰ ਲਈ ਖਿਡਾਰੀ ਦੀ ਭਾਵਨਾ (ਸਪੋਰਟਸਮੈਨ ਸਪਿਰਟ) ਬਹੁਤ ਜ਼ਰੂਰੀ ਹੈ ਅਤੇ ਖੇਡ ਦੇ ਮੈਦਾਨ ਵਿੱਚ ਗਏ ਬਿਨਾਂ ਇਸ ਭਾਵਨਾ ਨੂੰ ਸਿੱਖਣਾ ਬਹੁਤ ਮੁਸ਼ਕਲ ਹੈ।ਉਨ੍ਹਾਂ ਅੱਗੇ ਕਿਹਾ, ਖੇਡਾਂ ਸਾਨੂੰ ਸਿਰਫ਼ ਚੈਂਪੀਅਨ ਬਣਨਾ ਹੀ ਨਹੀਂ ਸਿਖਾਉਂਦੀਆਂ, ਸਗੋਂ ਖੇਡਾਂ ਸਾਨੂੰ ਬਿਹਤਰ ਪ੍ਰਤੀਯੋਗੀ ਬਣਨਾ ਵੀ ਸਿਖਾਉਂਦੀਆਂ ਹਨ। ਉੱਠਣਾ, ਡਿੱਗਣਾ, ਡਿੱਗ ਕੇ ਫਿਰ ਉੱਠਣਾ, ਖੇਡਾਂ ਸਾਡੇ ਅੰਦਰ ਇਹੀ ਉਤਸ਼ਾਹ ਪੈਦਾ ਕਰਦੀਆਂ ਹਨ।

# ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਵਾਲੀਬਾਲ ਮੁਕਾਬਲੇ ਕਰਵਾਏ ਗਏ



**ਪਟਿਆਲਾ, 27 ਅਗਸਤ**
**-ਛਤਰਪਾਲ ਸਿੰਘ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕਿਆਂ ਵਾਲੀਬਾਲ ਦੇ ਮੁਕਾਬਲੇ ਪੋਲੋਂ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ। ਅੰਡਰ 14 ਦੇ ਮੁਕਾਬਲਿਆਂ ਵਿੱਚ ਭਾਦਸੋ ਜੋਨ ਨੇ ਪਹਿਲਾਂ, ਨਾਭਾ ਜੋਨ ਨੇ ਦੂਜਾ,ਭੁੰਨਰਹੇੜੀ ਜੋਨ ਨੇ ਤੀਜਾ, ਰਾਜਪੁਰਾ ਜੋਨ ਨੇ ਚੌਥਾ, ਅੰਡਰ 17 ਦੇ ਮੁਕਾਬਲਿਆਂ ਵਿੱਚ ਰਾਜਪੁਰਾ ਜੋਨ ਨੇ ਪਹਿਲਾ, ਭੁੰਨਰਹੇੜੀ ਜੋਨ ਨੇ ਦੂਜਾ,ਨਾਭਾ ਜੋਨ ਨੇ ਤੀਜਾ,ਭਾਦਸੋਂ ਜੋਨ ਨੇ ਚੌਥਾ,ਅੰਡਰ19 ਦੇ ਮੁਕਾਬਲਿਆਂ ਵਿੱਚ ਭਾਦਸੋਂ ਜੋਨ ਨੇ ਪਹਿਲਾ, ਨਾਭਾ ਜੋਨ ਨੇ ਦੂਜਾ, ਰਾਜਪੁਰਾ ਜੋਨ ਨੇ ਤੀਜਾ, ਘਨੌਰ ਜੋਨ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਜ਼ਿਲ੍ਹਾ ਟੂਰਨਾਮੈਂਟ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਉਚੇਚੇ ਤੌਰ ਤੇ ਪੋਲੋ ਗਰਾਊਂਡ ਵਿਖੇ ਪਹੁੰਚ ਗਏ ਖਿਡਾਰੀ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਤੇ ਖੇਡ ਕਨਵੀਨਰ ਡਾ.ਦਿਲਸ਼ੇਰ ਕੌਰ ਪ੍ਰਿੰਸੀਪਲ ਸਸਸਸ ਲੌਟ, ਗੁਰਪ੍ਰੀਤ ਸਿੰਘ ਟਿਵਾਣਾ ਜੋਨਲ ਸਕੱਤਰ ਭਾਦਸੋਂ,ਬਲਜੀਤ ਸਿੰਘ ਧਾਰੋਂਕੀ, ਬਲਵਿੰਦਰ ਸਿੰਘ, ਜਸਵਿੰਦਰ ਖਾਂ, ਲਖਵਿੰਦਰ ਸਿੰਘ,ਚਮਕੌਰ ਸਿੰਘ, ਗੁਰਨਾਮ ਸਿੰਘ, ਪਰਮਿੰਦਰ ਸਿੰਘ ਵਾਲੀਬਾਲ ਕੋਚ ਸਪੋਰਟਸ ਵਿਭਾਗ, ਅਮਨਦੀਪ ਕੌਰ, ਕੁਲਦੀਪ ਕੌਰ, ਰਾਜਵਿੰਦਰ ਕੌਰ,ਹਰਪ੍ਰੀਤ ਕੌਰ,ਰੁਪਿੰਦਰ ਕੌਰ, ਕਿਰਨਜੀਤ ਕੌਰ, ਰਾਜਵੀਰ ਖਾਂ, ਰਾਜਨਪ੍ਰੀਤ ਕੌਰ, ਜਗਤਾਰ ਸਿੰਘ ਕੋਚ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

# ਨੇਪਾਲ ਵਿੱਚ ਅਚਾਨਕ ਆਏ ਹੜ੍ਹਾਂ ਵਿੱਚ ਲਾਪਤਾ ਵਿਅਕਤੀਆਂ ਦੀ ਜਾਣਕਾਰੀ ਦੇਣ ਦੀ ਅਪੀਲ

**ਚੰਡੀਗੜ੍ਹ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨੇਪਾਲ ਵਿੱਚ ਹਾਲ ਹੀ ਵਿੱਚ ਆਏ ਅਚਾਨਕ ਹੜ੍ਹਾਂ ਦੇ ਮੱਦੇਨਜ਼ਰ ਨਾਗਰਿਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਜੇਕਰ ਉਨ੍ਹਾਂ ਦੇ ਪਾਸ ਚੰਡੀਗੜ੍ਹ ਨਿਵਾਸੀ ਕਿਸੇ ਅਜਿਹੇ ਵਿਅਕਤੀ ਬਾਰੇ ਕੋਈ ਜਾਣਕਾਰੀ ਹੈ, ਜੋ ਇਸ ਘਟਨਾ ਤੋਂ ਬਾਅਦ ਲਾਪਤਾ ਹੈ ਜਾਂ ਜਿਸ ਦਾ ਪਤਾ ਨਹੀਂ ਚਲ ਰਿਹਾ ਹੈ, ਤਾਂ ਇਸ ਦੀ ਸੂਚਨਾ ਡਿਪਟੀ ਕਮਿਸ਼ਨਰ, ਯੂ.ਟੀ. ਚੰਡੀਗੜ੍ਹ ਦੇ ਦਫ਼ਤਰ ਨੂੰ ਦੇਣ। ਜਾਣਕਾਰੀ ਨਿਮਨਲਿਖਤ ਚੈਨਲਾਂ ਜ਼ਰੀਏ ਸਾਂਝੀ ਕੀਤੀ ਜਾ ਸਕਦੀ ਹੈ: ਕੰਟਰੋਲ ਰੂਮ: 112 / 0172-2700025 ਈਮੇਲ: adc-chd@nic.in ਸੰਪਰਕ ਅਧਿਕਾਰੀ: ਸ਼੍ਰੀ ਮੋਹਨ ਸਿੰਘ, ਦਫ਼ਤਰ ਸੁਪਰਡੈਂਟ, ਡਿਪਟੀ ਕਮਿਸ਼ਨਰ, ਯੂ.ਟੀ. ਚੰਡੀਗੜ੍ਹ ਪ੍ਰਾਪਤ ਜਾਣਕਾਰੀ ਨੂੰ ਸੰਕਲਿਤ ਕਰਕੇ ਸਬੰਧਿਤ ਅਧਿਕਾਰੀਆਂ ਨਾਲ ਸਾਂਝਾ ਕੀਤਾ ਜਾਵੇਗਾ ਤਾਕਿ ਲਾਪਤਾ ਵਿਅਕਤੀਆਂ ਦਾ ਪਤਾ ਲਗਾਉਣ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਵਿੱਚ ਮਦਦ ਮਿਲ ਸਕੇ। ਨਾਗਰਿਕਾਂ ਨੂੰ ਇਸ ਸੂਚਨਾ ਨੂੰ ਅਧਿਕ ਤੋਂ ਅਧਿਕ ਸਾਂਝਾ ਕਰਨ ਦੀ ਅਪੀਲ ਕੀਤੀ ਜਾਂਦੀ ਹੈ।

# ਮੁੱਖ ਮੰਤਰੀ ਵੱਲੋਂ ਮੀਟਿੰਗ ਰੱਦ ਕਰਨ ਮਗਰੋਂ ਮੁਲਾਜ਼ਮਾਂ ਦਾ ਪ੍ਰਦਰਸ਼ਨ ਹੰਗਾਮੇ ਵਿੱਚ ਬਦਲਿਆ

## ਮੁੱਖ ਮੰਤਰੀ ਵੱਲੋਂ ਗੱਲਬਾਤ ਤੋਂ ਪਹਿਲਾਂ ਹੜਤਾਲ ਵਾਪਸ ਲੈਣ ਦੀ ਸ਼ਰਤ ਰੱਖਣ ਤੋਂ ਬਾਅਦ ਵਧਿਆ ਤਣਾਅ; ਡੀਸੀ ਦਫ਼ਤਰ ਬਾਹਰ ਪੁਲੀਸ ਨਾਲ ਝੜਪ ਅਤੇ ਬੈਰੀਕੇਡ ਤੋੜ ਕੇ ਰੋਸ ਮਾਰਚ

**ਚੰਡੀਗੜ੍ਹ, 27 ਅਗਸਤ**
**-ਜੀ. ਐਸ. ਤੁੰਗ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪ੍ਰਦਰਸ਼ਨ ਕਰ ਰਹੇ ਸਰਕਾਰੀ ਮੁਲਾਜ਼ਮਾਂ ਵਿਚਕਾਰ ਵੀਰਵਾਰ ਨੂੰ ਜਲੰਧਰ ਵਿੱਚ ਹੋਣ ਵਾਲੀ ਤੈਅਸ਼ੁਦਾ ਮੀਟਿੰਗ ਉਸ ਸਮੇਂ ਸਿਆਸੀ ਟਕਰਾਅ ਵਿੱਚ ਬਦਲ ਗਈ, ਜਦੋਂ ਮੁੱਖ ਮੰਤਰੀ ਵੱਲੋਂ ਮੀਟਿੰਗ ਰੱਦ ਕਰਨ ਮਗਰੋਂ ਮੁਲਾਜ਼ਮ ਯੂਨੀਅਨਾਂ ਦੀ 'ਮਹਾਂ ਹੜਤਾਲ' ਦੇ ਸੱਦੇ ਕਾਰਨ ਪੁਲੀਸ ਨਾਲ ਟਕਰਾਅ ਕਾਫ਼ੀ ਵਧ ਗਿਆ। ਇਹ ਮਤਭੇਦ ਸਵੇਰ ਤੋਂ ਹੀ ਬਣਨਾ ਸ਼ੁਰੂ ਹੋ ਗਿਆ ਸੀ, ਜਦੋਂ ਵੱਖ-ਵੱਖ ਵਿਭਾਗਾਂ ਦੇ ਸਰਕਾਰੀ ਮੁਲਾਜ਼ਮ ਸਮੂਹਿਕ ਆਮ ਛੁੱਟੀ (ਮਾਸ ਕੈਜ਼ੂਅਲ ਲੀਵ) ਲੈ ਕੇ ਜਲੰਧਰ ਵਿੱਚ ਡਿਪਟੀ ਕਮਿਸ਼ਨਰ ਦੇ ਦਫ਼ਤਰ ਕੰਪਲੈਕਸ ਵਿਖੇ ਇਕੱਠੇ ਹੋਏ।

ਇਹ ਪ੍ਰਦਰਸ਼ਨ ਡੀਅਰਨੈੱਸ ਅਲਾਊਂਸ (41) ਦੀਆਂ ਲੰਮੇ ਸਮੇਂ ਤੋਂ ਬਕਾਇਆ ਕਿਸ਼ਤਾਂ ਅਤੇ ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕਰਨ ਦੀਆਂ ਯੂਨੀਅਨਾਂ ਦੀਆਂ ਮੰਗਾਂ ਨੂੰ ਲੈ ਕੇ ਕੀਤਾ ਗਿਆ ਸੀ।

ਪ੍ਰਦਰਸ਼ਨ ਕਰ ਰਹੀਆਂ ਯੂਨੀਅਨਾਂ ਦੀ 16 ਮੈਂਬਰੀ ਪ੍ਰਤੀਨਿਧ ਕਮੇਟੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਗੱਲਬਾਤ ਕਰਨ ਲਈ ਨਿਯੁਕਤ ਕੀਤਾ ਗਿਆ ਸੀ, ਜਿਨ੍ਹਾਂ ਨੇ ਪੀ.ਏ.ਪੀ. ਚੌਂਕ ਵਿਖੇ ਮੌਜੂਦ ਰਹਿਣਾ ਸੀ। ਬਾਕੀ ਮੁਲਾਜ਼ਮ ਨਤੀਜੇ ਦੀ ਉਡੀਕ ਕਰਦੇ ਹੋਏ ਡੀਸੀ ਦਫ਼ਤਰ ਵਿਖੇ ਹੀ ਬੈਠੇ ਰਹੇ।

ਗੱਲਬਾਤ ਦੁਪਹਿਰ 1 ਵਜੇ ਦੇ ਕਰੀਬ ਸ਼ੁਰੂ ਹੋਣ ਦੀ ਉਮੀਦ ਸੀ। ਪਰ ਇਸ ਤੋਂ ਠੀਕ ਪਹਿਲਾਂ, ਮੁੱਖ ਮੰਤਰੀ ਮਾਨ ਨੇ ਇੱਕ ਪੋਸਟ ਸਾਂਝੀ ਕੀਤੀ ਜਿਸ ਵਿੱਚ ਕਿਹਾ ਗਿਆ ਕਿ ਹੜਤਾਲ ਅਤੇ ਗੱਲਬਾਤ ਇੱਕੋ ਸਮੇਂ ਨਹੀਂ ਚੱਲ ਸਕਦੀਆਂ, ਜਿਸ ਦਾ ਅਸਰ ਇਹ ਹੋਇਆ ਕਿ ਕਿਸੇ ਵੀ ਗੱਲਬਾਤ ਲਈ ਇਹ ਸ਼ਰਤ ਰੱਖ ਦਿੱਤੀ ਗਈ ਕਿ ਪਹਿਲਾਂ ਯੂਨੀਅਨਾਂ ਆਪਣੀ 'ਹੜਤਾਲ' ਵਾਪਸ ਲੈਣ।

ਜ਼ਮੀਨੀ ਪੱਧਰ 'ਤੇ ਇਸ ਬਿਆਨ ਨੂੰ ਭੜਕਾਊ ਬਿਆਨ ਵਜੋਂ ਦੇਖਿਆ ਗਿਆ। ਯੂਨੀਅਨ ਆਗੂਆਂ, ਜਿਨ੍ਹਾਂ ਨੇ ਪਹਿਲਾਂ ਹੀ ਹਜ਼ਾਰਾਂ ਮੁਲਾਜ਼ਮਾਂ ਨੂੰ ਲਾਮਬੰਦ ਕਰ ਲਿਆ ਸੀ, ਨੇ ਇਸ ਨੂੰ ਆਖਰੀ ਸਮੇਂ 'ਤੇ ਸ਼ਰਤਾਂ ਬਦਲਣ ਅਤੇ ਤੈਅਸ਼ੁਦਾ ਮੀਟਿੰਗ ਨੂੰ ਰੱਦ ਕਰਨ ਵਜੋਂ ਦੇਖਿਆ।

**ਗੁੱਸਾ ਭੜਕਿਆ: ਬੀ.ਐੱਮ.ਸੀ. ਚੌਂਕ ਜਾਮ ਕਰਨ ਦਾ ਸੱਦਾ**

ਇਸ ਦਾ ਸਖ਼ਤ ਵਿਰੋਧ ਕਰਦਿਆਂ ਸਰਕਾਰੀ ਟੀਚਰਜ਼ ਐਂਡ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਨਵਪ੍ਰੀਤ ਸਿੰਘ ਨੇ ਐਲਾਨ ਕੀਤਾ ਕਿ ਜਦੋਂ ਤੱਕ ਮੁੱਖ ਮੰਤਰੀ ਉਨ੍ਹਾਂ ਦੇ ਪ੍ਰਤੀਨਿਧੀਆਂ ਨੂੰ ਸੁਣਨ ਦਾ ਮੌਕਾ ਨਹੀਂ ਦਿੰਦੇ, ਤਦ ਤੱਕ ਮੁਲਾਜ਼ਮ ਅਣਮਿੱਥੇ ਸਮੇਂ ਲਈ ਬੀ.ਐੱਮ.ਸੀ. ਚੌਂਕ ਜਾਮ ਕਰਨਗੇ।

ਇਸ ਐਲਾਨ ਨਾਲ ਤੁਰੰਤ ਹਲਚਲ ਮਚ ਗਈ। ਡੀਸੀ ਦਫ਼ਤਰ ਕੰਪਲੈਕਸ ਦੇ ਅੰਦਰ ਮੁਲਾਜ਼ਮਾਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ ਅਤੇ ਮਾਰਚ ਕਰਦੇ ਹੋਏ ਸੜਕਾਂ 'ਤੇ ਨਿਕਲ ਆਏ।

**ਡੀਸੀ ਦਫ਼ਤਰ ਵਿਖੇ ਹੰਗਾਮਾ: ਪੁਲੀਸ ਬੈਰੀਕੇਡ ਅਤੇ ਮੁਲਾਜ਼ਮਾਂ ਵੱਲੋਂ ਕੰਧਾਂ ਟੱਪਣੀਆਂ**

ਜਿਵੇਂ ਹੀ ਪ੍ਰਦਰਸ਼ਨਕਾਰੀਆਂ ਨੇ ਬਾਹਰ ਜਾਣ ਦੀ ਕੋਸ਼ਿਸ਼ ਕੀਤੀ, ਪੁਲੀਸ ਨੇ ਡੀਸੀ ਦਫ਼ਤਰ ਦੇ ਮੁੱਖ ਬੂਹਿਆਂ ਨੂੰ ਤੁਰੰਤ ਸੀਲ ਕਰ ਦਿੱਤਾ ਅਤੇ ਰਸਤੇ ਨੂੰ ਪੂਰੀ ਤਰ੍ਹਾਂ ਬੰਦ ਕਰਨ ਲਈ ਪੁਲੀਸ ਦੀਆਂ ਬੱਸਾਂ ਤੇ ਦੰਗਾ ਰੋਕੂ ਵਾਹਨ ਖੜ੍ਹੇ ਕਰ ਦਿੱਤੇ। ਮੁਲਾਜ਼ਮਾਂ ਦੀ ਵੱਡੀ ਗਿਣਤੀ ਨੂੰ ਦੇਖਦਿਆਂ ਸਥਾਨਕ ਪੁਲੀਸ ਦੀ ਮਦਦ ਲਈ ਵਿਸ਼ੇਸ਼ ਦੰਗਾ ਰੋਕੂ ਯੂਨਿਟ ਵੀ ਤਾਇਨਾਤ ਕੀਤੇ ਗਏ ਸਨ। ਪਰ ਮੁਲਾਜ਼ਮ ਪਿੱਛੇ ਨਹੀਂ ਹਟੇ ਅਤੇ ਉਨ੍ਹਾਂ ਨੇ ਕੰਪਲੈਕਸ ਦੀਆਂ ਚਾਰਦੀਵਾਰੀ ਦੀਆਂ ਕੰਧਾਂ ਨੂੰ ਟੱਪ ਲਿਆ ਅਤੇ ਘੇਰਾਬੰਦੀ ਤੋੜਨ ਲਈ ਦੂਜੇ ਬੂਹਿਆਂ ਦੀ ਵਰਤੋਂ ਕੀਤੀ। ਹਾਲਾਂਕਿ, ਡੀਸੀ ਦਫ਼ਤਰ ਤੋਂ ਸਿਰਫ਼ 50 ਮੀਟਰ ਦੀ ਦੂਰੀ 'ਤੇ ਹੀ ਉਨ੍ਹਾਂ ਦੇ ਮਾਰਚ ਨੂੰ ਰੋਕ ਲਿਆ ਗਿਆ, ਜਿੱਥੇ ਪੁਲੀਸ ਨੇ ਇੱਕ ਵਾਰ ਉਨ੍ਹਾਂ ਦੇ ਅੱਗੇ ਵਧਣ ਦੇ ਰਾਹ ਨੂੰ ਰੋਕ ਦਿੱਤਾ।

# ਜਲੰਧਰ 'ਚ 7 ਸਤੰਬਰ ਤੋਂ ਸ਼ੁਰੂ ਹੋਣਗੀਆਂ ਬਲਾਕ ਪੱਧਰੀ ਖੇਡਾਂ, ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਸਤੰਬਰ ਤੋਂ

**ਜਲੰਧਰ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹੇ ਵਿੱਚ 7 ਸਤੰਬਰ 2026 ਤੋਂ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬਲਾਕ ਪੱਧਰੀ ਖੇਡ ਮੁਕਾਬਲੇ 7 ਸਤੰਬਰ ਤੋਂ 12 ਸਤੰਬਰ ਤੱਕ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਕਬੱਡੀ, ਐਥਲੈਟਿਕਸ, ਖੋ-ਖੋ, ਵਾਲੀਬਾਲ, ਫੁੱਟਬਾਲ ਦੇ ਮੁਕਾਬਲੇ ਹੋਣਗੇ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਤੋਂ 30 ਸਤੰਬਰ ਤੱਕ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੌਰਾਨ ਕਬੱਡੀ, ਐਥਲੈਟਿਕਸ, ਖੋ-ਖੋ, ਵਾਲੀਬਾਲ, ਫੁੱਟਬਾਲ, ਬਾਕਸਿੰਗ, ਜਿਮਨਾਸਟਿਕ, ਟੈਨਿਸ, ਟੇਬਲ ਟੈਨਿਸ, ਬੈਡਮਿੰਟਨ, ਜੂਡੋ, ਰੈਸਲਿੰਗ ਸਮੇਤ 28 ਖੇਡਾਂ ਦੇ ਮੁਕਾਬਲੇ ਹੋਣਗੇ। ਸ਼੍ਰੀ ਵਾਲੀਆ ਨੇ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀ ਭਾਗ ਲੈ ਸਕਦੇ ਹਨ, ਜਿਸ ਦੇ ਲਈ ਵਿਭਾਗ ਦੇ ਪੋਰਟਲ https://sports.punjab.gov.in/login 'ਤੇ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਖੇਡਾਂ ਦੌਰਾਨ ਮੌਕੇ 'ਤੇ ਵੀ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਦਫ਼ਤਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਦਾ ਰੁਝਾਨ ਖੇਡਾਂ ਵੱਲ ਕਰਨ ਅਤੇ ਖੇਡਾਂ ਦੇ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ। ਉਨ੍ਹਾਂ ਖੇਡ ਸੰਸਥਾਵਾਂ ਅਤੇ ਕੋਚਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਖਿਡਾਰੀਆਂ ਨੂੰ ਰਜਿਸਟ੍ਰੇਸ਼ਨ ਲਈ ਉਤਸ਼ਾਹਿਤ ਕੀਤਾ ਜਾਵੇ ਤਾਂ ਜੋ ਜ਼ਿਲ੍ਹਾ ਜਲੰਧਰ ਦੇ ਖਿਡਾਰੀ ਇਨ੍ਹਾਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਹੋਰ ਰੌਸ਼ਨ ਕਰ ਸਕਣ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ ਅਤੇ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਵੀ ਮੌਜੂਦ ਸਨ।




## ਸੰਪਾਦਕੀ

# ਸਹੂਲਤ ਤੋਂ ਸਦੀਆਂ ਦੇ ਸੰਕਟ ਵੱਲ, ਪਲਾਸਟਿਕ ਬਨਾਮ ਧਰਤੀ ਦਾ ਕੱਲ

ਕਿਸੇ ਵੇਲੇ ਪਲਾਸਟਿਕ ਨੂੰ ਹਲਕਾ, ਸਸਤਾ, ਮਜ਼ਬੂਤ ਅਤੇ ਪਾਣੀ-ਰੋਧਕ ਹੋਣ ਕਾਰਨ ਆਧੁਨਿਕ ਜੀਵਨ ਦੀ ਸਭ ਤੋਂ ਵੱਡੀ ਸਹੂਲਤ ਮੰਨਿਆ ਜਾਂਦਾ ਰਿਹਾ ਹੈ, ਪਰ ਅੱਜ ਇਹੀ ਖੂਬੀਆਂ ਧਰਤੀ ਅਤੇ ਇਨਸਾਨ ਲਈ ਵੱਡੀ ਚੁਣੌਤੀ ਬਣ ਚੁੱਕੀਆਂ ਹਨ। ਖ਼ਾਸ ਕਰਕੇ ਇੱਕ ਵਾਰ ਵਰਤ ਕੇ ਸੁੱਟ ਦਿੱਤੀਆਂ ਜਾਣ ਵਾਲੀਆਂ ਪਲਾਸਟਿਕ ਵਸਤੂਆਂ। ਜਿਵੇਂ ਕੈਰੀ ਬੈਗ, ਸਟ੍ਰਾਅ, ਕੱਪ, ਪਲੇਟਾਂ ਅਤੇ ਕਟਲਰੀ । 'ਸੁੱਟੋ ਤੇ ਭੁੱਲ ਜਾਓ' ਯੂਜ਼ ਐਂਡ ਥ੍ਰੋ ਵਾਲੀ ਸੰਸਕ੍ਰਿਤੀ ਨੂੰ ਜਨਮ ਦਿੱਤਾ ਹੈ।

ਓ.ਈ.ਸੀ.ਡੀ ਦੇ ਅੰਕੜੇ ਇਸ ਸੰਕਟ ਦੀ ਗੰਭੀਰਤਾ ਸਪਸ਼ਟ ਕਰਦੇ ਕਿ ਦੁਨੀਆ ਵਿੱਚ ਪਲਾਸਟਿਕ ਦਾ ਉਤਪਾਦਨ 2000 ਵਿੱਚ 234 ਮਿਲੀਅਨ ਟਨ ਤੋਂ ਵੱਧ ਕੇ 2019 ਵਿੱਚ 460 ਮਿਲੀਅਨ ਟਨ ਹੋ ਗਿਆ। ਇਸੇ ਦੌਰਾਨ ਪਲਾਸਟਿਕ ਕੂੜਾ 156 ਮਿਲੀਅਨ ਟਨ ਤੋਂ ਵੱਧ ਕੇ 353 ਮਿਲੀਅਨ ਟਨ ਹੋ ਗਿਆ। ਹੈਰਾਨੀ ਦੀ ਗੱਲ ਇਹ ਹੈ ਕਿ 2019 ਵਿੱਚ ਇਸ ਕੂੜੇ ਦਾ ਕੇਵਲ 9 ਫ਼ੀਸਦੀ ਹੀ ਅਸਲ ਵਿੱਚ ਰੀਸਾਈਕਲ ਹੋਇਆ। ਲਗਭਗ 22 ਮਿਲੀਅਨ ਟਨ ਪਲਾਸਟਿਕ ਵਾਤਾਵਰਣ ਵਿੱਚ ਲੀਕ ਹੋ ਗਿਆ।

ਇਹੀ ਕਾਰਨ ਹੈ ਕਿ ਦੁਨੀਆ ਦੇ ਕਈ ਦੇਸ਼ ਅਤੇ ਸ਼ਹਿਰ ਹੁਣ ਪਲਾਸਟਿਕ ਬੈਗਾਂ, ਸਟ੍ਰਾਅ ਅਤੇ ਹੋਰ ਸਿੰਗਲ-ਯੂਜ਼ ਉਤਪਾਦਾਂ 'ਤੇ ਪਾਬੰਦੀ ਜਾਂ ਸਖ਼ਤ ਨਿਯਮ ਲਾਗੂ ਕਰ ਰਹੇ ਹਨ। ਮਕਸਦ ਸਿਰਫ਼ ਪਲਾਸਟਿਕ ਨੂੰ 'ਬੰਦ' ਕਰਨਾ ਨਹੀਂ, ਸਗੋਂ ਵਰਤੋਂ ਘਟਾਉਣਾ, ਮੁੜ ਵਰਤੋਂ ਵਧਾਉਣਾ ਅਤੇ ਕੂੜੇ ਨੂੰ ਸਰੋਤ ਵਿੱਚ ਬਦਲਣਾ ਹੈ। ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ (ਯੂ.ਐਨ.ਈ.ਪੀ) ਵੀ 'ਰੀਡੀਊਸ, ਰੀਸਾਈਕਲ, ਰਿਊਸ ' ਦੇ ਨਾਲ ਉਤਪਾਦਾਂ ਅਤੇ ਪੈਕੇਜਿੰਗ ਨੂੰ ਮੁੜ ਡਿਜ਼ਾਈਨ ਕਰਨ ਦੀ ਲੋੜ ਉੱਤੇ ਜ਼ੋਰ ਦਿੰਦਾ ਹੈ।

ਭਾਰਤ ਨੇ ਵੀ ਇਸ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਿਆ ਹੈ। 1 ਜੁਲਾਈ 2022 ਤੋਂ ਕਈ ਚੋਣਵੇ ਸਿੰਗਲ-ਯੂਜ਼ ਪਲਾਸਟਿਕ ਵਸਤੂਆਂ—ਜਿਵੇਂ ਪਲਾਸਟਿਕ ਸਟ੍ਰਾਅ, ਪਲੇਟਾਂ, ਕੱਪ, ਗਲਾਸ, ਕਟਲਰੀ, ਸਟਿਰਰ, ਕੁਝ ਸਜਾਵਟੀ ਥਰਮੋਕੋਲ ਵਸਤੂਆਂ ਆਦਿ—'ਤੇ ਪਾਬੰਦੀ ਲਾਗੂ ਕੀਤੀ ਗਈ। ਕੈਰੀ ਬੈਗਾਂ ਲਈ ਵੀ ਮੋਟਾਈ ਸਬੰਧੀ ਮਾਪਦੰਡ ਕੜੇ ਕੀਤੇ ਗਏ; 31 ਦਸੰਬਰ 2022 ਤੋਂ ਘੱਟੋ-ਘੱਟ 120 ਮਾਈਕਰੋਨ ਮੋਟਾਈ ਦਾ ਮਾਪਦੰਡ ਲਾਗੂ ਹੈ।

ਲੇਕਿਨ ਸਿਰਫ਼ ਪਾਬੰਦੀ ਨਾਲ ਇਸ ਮੁੱਦੇ ਦਾ ਹਾਲ ਨਹੀਂ ਹੋਣਾ ਇਸ ਲਈ ਕਾਨੂੰਨ ਜ਼ਰੂਰੀ ਹੈ, ਪਰ ਉਸ ਤੋਂ ਵੀ ਜ਼ਿਆਦਾ ਜ਼ਰੂਰੀ ਹੈ ਉਸ ਦੀ ਪ੍ਰਭਾਵਸ਼ਾਲੀ ਪਾਲਣਾ। ਬਾਜ਼ਾਰਾਂ ਵਿੱਚ ਕੱਪੜੇ ਜਾਂ ਜੂਟ ਦੇ ਬੈਗ ਉਪਲਬਧ ਕਰਵਾਉਣੇ, ਦੁਕਾਨਦਾਰਾਂ ਨੂੰ ਵਿਕਲਪ ਦੇਣੇ, ਕੂੜੇ ਦੀ ਵੱਖ-ਵੱਖ ਇਕੱਠੀ ਕਰਨ ਦੀ ਪ੍ਰਣਾਲੀ ਬਣਾਉਣੀ ਅਤੇ ਨਾਗਰਿਕਾਂ ਵਿੱਚ ਜਾਗਰੂਕਤਾ ਪੈਦਾ ਕਰਨੀ ਲਾਜ਼ਮੀ ਹੈ। ਨਹੀਂ ਤਾਂ ਪਾਬੰਦੀ ਕਾਗਜ਼ਾਂ ਤੱਕ ਸੀਮਿਤ ਰਹਿ ਸਕਦੀ ਹੈ।

ਇਸ ਮਾਮਲੇ ਦਾ ਦੂਜਾ ਪੱਖ ਵੀ ਮਹੱਤਵਪੂਰਨ ਹੈ। ਪਲਾਸਟਿਕ 'ਤੇ ਅਚਾਨਕ ਨਿਰਭਰਤਾ ਘਟਾਉਣ ਨਾਲ ਛੋਟੇ ਵਪਾਰੀਆਂ, ਰੇਹੜੀ-ਫੜੀ ਵਾਲਿਆਂ ਅਤੇ ਪੈਕੇਜਿੰਗ ਉਦਯੋਗ 'ਤੇ ਵਾਧੂ ਲਾਗਤ ਆ ਸਕਦੀ ਹੈ। ਇਸ ਲਈ ਸਰਕਾਰਾਂ ਨੂੰ ਸਿਰਫ਼ ਜੁਰਮਾਨੇ ਨਹੀਂ, ਸਗੋਂ ਸਸਤੇ ਅਤੇ ਵਾਤਾਵਰਣ-ਮਿੱਤਰ ਵਿਕਲਪ, ਤਕਨੀਕੀ ਸਹਾਇਤਾ ਵਰਗਾ ਆਰਥਿਕ ਪ੍ਰੋਤਸਾਹਨ ਵੀ ਦੇਣੇ ਚਾਹੀਦੇ ਹਨ।

ਯੂਨਾਈਟਿਡ ਨੇਸ਼ਨ ਇਨਵਾਇਰਨਮੈਂਟ ਪ੍ਰੋਗਰਾਮ (ਯੂ.ਐਨ.ਈ.ਪੀ) ਦੇ ਅਨੁਸਾਰ ਮੌਜੂਦਾ ਤਕਨੀਕਾਂ ਅਤੇ ਨੀਤੀਆਂ ਦੀ ਮਦਦ ਨਾਲ 2040 ਤੱਕ ਪਲਾਸਟਿਕ ਪ੍ਰਦੂਸ਼ਣ ਵਿੱਚ 80 ਫ਼ੀਸਦੀ ਤੱਕ ਕਮੀ ਸੰਭਵ ਹੈ।

ਅੱਜ ਲੋੜ ਸਿਰਫ਼ ਪਲਾਸਟਿਕ ਦੇ ਬੈਗ ਛੱਡਣ ਦੀ ਨਹੀਂ ਸਗੋਂ ਆਪਣੀ 'ਵਰਤੋ ਅਤੇ ਸੁੱਟੋ' ਵਾਲੀ ਪ੍ਰਵਿਰਤੀ ਛੱਡਣ ਦੀ। ਯਾਦ ਰੱਖੋ ਧਰਤੀ ਸਾਡੇ ਕੂੜੇ ਦਾ ਡੱਬਾ ਨਹੀਂ। ਇਹ ਆਉਣ ਵਾਲੀਆਂ ਪੀੜ੍ਹੀਆਂ ਦੀ ਵਿਰਾਸਤ ਹੈ।

**-ਛੱਤਰਪਾਲ ਸਿੰਘ**







Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807


# ਹਰੀ ਊਰਜਾ, ਖੁਸ਼ਹਾਲੀ ਦਾ ਰਾਹ, ਹੋਵੇ ਤਰੱਕੀ, ਬਚਨ ਧਰਤੀ ਦੇ ਸਾਹ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਅਸੀਂ ਅਕਸਰ ਸੋਚਦੇ ਹਾਂ ਕਿ ਜਲਵਾਯੂ ਪਰਿਵਰਤਨ ਨਾਲ ਲੜਨਾ ਸਰਕਾਰਾਂ, ਵੱਡੀਆਂ ਕੰਪਨੀਆਂ ਜਾਂ ਵਿਗਿਆਨੀਆਂ ਦੀ ਜ਼ਿੰਮੇਵਾਰੀ ਹੈ। ਪਰ ਸੱਚ ਇਹ ਹੈ ਕਿ ਹਰ ਘਰ ਦੀ ਬਿਜਲੀ ਦੀ ਖਪਤ, ਹਰ ਏਅਰ ਕੰਡੀਸ਼ਨਰ ਦੀ ਵਰਤੋਂ, ਹਰ ਬਲਬ, ਹਰ ਰਸੋਈ ਅਤੇ ਹਰ ਗੱਡੀ ਕਾਰਬਨ ਫੁੱਟਪ੍ਰਿੰਟ ਦੀ ਇੱਕ ਕੜੀ ਹੈ। ਜੇ ਕਰੋੜਾਂ ਘਰ ਆਪਣੀ ਊਰਜਾ ਵਰਤੋਂ ਨੂੰ ਬਦਲਣ, ਤਾਂ ਇਸਦਾ ਪ੍ਰਭਾਵ ਵਿਸ਼ਵ ਪੱਧਰ 'ਤੇ ਮਹੱਤਵਪੂਰਨ ਹੋ ਸਕਦਾ ਹੈ।

ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ (ਯੂ.ਐਨ.ਈ.ਪੀ) ਦੇ 2025-26 ਦੀ ਪੜਚੋਲ ਅਨੁਸਾਰ ਇਮਾਰਤਾਂ ਅਤੇ ਨਿਰਮਾਣ ਖੇਤਰ ਦੁਨੀਆ ਦੇ ਲਗਭਗ 37 ਫ਼ੀਸਦੀ ਕਾਰਬਨ ਡਾਈ ਆਕਸਾਈਡ (ਸੀ ਉ 2) ਦੇ ਨਿਕਾਸ ਨਾਲ ਜੁੜਿਆ ਹੋਇਆ ਹੈ ਅਤੇ ਵਿਸ਼ਵ ਪੱਧਰ 'ਤੇ ਲਗਭਗ ਅੱਧੀ ਸਮੱਗਰੀ ਦੀ ਖੁਦਾਈ ਨਾਲ ਵੀ ਇਸਦਾ ਸਬੰਧ ਹੈ। 2024 ਵਿੱਚ ਇਮਾਰਤਾਂ ਦੀ ਸੰਚਾਲਕੀ ਨਿਕਾਸੀ ਹੀ 9.9 ਗਿਗਾਟਨ ਕਾਰਬਨ ਡਾਈ ਆਕਸਾਈਡ ਤੱਕ ਪਹੁੰਚ ਗਈ।

ਇਸਦਾ ਮਤਲਬ ਹੈ ਕਿ ਘਰ ਨੂੰ ਸਿਰਫ਼ ਰਹਿਣ ਦੀ ਥਾਂ ਨਹੀਂ, ਸਗੋਂ ਊਰਜਾ ਬਚਾਉਣ ਅਤੇ ਕਾਰਬਨ ਘਟਾਉਣ ਦਾ ਕੇਂਦਰ ਬਣਾਉਣਾ ਹੋਵੇਗਾ।

ਭਾਰਤ ਵਰਗੇ ਸੂਰਜੀ ਰੌਸ਼ਨੀ ਵਾਲੇ ਦੇਸ਼ ਵਿੱਚ ਘਰ ਦੀ ਛੱਤ 'ਤੇ ਸੋਲਰ ਪੈਨਲ ਲਗਾਉਣਾ ਸਭ ਤੋਂ ਪ੍ਰਭਾਵਸ਼ਾਲੀ ਕਦਮਾਂ ਵਿੱਚੋਂ ਇੱਕ ਹੈ। ਕੇਂਦਰ ਸਰਕਾਰ ਦੀ ਪੀਐਮ ਸੂਰਿਆ ਘਰ: ਮੁਫ਼ਤ ਬਿਜਲੀ ਯੋਜਨਾ ਦਾ ਟੀਚਾ ਇੱਕ ਕਰੋੜ ਘਰਾਂ ਤੱਕ ਰੂਫ਼ਟਾਪ ਸੋਲਰ ਪਹੁੰਚਾਉਣਾ ਹੈ। ਯੋਜਨਾ ਵਿੱਚ 300 ਯੂਨਿਟ ਤੱਕ ਮਹੀਨਾਵਾਰ ਬਿਜਲੀ ਉਤਪਾਦਨ ਦੀ ਸੰਭਾਵਨਾ ਅਤੇ 78,000 ਤੱਕ ਦੀ ਸਬਸਿਡੀ ਦਾ ਪ੍ਰਬੰਧ ਹੈ।

ਸੋਲਰ ਸਿਰਫ਼ ਬਿਜਲੀ ਦਾ ਬਿੱਲ ਘਟਾਉਣ ਦਾ ਸਾਧਨ ਨਹੀਂ ਸਗੋਂ ਇਹ ਕੋਲੇ ਅਤੇ ਹੋਰ ਜੀਵਾਸ਼ਮ ਇੰਧਨਾਂ ਤੋਂ ਬਣਨ ਵਾਲੀ ਬਿਜਲੀ ਦੀ ਮੰਗ ਘਟਾਉਣ ਵਿੱਚ ਵੀ ਮਦਦ ਕਰਦਾ ਹੈ।

ਹਰੀ ਊਰਜਾ ਦਾ ਮਤਲਬ ਹਰ ਕਿਸੇ ਲਈ ਤੁਰੰਤ ਸੋਲਰ ਪੈਨਲ ਲਗਾਉਣਾ ਨਹੀਂ। ਕਈ ਵਾਰ ਸਭ ਤੋਂ ਪਹਿਲਾ ਕਦਮ ਊਰਜਾ ਦੀ ਬਰਬਾਦੀ ਰੋਕਣਾ ਹੁੰਦਾ ਹੈ।

ਭਾਰਤ ਦੀ ਉਜਾਲਾ ਯੋਜਨਾ ਇਸਦੀ ਇੱਕ ਵੱਡੀ ਉਦਾਹਰਨ ਹੈ। ਸਰਕਾਰੀ ਅੰਕੜਿਆਂ ਅਨੁਸਾਰ 36.72 ਕਰੋੜ ਐਲ ਈ ਡੀ ਬਲਬ ਵੰਡੇ ਜਾਣ ਨਾਲ ਸਾਲਾਨਾ ਲਗਭਗ 47,691 ਮਿਲੀਅਨ ਯੂਨਿਟ ਬਿਜਲੀ ਦੀ ਬਚਤ, 9,548 ਮੈਗਾਵਾਟ ਪੀਕ ਡਿਮਾਂਡ ਵਿੱਚ ਕਮੀ ਅਤੇ ਲਗਭਗ 3.862 ਕਰੋੜ ਟਨ ਕਾਰਬਨ ਡਾਈ ਅਕਸਾਇਡ ਨਿਕਾਸ ਵਿੱਚ ਸਾਲਾਨਾ ਕਮੀ ਦਰਜ ਕੀਤੀ ਗਈ।

ਇੱਕ ਛੋਟਾ *54 ਬਲਬ ਇਸ ਗੱਲ ਦਾ ਸਬੂਤ ਹੈ ਕਿ ਛੋਟੇ ਘਰੇਲੂ ਫ਼ੈਸਲੇ ਵੀ ਵੱਡਾ ਸਮੂਹਕ ਨਤੀਜੇ ਪੈਦਾ ਕਰ ਸਕਦੇ ਹਨ।

ਭਾਰਤ ਵਿੱਚ ਵਧਦੀ ਗਰਮੀ ਦੇ ਨਾਲ ਏ.ਸੀ ਦੀ ਵਰਤੋਂ ਵਧ ਰਹੀ ਹੈ। ਇਸ ਲਈ ਏ.ਸੀ ਨੂੰ ਬੰਦ ਕਰਨਾ ਕੋਈ ਹੱਲ ਨਹੀਂ। ਬਿਹਤਰ ਹੱਲ ਹੈ ਕਿ ਕਮਰੇ ਦੀ ਇਨਸੂਲੇਸ਼ਨ, ਛਾਂ, ਕੁਦਰਤੀ ਹਵਾਦਾਰੀ, ਪਰਦੇ, ਛੱਤ ਦੀ ਗਰਮੀ ਘਟਾਉਣ ਵਾਲੇ ਉਪਾਅ ਅਤੇ ਊਰਜਾ-ਕੁਸ਼ਲ ਏ.ਸੀ ਤਿਆਰ ਕਿਤੇ ਜਾਣ।

ਤਾਪਮਾਨ ਦੀ ਸੈਟਿੰਗ ਵਿੱਚ ਛੋਟਾ ਬਦਲਾਅ ਵੀ ਬਿਜਲੀ ਦੀ ਮੰਗ 'ਤੇ ਅਸਰ ਪਾ ਸਕਦਾ ਹੈ। ਬੀ ਈ.ਈ ਇੰਡੀਆ ਆਪ ਖੁਦ ਏਅਰ ਕੰਡੀਸ਼ਨਿੰਗ ਸਬੰਧੀ 24 ਐਲਸੀਐਸ ਵਰਗੀਆਂ ਊਰਜਾ-ਸੰਭਾਲ ਮੁਹਿੰਮਾਂ ਰਾਹੀਂ ਖਪਤਕਾਰਾਂ ਨੂੰ ਜਾਗਰੂਕ ਕਰਦਾ ਹੈ।

ਫਰਿੱਜ, ਈ.ਸੀ , ਪੱਖਾ, ਗੀਜ਼ਰ ਜਾਂ ਹੋਰ ਉਪਕਰਣ ਖਰੀਦਦੇ ਸਮੇਂ ਬੀ.ਈ.ਈ ਸਟਾਰ ਰੇਟਿੰਗ ਦੇਖਣਾ ਸਿੱਧੇ ਤੌਰ 'ਤੇ ਊਰਜਾ ਅਤੇ ਪੈਸੇ ਦੀ ਬਚਤ ਨਾਲ ਜੁੜਨਾ ਹੈ। ਬੀ.ਈ.ਈ ਦੇ ਅਨੁਸਾਰ 2025 ਵਿੱਚ ਸਟੈਂਡਰਡਅਤੇ ਲੇਬਲਿੰਗ ਪ੍ਰੋਗਰਾਮ ਰਾਹੀਂ 89.80 ਬਿਲੀਅਨ ਯੂਨਿਟ ਬਿਜਲੀ ਦੀ ਬਚਤ ਦਰਜ ਕੀਤੀ ਗਈ ਅਤੇ 38 ਕਿਸਮਾਂ ਦੇ ਉਪਕਰਣ ਇਸ ਪ੍ਰੋਗਰਾਮ ਦੇ ਦਾਇਰੇ ਵਿੱਚ ਆਉਂਦੇ ਹਨ।

ਇਸ ਲਈ ਨਵਾਂ ਉਪਕਰਣ ਖਰੀਦਣਾ ਸਿਰਫ਼ ਕੀਮਤ ਦੇਖ ਕੇ ਨਹੀਂ, ਸਗੋਂ ਪੂਰੀ ਉਮਰ ਦੀ ਬਿਜਲੀ ਲਾਗਤ ਨੂੰ ਧਿਆਨ ਵਿੱਚ ਰੱਖ ਕੇ ਹੋਣਾ ਚਾਹੀਦਾ ਹੈ।

ਖਾਣੇ ਦੀ ਬਰਬਾਦੀ, ਬੇਲੋੜੀ ਪੈਕੇਜਿੰਗ, ਬਹੁਤ ਜ਼ਿਆਦਾ ਪ੍ਰੋਸੈਸਡ ਭੋਜਨ ਅਤੇ ਲੋੜ ਤੋਂ ਵੱਧ ਖਪਤ ਵੀ ਵਾਤਾਵਰਣ 'ਤੇ ਦਬਾਅ ਪਾਉਂਦੀ ਹੈ। ਆਈ.ਪੀ.ਸੀ.ਸੀ ਅਨੁਸਾਰ ਇਮਾਰਤਾਂ, ਜ਼ਮੀਨੀ ਆਵਾਜਾਈ ਅਤੇ ਭੋਜਨ ਨਾਲ ਜੁੜੀਆਂ ਮੰਗਾਂ ਵਿੱਚ 2050 ਤੱਕ 40-70 ਫ਼ੀਸਦੀ ਤੱਕ ਨਿਕਾਸ ਘਟਾਉਣ ਦੀ ਸੰਭਾਵਨਾ ਮੌਜੂਦ ਹੈ। ਇਸ ਵਿੱਚ ਊਰਜਾ-ਕੁਸ਼ਲ ਤਕਨਾਲੋਜੀ ਦੇ ਨਾਲ ਜੀਵਨ-ਸ਼ੈਲੀ ਅਤੇ ਖਪਤ ਦੇ ਬਦਲਾਅ ਵੀ ਮਹੱਤਵਪੂਰਨ ਹਨ।

ਇਸ ਲਈ ਘਰ ਵਿੱਚ ਭੋਜਨ ਬਰਬਾਦ ਨਾ ਕਰਨਾ, ਸਥਾਨਕ ਅਤੇ ਮੌਸਮੀ ਖੁਰਾਕ ਨੂੰ ਤਰਜੀਹ ਦੇਣਾ ਅਤੇ ਲੋੜ ਅਨੁਸਾਰ ਖਰੀਦਦਾਰੀ ਕਰਨਾ ਵੀ ਜਲਵਾਯੂ ਕਾਰਵਾਈ ਹੀ ਹੈ।

ਸਾਈਕਲ ਜਾਂ ਪੈਦਲ ਛੋਟੇ ਸਫ਼ਰ, ਜਨਤਕ ਆਵਾਜਾਈ, ਕਾਰ-ਸ਼ੇਅਰਿੰਗ, ਇਲੈਕਟ੍ਰਿਕ ਵਾਹਨ, ਘਰ ਦੀ ਇਨਸੂਲੇਸ਼ਨ, ਕੁਦਰਤੀ ਰੌਸ਼ਨੀ, ਐਲ.ਈ.ਡੀ , ਊਰਜਾ-ਕੁਸ਼ਲ ਪੱਖੇ ਅਤੇ ਉਪਕਰਣ, ਇਹ ਸਾਰੇ ਇੱਕੋ ਵੱਡੀ ਤਸਵੀਰ ਦੇ ਛੋਟੇ ਹਿੱਸੇ ਹਨ।

ਆਈ.ਪੀ.ਸੀ.ਸੀ ਮੁਤਾਬਕ ਅਵੋਇਡ ਸ਼ਿਫਟ ਇੰਪਰੂਵ ਪਹੁੰਚ ਭਾਵ ਬੇਲੋੜੀ ਮੰਗ ਘਟਾਉਣਾ, ਵਧੇਰੇ ਟਿਕਾਊ ਵਿਕਲਪ ਵੱਲ ਜਾਣਾ ਅਤੇ ਤਕਨਾਲੋਜੀ ਨੂੰ ਕੁਸ਼ਲ ਬਣਾਉਣਾ—ਕਾਰਬਨ ਨਿਕਾਸ ਘਟਾਉਣ ਦੀ ਕੇਂਦਰੀ ਰਣਨੀਤੀ ਹੈ।

ਹਰੀ ਊਰਜਾ ਕੋਈ ਮਹਿੰਗਾ ਫੈਸ਼ਨ ਨਹੀਂ; ਇਹ ਊਰਜਾ ਸੁਰੱਖਿਆ, ਘਰੇਲੂ ਬਚਤ ਅਤੇ ਵਾਤਾਵਰਣੀ ਜ਼ਿੰਮੇਵਾਰੀ ਦਾ ਮਿਲਿਆ-ਜੁਲਿਆ ਮਾਡਲ ਹੈ। ਆਈ.ਏ .ਈ ਤਹਿਤ 2019-2024 ਦੌਰਾਨ ਸੋਲਰ, ਹਵਾ, ਪਰਮਾਣੂ ਊਰਜਾ, ਇਲੈਕਟ੍ਰਿਕ ਕਾਰਾਂ ਅਤੇ ਹੀਟ ਪੰਪਾਂ ਵਰਗੀਆਂ ਪੰਜ ਸਾਫ਼ ਤਕਨੀਕਾਂ ਨੇ ਮਿਲ ਕੇ ਹਰ ਸਾਲ ਲਗਭਗ 2.6 ਗਿਗਾਟਨ ਕਾਰਬਨ ਡਾਈ ਆਕਸੀਡ ਨਿਕਾਸ ਤੋਂ ਬਚਾਅ ਕੀਤਾ ਜੇ ਮੈਂ ਕਹਾਂ ਮੈਂ ਇਕੱਲਾ ਹੀ ਧਰਤੀ ਬਚਾਉਣ ਦੀ ਕ੍ਰਾਂਤੀ ਕਰ ਸਕਦਾ ਹਾਂ? ਸਗੋਂ ਜੇ ਹਰ ਘਰ ਛੋਟੀ ਛੋਟੀ ਪਹਿਲ ਕਰੇ ਤਾਂ ਹਾਲਤ ਬਦਲ ਸਕਦੇ ਹਨ?

ਇੱਕ ਏਲ.ਈ.ਡੀ ਬਲਬ, ਇੱਕ ਊਰਜਾ-ਕੁਸ਼ਲ ਏ.ਸੀ , ਇੱਕ ਸੋਲਰ ਪੈਨਲ, ਇੱਕ ਬਚਿਆ ਹੋਇਆ ਯੂਨਿਟ, ਇੱਕ ਘੱਟ ਕਾਰ ਦਾ ਸਫ਼ਰ, ਇਹ ਸਭ ਮਿਲ ਕੇ ਇੱਕ ਵੱਡੀ ਤਬਦੀਲੀ ਬਣ ਸਕਦੇ ਹਨ। ਧਰਤੀ ਨੂੰ ਬਚਾਉਣ ਦੀ ਕਹਾਣੀ ਕਿਸੇ ਦੂਰਲੇ ਭਵਿੱਖ ਤੋਂ ਨਹੀਂ—ਇਹ ਅੱਜ ਸਾਡੇ ਆਪਣੇ ਘਰ ਵਿੱਚ ਬਦਲਾਵ ਤੋਂ ਸ਼ੁਰੂ ਹੁੰਦੀ ਹੈ।

# ਪਾਤੜਾਂ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਪਾਤੜਾਂ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਪਾਤੜਾਂ ਬਲਾਕ ਦੇ ਪਿੰਡ ਹਾਮਝੇੜੀ, ਸੰਗਤਪੁਰਾ ਬੁਰਦ, ਅਤੇ ਭਗਤ ਸਿੰਘ ਨਗਰ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਚੌਥਾ ਦਰਜਾ ਮੁਲਾਜਮ ਨੇ ਮਹਾਂ ਬੰਦ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਏ : ਦਰਸ਼ਨ ਲੁਬਾਣਾ




**ਪਟਿਆਲਾ, 27 ਅਗਸਤ**
**-ਬਲਜੀਤ ਸਰਨਾ-**

ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਦੇ ਚੌਥਾ ਦਰਜਾ ਮੁਲਾਜਮਾਂ ਕੱਚਿਆਂ— ਪੱਕਿਆ ਪੰਜਾਬ ਮਹਾਂਬੰਦ ਵਿੱਚ ਵੱਧ ਚੜ੍ਹਕੇ ਸਮੂਲਿਅਤ ਕੀਤੀ ਅਤੇ ਖੇਤਰੀ ਰੈਲੀ ਵਿੱਚ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

ਇੱਥੇ ਸਮੂੰਹਕ ਤੌਰ ਤੇ ਵਣ ਵਿਭਾਗ ਦੇ ਦਫਤਰ ਅੱਗੇ ਸਵੇਰੇ ਤੋਂ ਹੀ ਇਕੱਠਾ ਹੋਣਾ ਸ਼ੁਰੂ ਕਰ ਦਿੱਤਾ, ਇੱਥੇ ਸਰਕਾਰ ਵਿਰੁੱਧ ਜੋਰਦਾਰ ਨਾਹਰੇਬਾਜੀ ਕਰਕੇ ਪਿੱਟ ਸਿਆਪਾ ਕੀਤਾ ਅਤੇ ਆਪ ਸਰਕਾਰ ਨੂੰ ਚਲਦੀ ਕਰਨ ਦਾ ਅਹਿਦ ਵੀ ਕੀਤਾ ਗਿਆ। ਇੱਥੇ ਵੱਡੀ ਗਿਣਤੀ ਵਿੱਚ ਵਿਸ਼ੇਸ਼ ਔਰਤਾਂ ਵੀ ਸ਼ਾਮਲ ਸਨ ਮਾਰਚ ਕਰਦੇ ਹੋਏ ਮੁਲਾਜਮ ਮੰਗ ਕਰ ਰਹੇ ਸਨ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਡੀ.ਏ. ਸਾਡਾ ਹੱਕ ਹੈ, ਸਮੁੱਚੇ ਕੱਚੇ ਕਰਮਚਾਰੀਆਂ ਨੂੰ ਬਿਨਾਂ ਸ਼ਰਤਾਂ ਤੇ ਪੱਕਾ ਕੀਤਾ ਜਾਵੇ, ਠੇਕੇਦਾਰੀ ਪ੍ਰਥਾ ਦਾ ਮੁਕੰਮਲ ਖਾਤਮਾ ਕੀਤਾ ਜਾਵੇ, ਕਰਮੀਆਂ ਤੇ ਪੱਕਾ ਕਰਨ ਸਮੇਂ ਆਊਟ ਸੋਰਸ ਸੇਵਾਵਾਂ ਵਿੱਚ ਸ਼ਾਮਲ ਕੀਤੀਆਂ ਜਾਣ, ਸਫਾਈ ਸੇਵਕਾਂ, ਸੀਵਰਮੈਨ ਤੇ ਸਮੁੱਚੇ ਚੌਥਾ ਦਰਜਾ ਕਰਮੀਆਂ ਤੇ ਵਿਦਿਅਕ ਯੋਗਤਾ ਤੇ ਉਮਰ ਦੀ ਸਮਾਂ ਸੀਮਾ ਦੀ ਸ਼ਰਤਾਂ ਖਤਮ ਕੀਤੀਆਂ ਜਾਣ, ਘੱਟੋ—ਘੱਟ ਤਨਖਾਹ ਸਕੇਲਾਂ ਸਮੇਤ ਭੱਤੇ ਦਿੱਤੇ ਜਾਣ, ਪਰਖ ਸਮਾਂ ਸਮਾਪਤ ਕੀਤਾ ਜਾਵੇ, ਚੌਥਾ ਦਰਜਾ ਚਾਰ ਕਰਮਚਾਰੀਆਂ ਨੂੰ 2011 ਤੋਂ ਮਿਲਦਾ ਇੱਕ ਵਿਸ਼ੇਸ਼ ਇੰਕਰੀਮੈਂਟ ਜ਼ੋ ਖੋਹਿਆ ਗਿਆ ਹੈ, ਸਮੇਤ ਖੋਹੇ ਸਾਰੇ ਭੱਤੇ ਬਹਾਲ ਕੀਤੇ ਜਾਣ, ਮੰਗ ਕੀਤੀ ਪਿਛਲੀ ਕਾਂਗਰਸ ਸਰਕਾਰ ਸਮੇਂ ਮੁਲਾਜਮਾਂ ਤੇ ਲਾਇਆ ਗਿਆ 200 ਰੁਪਏ ਜੱਜੀਆਂ ਟੈਕਸ ਵਾਪਸ ਲਿਆ ਜਾਵੇ, ਮਿਡ ਡੇ ਮੀਲ ਸਮੇਤ ਸਮੂਹ ਸਕੀਮ ਕਰਮੀਆਂ ਤੇ ਵੇਤਨ ਕਮਿਸ਼ਨ ਵਲੋਂ ਸੋਧੇ ਤਨਖਾਹ ਸਕੇਲ ਲਾਗੂ ਕੀਤੇ ਜਾਣ ਤੇ ਸੇਵਾਵਾਂ ਨਿਯਮਤ ਕੀਤੀਆਂ ਜਾਣ, ਪੰਜਾਬ ਦੇ ਲਗਭਗ 8000 (ਅੱਠ ਹਜਾਰ) ਸਰਕਾਰੀ ਸਕੂਲਾਂ ਵਿੱਚ ਸਫਾਈ ਸੇਵਕ 3000, ਚੌਂਕੀਦਾਰ 5000 ਰੁਪਏ ਤੇ ਨਿਯੁਕਤ ਕਰਕੇ ਸਮਾਜ ਦਾ ਆਰਥਿਕ ਸ਼ੋਸ਼ਣ ਖਤਮ ਕੀਤਾ ਜਾਵੇ ਅਤੇ ਰੈਗੂਲਰ ਭਰਤੀ ਕੀਤੀ ਜਾਵੇ, ਪਾਰਟ ਟਾਇਮ ਕਰਮੀਆਂ ਨੂੰ ਰੈਗੂਲਰ ਕੀਤਾ ਜਾਵੇ, ਸਮੁੱਚੇ ਵਿਭਾਗ ਵਿੱਚ ਚੌਥਾ ਦਰਜਾ ਮੁਲਾਜਮਾਂ ਦੀ 1992 ਤੋਂ ਬਾਅਦ ਭਰਤੀ ਨਹੀਂ ਕੀਤੀ ਜਾ ਰਹੀ, ਰੈਗੂਲਰ ਭਰਤੀ ਕੀਤੀ ਜਾਵੇ, ਵਿਭਾਗਾਂ ਦੇ ਪੁਨਗਰਠਨ ਦੌਰਾਨ ਖਤਮ ਕੀਤੀਆਂ ਅਸਾਮੀਆਂ ਬਹਾਲ ਕੀਤੀਆਂ ਜਾਣ, ਜੰਗਲਾਤ ਵਿਭਾਗ ਵਿਚ ਪੱਕੇ ਕੀਤੇ ਕਰਮੀਆਂ ਤੇ ਰੈਗੂਲਰ ਤਨਖਾਹ ਸਕੇਲ ਲਾਗੂ ਕੀਤੇ ਜਾਣ, 58 ਸਾਲ ਦੀ ਉਮਰ ਵਿੱਚ ਫਾਰਗ ਕਰਨ ਦੀ ਸ਼ਰਤ ਖਤਮ ਕੀਤੀ ਜਾਵੇ, ਜਗਲਾਤ, ਜੰਗਲੀ ਜੀਵ, ਬਾਗਬਾਨੀ, ਲੋਕ ਨਿਰਮਾਣ ਵਿਭਾਗ ਵਿਚਲੇ ਕੱਚੇ ਕਰਮੀਆਂ ਦੀਆ ਤਨਖਾਹਾਂ ਜਾਰੀ ਕੀਤੀਆਂ ਜਾਣ, ਪਸ਼ੂ ਪਾਲਣ, ਸਿਹਤ ਵਿਭਾਗ ਵਿਚਲੇ ਆਊਟ ਸੋਰਸ ਕਰਮੀਆਂ ਨੂੰ ਵਿਭਾਗ ਵਿੱਚ ਮਰਜ ਕੀਤਾ ਜਾਵੇ, ਕਾਲਜਾਂ ਵਿਚਲੇ ਸਮੁੱਚੇ ਕੱਚੇ ਕਰਮੀਆਂ / ਫੰਡਾਂ ਅਧੀਨ ਕੰਮ ਕਰਦੇ ਕਰਮੀਆਂ ਨੂੰ ਪੱਕਾ ਕੀਤਾ ਜਾਵੇ ਅਤੇ ਆਰਥਿਕ ਸ਼ੋਸ਼ਣ ਖਤਮ ਕਰਨ ਦੀ ਮੰਗ ਵੀ ਕੀਤੀ ਗਈ। ਬਰਾਬਰ ਕੰਮ ਬਰਾਬਰ ਤਨਖਾਹਾਂ ਲਾਗੂ ਕੀਤੀ ਜਾਵੇ, ਪੈਨਸ਼ਨਰਾਂ ਤੇ 2.59 ਦਾ ਗੁਣਖੰਡ ਲਾਗੂ ਕੀਤਾ ਜਾਵੇ। ਏ.ਸੀ.ਪੀ. ਬਹਾਲ ਕੀਤੀ ਜਾਵੇ ਆਦਿ ਇਸ਼ੂ ਸ਼ਾਮਲ ਹਨ। ਇਸ ਮੌਕੇ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਸ਼ਿਵ ਚਰਨ, ਇੰਦਰਪਾਲ ਵਾਲਿਆ ਰਾਮ ਪ੍ਰਸਾਦ ਸਹੋਤਾ, ਸੂਰਜਪਾਲ ਯਾਦਵ, ਪ੍ਰਕਾਸ਼ ਲੁਬਾਣਾ ਪ੍ਰਧਾਨ ਫੈਡਰੇਸ਼ਨ, ਨਰੰਗ ਸਿੰਘ, ਬਲਵੀਰ ਸਿੰਘ, ਬਲਜੀਤ ਬੱਲੀ, ਤਰਲੋਚਨ ਮਾੜੂ, ਦਰਸ਼ਨ ਮੱਲੇਵਾਲ, ਬਲਵਿੰਦਰ ਨਾਭਾ, ਤਰਲੋਚਨਮੰਡੋਲੀ, ਰਜੇਸ਼ ਗੋਲੂ, ਅਰੁਣ ਕੁਮਾਰ, ਰਾਮ ਜ਼ੋਧਾ, ਲਖਵੀਰ ਸਿੰਘ, ਸੁਨੀਲ ਦੱਤ, ਮੱਖਣ ਸਿੰਘ, ਵੇਦ ਪ੍ਰਕਾਸ਼, ਸਤਨਰਾਇਣ ਗੋਨੀ, ਹਰਬੰਸ ਸਿੰਘ, ਸੁਭਾਸ਼, ਮੋਦ ਨਾਥ ਸ਼ਰਮਾ, ਸਤਨਾਮ ਸਿੰਘ, ਅਜੇ ਕੁਮਾਰ ਸਨੌਰ, ਰਾਜੇਸ਼ ਕੁਮਾਰ ਸੀ.ਐਮ.ਓ., ਆਦਿ ਹਾਜਰ ਸਨ।






# ਖਾਲਸਾ ਕਾਲਜ ਫਾਰ ਵੂਮੈਨ ਵਿਖੇ ਸਾਬਣ ਬਣਾਉਣ ਸਬੰਧੀ ਪ੍ਰੈਕਟੀਕਲ ਵਰਕਸ਼ਾਪ ਦਾ ਆਯੋਜਨ



**ਲੁਧਿਆਣਾ, 27 ਅਗਸਤ**
**-ਜਗਮੇਲ ਸਿੰਘ ਢਿਲੋਂ-**

ਖਾਲਸਾ ਕਾਲਜ ਫਾਰ ਵੂਮੈਨ, ਸਿਵਲ ਲਾਈਨਜ਼, ਦੇ ਕੈਮਿਸਟਰੀ ਅਤੇ ਹੋਮ ਸਾਇੰਸ ਵਿਭਾਗ ਵੱਲੋਂ ਸਕਿੱਲ ਡਿਵੈਲਪਮੈਂਟ ਸੈੱਲ ਦੇ ਸਹਿਯੋਗ ਨਾਲ From Oils to Aromas: The Art of Soap Making" ਵਿਸ਼ੇ 'ਤੇ ਪ੍ਰੈਕਟੀਕਲ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। 26 ਅਗਸਤ 2026 ਨੂੰ ਕਰਵਾਈ ਗਈ ਇਸ ਵਰਕਸ਼ਾਪ ਦਾ ਸੰਚਾਲਨ ਮਿਸ ਤਜਿੰਦਰਦੀਪ ਕੌਰ ਵੱਲੋਂ ਕੀਤਾ ਗਿਆ। ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੇ ਸਾਬਣ ਦੇ ਪਿੱਛੇ ਛੁਪੀ ਰਸਾਇਣ ਵਿਗਿਆਨ ਦੀ ਜਾਣਕਾਰੀ ਦਿੱਤੀ ਗਈ ਅਤੇ ਤੇਲਾਂ ਤੇ ਚਰਬੀਆਂ ਤੋਂ ਸੁਗੰਧਿਤ ਅਤੇ ਸਾਫ਼-ਸਫ਼ਾਈ ਵਾਲੇ ਸਾਬਣ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਗਈ। ਭਾਗੀਦਾਰਾਂ ਨੇ ਵੱਖ-ਵੱਖ ਕਿਸਮਾਂ ਦੇ ਤੇਲ, ਖੁਸ਼ਬੂਆਂ ਅਤੇ ਹੋਰ ਸਮੱਗਰੀ ਦੀ ਭੂਮਿਕਾ ਦੇ ਨਾਲ-ਨਾਲ ਸੈਪੋਨੀਫਿਕੇਸ਼ਨ ਦੀ ਵਿਗਿਆਨਕ ਪ੍ਰਕਿਰਿਆ ਬਾਰੇ ਵੀ ਜਾਣਕਾਰੀ ਹਾਸਲ ਕੀਤੀ।

ਵਰਕਸ਼ਾਪ ਦਾ ਮੁੱਖ ਕੇਂਦਰ ਕੋਲਡ ਪ੍ਰੋਸੈਸਡ ਸਾਬਣ ਬਣਾਉਣ ਦੀ ਵਿਧੀ ਰਹੀ। ਇਸ ਪ੍ਰਕਿਰਿਆ ਵਿੱਚ ਤੇਲਾਂ ਅਤੇ ਚਰਬੀਆਂ ਨੂੰ ਖਾਰ ਨਾਲ ਪ੍ਰਤੀਕਿਰਿਆ ਕਰਵਾ ਕੇ ਸਾਬਣ ਅਤੇ ਕੁਦਰਤੀ ਤੌਰ 'ਤੇ ਬਣਨ ਵਾਲਾ ਗਲਿਸਰਿਨ ਤਿਆਰ ਹੁੰਦਾ ਹੈ। ਵਿਦਿਆਰਥੀਆਂ ਨੇ ਵੱਖ-ਵੱਖ ਤੇਲਾਂ ਦੇ ਸਹੀ ਮਿਸ਼ਰਣ ਨਾਲ ਸਾਬਣ ਦੀ ਮਜ਼ਬੂਤੀ, ਝੱਗ, ਸਫ਼ਾਈ ਦੀ ਸਮਰੱਥਾ ਅਤੇ ਸਮੁੱਚੀ ਗੁਣਵੱਤਾ 'ਤੇ ਪੈਣ ਵਾਲੇ ਪ੍ਰਭਾਵ ਨੂੰ ਵੀ ਸਮਝਿਆ।

ਵੱਖ-ਵੱਖ ਸਟ੍ਰੀਮਾਂ ਦੇ ਵਿਦਿਆਰਥੀਆਂ ਨੇ ਵਰਕਸ਼ਾਪ ਵਿੱਚ ਭਾਗ ਲਿਆ ਅਤੇ ਖੁਸ਼ਬੂਆਂ, ਰੰਗਾਂ ਅਤੇ ਬੋਟੈਨਿਕਲ ਸਮੱਗਰੀ ਦੀ ਵਰਤੋਂ ਰਾਹੀਂ ਸਾਬਣ ਨੂੰ ਰਚਨਾਤਮਕ ਅਤੇ ਆਕਰਸ਼ਕ ਰੂਪ ਦੇਣ ਦਾ ਅਨੁਭਵ ਪ੍ਰਾਪਤ ਕੀਤਾ। ਇਸ ਵਰਕਸ਼ਾਪ ਨੇ ਵਿਗਿਆਨਕ ਗਿਆਨ ਨੂੰ ਪ੍ਰੈਕਟੀਕਲ ਹੁਨਰ ਅਤੇ ਰਚਨਾਤਮਕਤਾ ਨਾਲ ਜੋੜਦਿਆਂ ਵਿਦਿਆਰਥੀਆਂ ਨੂੰ ਇਹ ਸਮਝਣ ਦਾ ਮੌਕਾ ਦਿੱਤਾ ਕਿ ਕੈਮਿਸਟਰੀ ਅਤੇ ਹੋਮ ਸਾਇੰਸ ਰਾਹੀਂ ਉਪਯੋਗੀ, ਨਵੀਨਤਮ ਅਤੇ ਸੰਭਾਵੀ ਤੌਰ 'ਤੇ ਉੱਦਮੀ ਗਤੀਵਿਧੀਆਂ ਨੂੰ ਕਿਵੇਂ ਉਤਸ਼ਾਹਿਤ ਕੀਤਾ ਜਾ ਸਕਦਾ ਹੈ।

## ਸਮੂਹਿਕ ਛੁੱਟੀ ਲੈਕੇ ਰੋਹ ਭਰਪੂਰ ਰੈਲੀ ਅਤੇ ਰੋਸ ਮਾਰਚ

**ਨਾਭਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਦਿੱਤੇ ਸੱਦੇ ਤਹਿਤ ਤਹਿਸੀਲ ਨਾਭਾ ਦੇ ਅਧਿਆਪਕਾਂ ਅਤੇ ਹੋਰ ਵਿਭਾਗਾਂ ਦੇ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਸਥਾਨਕ ਪਟਿਆਲਾ ਗੇਟ ਨਾਭਾ ਵਿਖੇ ਵਿਸ਼ਾਲ ਰੈਲੀ ਕਰਨ ਉਪਰੰਤ ਸ਼ਹਿਰ ਦੇ ਬਾਜ਼ਾਰ ਵਿੱਚ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ।

# ਭੈਣ ਤੇ ਭਰਾ ਦੇ ਪਿਆਰ ਦਾ ਪ੍ਰਤੀਕ ਪਵਿੱਤਰ ਦਿਨ ਰੱਖੜੀ



ਅਮਰਜੀਤ ਸਿੰਘ ਸਰਤਾਜ
ਸੀਨੀਅਰ ਪੱਤਰਕਾਰ
9855668409



**ਕੱਚੀਆਂ ਤੰਦਾਂ ਦਾ ਪੱਕਾ ਬੰਧਨ ਹੈ ਰੱਖੜੀ**

ਭਾਰਤੀ ਸੱਭਿਆਚਾਰ 'ਚ ਰੱਖੜੀ ਭੈਣ ਭਰਾ ਦੇ ਪਵਿੱਤਰ ਪਿਆਰਦੀ ਪ੍ਰਤੀਕ ਹੈ। ਇਸ ਦਾ ਧਾਰਮਿਕ ਰਹੁ ਰੀਤਾਂ ਨਾਲ ਡੂੰਘਾ ਸੰਬੰਧ ਹੈ, ਦੇਖਣ ਨੂੰ ਇਹ ਭਾਵੇਂ ਸੂਤ ਦਾ ਕੱਚਾ -ਧਾਗਾ ਹੈ ਪਰ ਇਸ ਦੀਆਂ ਗੰਢਾਂ ਬਹੁਤ ਮਜ਼ਬੂਤ ਹੁੰਦੀਆਂ ਹਨ। ਇਸ ਦਿਨ ਭਰਾ ਆਪਣੇ ਸਾਰੇ ਕੰਮ ਮੁਲਤਵੀ ਕਰ ਕੇ ਰੱਖਣੀ ਦੇ ਮੂੰਹ 'ਚ ਭਿੱਜੇ ਕਾਰਜ ਨੂੰ ਤਰਜੀਹ ਦਿੰਦਾ ਹੈ ਤੇ ਭੈਣ ਆਪਣੇ ਵੀਰ ਦੇ ਮੂੰਹ ਨੂੰ ਮਿੱਠਾ ਲਾ ਕੇ ਰੱਖੜੀ ਬੰਨ੍ਹਦੀ ਉਹਦੀਆਂ ਸੌ ਸੁੱਖਾਂ ਮੰਗਦੀ ਹੈ ਗੁੱਟ 'ਤੇ ਬੰਨ੍ਹ ਰੱਖੜੀ, ਸੁੱਖ ਵੀਰ ਦੀ ਮੰਗਣ ਸਦਾ ਭੈਣਾਂ।

ਜੋ ਪੁਰਾਣਾ ਭੈਣ ਸਦਾ ਹੁੰਦੀਆਂ ਨੇ ਮਾਣ ਭਰਾਵਾਂ ਦਾ ਧਿਆਨ ਰੱਖੀ ਮਾਲਕਾ ਇਹਨਾਂ ਸੱਜੀਆਂ ਬਾਹਾਂ ਦਾ ਭੈਣ ਹਮੇਸ਼ਾ ਆਪਣੇ ਵੀਰ ਦੀ ਲੰਮੇਰੀ ਤੰਦਰੁਸਤੀ ਉਮਰ ਅਤੇ ਉਚੇਰੀ ਪਦਵੀ ਦੀ ਕਾਮਨਾ ਕਰਦੀ ਹੈ, ÷ਵੀਰਾ ਬਣ ਕੇ ਕਮਾਂਡਰ ਆਵੇ ਮੈਂ ਲੱਡੂਆਂ ਦੇ ਬਾਲ ਵੰਡ ਦਿਆਂ' ਅਤੇ ਵੀਰ ਵੀ ਭੈਣ ਦੇ ਹਰ ਦੁੱਖ-ਸੁਖ 'ਚ ਸ਼ਰੀਕ ਹੋਣ ਲਈ ਵਚਨਬੱਧ ਹੁੰਦਾ ਹੈ।

ਭੈਣਾਂ ਹਮੇਸ਼ਾ ਮਹਿਸੂਸ ਕਰਦੀਆਂ ਹਨ ਕਿ ਜੇ ਮਾਪਿਆਂ ਤੋਂ ਬਾਅਦ ਪੇਕੇ ਘਰ ਸਭ ਤੋਂ ਵੱਧ ਮਾਣ ਇੱਜ਼ਤ ਕਰਨ ਵਾਲਾ, ਮਾਣ ਰੱਖਣ ਵਾਲਾ ਹੈ ਤਾਂ ਉਹ ਭਾਈ ਹੀ ਹੈ ਸਕੇ ਵੀਰ ਹੋਣ ਜੇ ਰੱਬਾ, ਹੁੰਦੇ ਸਾਰੀ ਉਮਰ ਦੇ ਮਾਪੇ ਭੈਣਾਂ ਆਪਣੇ ਸਹੁਰੇ ਘਰ ਜਿੰਨੀਆਂ । ਮਰਜ਼ੀ ਰੱਜੀਆਂ-ਪੁੱਜੀਆਂ ਹੋਣ ਪਰ ਭਰਾਵਾਂ ਵਲੋਂ ਕੁਝ ਨਾ ਕੁਝ ਮਿਲਣ ਦੀ ਆਸ ਜ਼ਰੂਰ ਰੱਖਦੀਆਂ ਨੇ। ਇਹ ਵੀ ਇਕ ਚਾਅ ਤੇ ਰੀਝ ਦੀ ਗੱਲ ਹੈ, ਮਾਣ ਦੀ ਗੱਲ ਹੈ। ਵਿਆਹੀਆਂ ਕੁੜੀਆਂ ਰੱਖੜੀ ਤੋਂ ਇਕ ਦੋ ਦਿਨ ਪਹਿਲਾਂ ਹੀ ਪੇਕਿਆਂ ਨੂੰ ਜਾਣ ਲਈ ਆਪਣੇ ਪਤੀ ਨਾਲ ਵਿਉਂਤਬੰਦੀ ਕਰ ਲੈਂਦੀਆਂ ਹਨ ਪਰ ਕਈ ਵਾਰ ਘਰੇਲੂ ਹਾਲਾਤ ਨਾਸਾਜ਼ਗਾਰ ਹੋਣ ਕਰ ਕੇ ਕਈ ਕੁੜੀਆਂ ਮਜਬੂਰੀ ਦੇ ਆਲਮ 'ਚ ਡਾਕ ਰਾਹੀਂ ਹੀ ਰੱਖੜੀ ਭੇਜ ਦਿੰਦੀਆਂ ਹਨ। ਕੱਚੀਆਂ ਤੰਦਾਂ ਬੰਧਨ 'ਚ ਵਿਸ਼ਵਾਸ ਰੱਖਦੀਆਂ ਹਨ।

ਰੱਖੜੀ 'ਤੇ ਹੋਣ ਛਪ ਕੇ, ਜਿਨ੍ਹਾਂ ਭੈਣਾਂ ਦਾ ਵੀਰ ਨਾ ਕੋਈ।÷ ਉਹ ਮਹਿਸੂਸ ਕਰਦੀ ਹੈ ਕਿ ਜੋ ਲੜਕੀ ਬਿਨਾਂ ਸਮਾਜ ਨਹੀਂ ਚੱਲ ਸਕਦਾ ਤਾਂ ਲੜਕੇ ਬਗੈਟ ਵੀ ਬਹੁਤ ਕੁਝ ਅਧੂਰਾ ਹੈ-÷ਇਕ ਵੀਰ ਦੇਈਂ ਵੇ ਰੱਬਾ, ਸੌਂਹ ਖਾਣ ਨੂੰ ਬੜਾ ਹੀ ਚਿੱਤ ਕਰਦਾ, ਭੈਣਾਂ ਭਾਵੇਂ ਲੱਖ ਜਿਉਂਦੀਆਂ, ਭਾਈਆਂ ਬਾਝ ਨਾ ਘਰਾਂ ਵਿਚ ਸਰਦਾ।

ਫੁੱਟ ਕੇ ਨਾ ਬਹਿ ਜਾਈਂ ਵੀਰਨਾ, ਭੈਣਾਂ ਵਰਗਾ ਸਾਕ ਨਾ ਕੋਈ÷। ਇਸ ਲਈ ਰਿਸ਼ਤਿਆਂ 'ਚ ਅੰਤਰਮੁਖੀ ਨਾ ਹੋ ਕੇ ਪਾਰਦ੍ਰਿਸ਼ਟੀ ਲਿਆਉਣ ਦੀ ਲੋੜ ਹੈ।

ਰੱਖੜੀ ਦਾ ਦਿਨ ਮੋਹ-ਮਮਤਾ ਦੀਆਂ ਤੰਦਾਂ ਨੂੰ ਹੋਰ ਵੀ ਮਜਬੂਤ ਕਰਦਾ ਹੈ ਪਰ ਮਰਦ ਪ੍ਰਧਾਨ ਸਮਾਜ 'ਚ ਮਾਦਾ ਭਰੂਣ ਹੱਤਿਆ ਵਰਗੇ ਘਿਨੌਣੇ ਜੁਰਮ ਹੋ ਰਹੇ ਹਨ (ਦੁਨੀਆ ਦੇ ਮੇਲੇ ਅਤੇ ਤਿਉਹਾਰ ਚੱਲਦੇ ਰੱਖਣ ਲਈ ਸੰਸਾਰ ਦੀ ਸਮੁੱਚੀ ਮਨੁੱਖੀ ਜਾਤ ਨੂੰ ਸੋਚਣ ਤੇ ਸਮਝਣ ਦੀ ਲੋੜ ਹੈ।

ਨਾਰੀ ਵਰਗ ਤੋਂ ਬਗੈਰ ਸੰਸਾਰ ਚੱਲ ਹੀ ਨਹੀਂ ਸਕਦਾ। ਕੁੜੀਆਂ ਬਿਨਾਂ ਵਿਹੜਿਆਂ 'ਚ ਰੌਣਕਾਂ ਸ਼ਹਿਰ ਬਾਜ਼ਾਰਾਂ, ਗਲੀਆਂ 'ਚੋਂ ਗਹਿਮਾ-ਗਹਿਮੀ ਅਤੇ ਸੰਸਾਰ 'ਚੋਂ ਮੇਲੇ-ਮੁਸਾਬੇ ਖਤਮ ਹੋ ਜਾਣਗੇ। ਜੋ ਕੱਚੀਆਂ ਤੰਦਾਂ ਦੇ ਪੱਕੇ ਬੰਧਨ ਚਾਹੁੰਦੇ ਹੋ ਤਾਂ ਇਸ ਨੂੰ ਗਹਿਰ-ਗੰਭੀਰਤਾ ਨਾਲ ਵਿਚਾਰਨ ਦੀ ਲੋੜ ਹੈ ਕਿ ਅਜੋਕੇ ਸਮੇਂ 'ਚ ਧੀਆਂ ਵੀ ਪੁੱਤਾਂ ਵਰਗਾ ਮੁਕਾਮ ਹਾਸਲ ਕਰ ਰਹੀਆਂ ਹਨ, ਇਸ ਲਈ - ÷ਪੁੱਤਰਾਂ ਨੂੰ ਜੀਣ ਜੋਗੇ ਕਹਿਣ ਵਾਲਿਓ, ਕਦੇ ਧੀਆਂ ਨੂੰ ਵੀ ਕਿਹਾ ਕਰੋ ਜੀਣ ਜੋਗ ਜੋਗੀਆ



# ਪੋਲੀਟਿਕਸ



## ਪ੍ਰਭਾਰੀ ਸਕੱਤਰ ਕਮ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਆਈ.ਏ.ਐਸ. ਵੱਲੋਂ ਪੀ.ਐੱਮ. ਸ੍ਰੀ ਸਕੂਲਾਂ ਦੀਆਂ ਵਿਦਿਅਕ ਤੇ ਪ੍ਰਸ਼ਾਸਨਿਕ ਗਤੀਵਿਧੀਆਂ ਦਾ ਜਾਇਜ਼ਾ



**ਮਲੇਰਕੋਟਲਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਭਾਰੀ ਸਕੱਤਰ ਕਮ ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਰਾਹੁਲ ਭੰਡਾਰੀ ਆਈ.ਏ.ਐਸ. ਵੱਲੋਂ ਅੱਜ ਜ਼ਿਲ੍ਹਾ ਮਾਲੇਰਕੋਟਲਾ ਦੇ ਪੀ.ਐੱਮ. ਸ੍ਰੀ ਸਕੂਲਾਂ ਦੀਆਂ ਵਿਦਿਅਕ ਅਤੇ ਪ੍ਰਸ਼ਾਸਨਿਕ ਗਤੀਵਿਧੀਆਂ, ਬੁਨਿਆਦੀ ਢਾਂਚੇ ਅਤੇ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦੀ ਸਮੀਖਿਆ ਕੀਤੀ ਗਈ। ਇਸ ਸਬੰਧੀ ਉਨ੍ਹਾਂ ਵੱਲੋਂ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਪੀ.ਐੱਮ. ਸ੍ਰੀ ਸਕੂਲਾਂ ਦੇ ਸਕੂਲ ਮੁਖੀਆਂ ਅਤੇ ਸਿੱਖਿਆ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ, ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਤਰਵਿੰਦਰ ਕੌਰ ਅਤੇ ਹੋਰ ਸਬੰਧਤ ਅਧਿਕਾਰੀ ਮੌਜੂਦ ਸਨ।

ਰਾਹੁਲ ਭੰਡਾਰੀ ਨੇ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਉਪਲਬਧ ਵੱਖ-ਵੱਖ ਸਿੱਖਿਅਕ ਅਤੇ ਸਹਾਇਕ ਸਹੂਲਤਾਂ ਬਾਰੇ ਸਕੂਲ ਮੁਖੀਆਂ ਤੋਂ ਜਾਣਕਾਰੀ ਪ੍ਰਾਪਤ ਕੀਤੀ। ਇਸ ਦੌਰਾਨ ਕੈਰੀਅਰ ਗਾਈਡੈਂਸ, ਮਿਡ-ਡੇ ਮੀਲ, ਲਾਇਬ੍ਰੇਰੀ, ਵਿਗਿਆਨ ਅਤੇ ਕੰਪਿਊਟਰ ਲੈਬਾਂ, ਸਕਿੱਲ ਡਿਵੈਲਪਮੈਂਟ ਲੈਬਾਂ,ਬੁਨਿਆਦੀ ਢਾਂਚੇ ਅਤੇ ਹੋਰ ਵਿਦਿਅਕ ਗਤੀਵਿਧੀਆਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਏ ਜਾ ਰਹੇ ਸਿੱਖਿਆਕ ਮਾਹੌਲ ਅਤੇ ਸਹੂਲਤਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਲਈ। ਪ੍ਰਭਾਰੀ ਸਕੱਤਰ ਨੇ ਸਿੱਖਿਆ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੀ.ਐੱਮ.ਸ੍ਰੀ ਸਕੂਲਾਂ ਵਿੱਚ ਜਿੱਥੇ ਵੀ ਕਿਸੇ ਸਹੂਲਤ, ਸਾਜ਼ੋ-ਸਾਮਾਨ ਜਾਂ ਬੁਨਿਆਦੀ ਢਾਂਚੇ ਦੀ ਲੋੜ ਹੈ, ਉਸ ਸਬੰਧੀ ਤੱਥਾਂ ਅਤੇ ਲੋੜੀਂਦੇ ਵੇਰਵਿਆਂ ਸਮੇਤ ਪ੍ਰਸਤਾਵ ਤਿਆਰ ਕਰਕੇ ਤੁਰੰਤ ਮੁੱਖ ਦਫ਼ਤਰ ਨੂੰ ਭੇਜੇ ਜਾਣ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਧੁਨਿਕ, ਗੁਣਵੱਤਾ ਭਰਪੂਰ ਅਤੇ ਹੁਨਰਮੁਖੀ ਸਿੱਖਿਆ ਪ੍ਰਦਾਨ ਕਰਨ ਲਈ ਸਕੂਲਾਂ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਪੀ.ਐੱਮ. ਸ੍ਰੀ ਸਕੂਲਾਂ ਦਾ ਉਦੇਸ਼ ਵਿਦਿਆਰਥੀਆਂ ਨੂੰ ਬਿਹਤਰ ਵਿਦਿਅਕ ਮਾਹੌਲ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਵਿਗਿਆਨਕ ਸੋਚ, ਰਚਨਾਤਮਕਤਾ, ਹੁਨਰ, ਆਤਮ-ਵਿਸ਼ਵਾਸ ਅਤੇ ਸਮੱਸਿਆਵਾਂ ਨੂੰ ਸਮਝਣ ਦੀ ਸਮਰੱਥਾ ਦਾ ਵਿਕਾਸ ਕਰਨਾ ਹੈ। ਉਨ੍ਹਾਂ ਸਕੂਲ ਮੁਖੀਆਂ ਨੂੰ ਕਿਹਾ ਕਿ ਵਿਦਿਆਰਥੀ-ਕੇਂਦਰਿਤ ਗਤੀਵਿਧੀਆਂ ਨੂੰ ਹੋਰ ਉਤਸ਼ਾਹਿਤ ਕੀਤਾ ਜਾਵੇ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਵਿਦਿਆਰਥੀਆਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇ।

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਪੀ.ਐੱਮ. ਸ੍ਰੀ ਸਕੂਲਾਂ ਦੀਆਂ ਲੋੜਾਂ ਦੀ ਨਿਰੰਤਰ ਸਮੀਖਿਆ ਕਰਕੇ ਸਮੇਂ ਸਿਰ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

## ਜ਼ਿਲ੍ਹਾ ਪੱਧਰੀ ਬੈਡਮਿੰਟਨ ਮੁਕਾਬਲਿਆਂ ਵਿੱਚ ਧੂਰੀ ਦੇ ਖਿਡਾਰੀਆਂ ਨੇ ਗੱਡੇ ਝੰਡੇ; ਮਨਸੀਰਤ ਕੌਰ ਨੇ ਵੱਖ-ਵੱਖ ਵਰਗਾਂ ਵਿੱਚ 2 ਸੋਨੇ, 3 ਚਾਂਦੀ ਅਤੇ 2 ਕਾਂਸੀ ਦੇ ਤਗਮੇ ਜਿੱਤੇ

**ਸੰਗਰੂਰ, 27 ਅਗਸਤ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਥਾਨਕ ਪੁਲਿਸ ਲਾਈਨਜ਼ ਸੰਗਰੂਰ ਵਿਖੇ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਸੰਗਰੂਰ ਵੱਲੋਂ ਤਿੰਨ ਰੋਜ਼ਾ ਓਪਨ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਅੰਡਰ-11, ਅੰਡਰ-13, ਅੰਡਰ-15, ਅੰਡਰ-17, ਅੰਡਰ-19 ਅਤੇ ਸੀਨੀਅਰ ਵਰਗ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਧੂਰੀ ਸ਼ਹਿਰ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ।




ਬੈਡਮਿੰਟਨ ਮੁਕਾਬਲਿਆਂ ਵਿੱਚ ਧੂਰੀ ਦੀ ਖਿਡਾਰਨ ਮਨਸੀਰਤ ਕੌਰ, ਪੁੱਤਰੀ ਰੁਪਿੰਦਰ ਸਿੰਘ, ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਅੰਡਰ-13 ਲੜਕੀਆਂ ਦੇ ਸਿੰਗਲ ਮੁਕਾਬਲੇ ਵਿੱਚ ਚਾਂਦੀ ਅਤੇ ਡਬਲ ਮੁਕਾਬਲੇ ਵਿੱਚ ਸੋਨੇ ਦਾ ਤਗਮਾ ਹਾਸਲ ਕੀਤਾ। ਇਸ ਤੋਂ ਇਲਾਵਾ ਅੰਡਰ-15 ਵਰਗ ਦੇ ਸਿੰਗਲ ਕਾਂਸੀ ਦਾ, ਡਬਲ ਚਾਂਦੀ ਦਾ ਅਤੇ ਮਿਕਸਡ ਡਬਲ ਚਾਂਦੀ ਦਦੇ ਤਗਮੇ, ਅੰਡਰ-17 ਮਿਕਸਡ ਡਬਲ ਵਿੱਚ ਸੋਨੇ ਦਾ ਤਗਮਾ ਅਤੇ ਸੀਨੀਅਰ ਵਰਗ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਇਸ ਤਰ੍ਹਾਂ ਮਨਸੀਰਤ ਕੌਰ ਨੇ ਵੱਖ-ਵੱਖ ਵਰਗਾਂ ਵਿੱਚ ਕੁੱਲ 7 ਤਗਮੇ ਜਿੱਤ ਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਇਸੇ ਤਰ੍ਹਾਂ ਅੰਡਰ-17 ਲੜਕਿਆਂ ਦੇ ਮੁਕਾਬਲਿਆਂ ਵਿੱਚ ਧੂਰੀ ਦੇ ਓਪਰਾਜ ਜੁਝਾਰ ਸਿੰਘ ਪੁੱਤਰ ਰੁਪਿੰਦਰ ਸਿੰਘ, ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਿੰਗਲ ਅਤੇ ਡਬਲ ਮੁਕਾਬਲਿਆਂ ਵਿੱਚ ਕਾਂਸੀ ਦੇ ਤਗਮੇ ਹਾਸਲ ਕੀਤੇ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਵੈਟਰਨ ਖਿਡਾਰੀ ਅਤੇ ਬੈਡਮਿੰਟਨ ਕੋਚ ਮੈਡਮ ਸਕੋਰਾ ਬੇਗਮ ਨੇ ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ। ਮੈਡਮ ਸਕੋਰਾ ਬੇਗਮ ਬੈਡਮਿੰਟਨ ਦੀ ਨੈਸ਼ਨਲ ਪੱਧਰ ਦੀ ਖਿਡਾਰਨ ਰਹਿ ਚੁੱਕੇ ਹਨ ਅਤੇ ਲਗਭਗ 62-63 ਸਾਲ ਦੀ ਉਮਰ ਵਿੱਚ ਵੀ ਬੈਡਮਿੰਟਨ ਖੇਡ ਨੂੰ ਸਮਰਪਿਤ ਹਨ। ਉਹ ਮਲੇਰਕੋਟਲਾ ਸਥਿਤ ਸੀਤਾ ਗਰਾਮਰ ਸਕੂਲ ਅਤੇ ਮਲੇਰਕੋਟਲਾ ਕਲੱਬ ਵਿਖੇ ਬੱਚਿਆਂ ਨੂੰ ਮੁਫ਼ਤ ਬੈਡਮਿੰਟਨ ਕੋਚਿੰਗ ਦੇ ਕੇ ਨੌਜਵਾਨ ਖਿਡਾਰੀਆਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਖਿਡਾਰੀਆਂ ਨੂੰ ਮਿਹਨਤ, ਅਨੁਸ਼ਾਸਨ ਅਤੇ ਲਗਨ ਨਾਲ ਆਪਣੀ ਖੇਡ ਜਾਰੀ ਰੱਖਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਖਿਡਾਰੀਆਂ ਨੂੰ ਸਹੀ ਮਾਰਗਦਰਸ਼ਨ ਅਤੇ ਲਗਾਤਾਰ ਅਭਿਆਸ ਨਾਲ ਸੂਬਾ ਅਤੇ ਕੌਮੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਦੇ ਮੌਕੇ ਮਿਲ ਸਕਦੇ ਹਨ।

ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਉਪ ਕਪਤਾਨ ਪੁਲਿਸ, ਸੰਗਰੂਰ ਕਰਨੈਲ ਸਿੰਘ, ਬੈਡਮਿੰਟਨ ਕੋਚ ਮੈਡਮ ਸਕੋਰਾ ਬੇਗਮ ਅਤੇ ਕੋਚ ਪਰਮਿੰਦਰ ਸਿੰਘ ਵਿੱਕੀ ਵੱਲੋਂ ਹੋਣਹਾਰ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਸੂਬਾ ਅਤੇ ਕੌਮੀ ਪੱਧਰ 'ਤੇ ਹੋਰ ਵੱਡੀਆਂ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ਗਿਆ।

## ਸਕੇਟਿੰਗ ਮੁਕਾਬਲਿਆਂ ਵਿੱਚ ਏਂਜਲਸ ਵਰਲਡ ਸਕੂਲ, ਮੋਰਿੰਡਾ ਦੇ ਵਿਦਿਆਰਥੀਆਂ ਨੇ ਰੂਪਨਗਰ ਜਿਲ੍ਹੇ ਵਿੱਚੋ 21 ਤਗਮੇ ਜਿੱਤ ਕੇ ਬਣੇ ਜਿਲ੍ਹਾ ਚੈਪੀਅਨ

**ਮੋਰਿੰਡਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਏਂਜਲਸ ਵਰਲਡ ਸਕੂਲ, ਮੋਰਿੰਡਾ ਦੇ ਹੋਣਹਾਰ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਖੇਡ-ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ 70ਵੀਆਂ ਪੰਜਾਬ ਰਾਜ ਜੋਨਲ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ, ਰੂਪਨਗਰ-2026-27 ਅਧੀਨ ਕਰਵਾਏ ਗਏ ਸਕੇਟਿੰਗ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਿੱਖਿਆ ਵਿਭਾਗ ਪੰਜਾਬ ਵੱਲੋਂ ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ,



ਰੂਪਨਗਰ ਵਿਖੇ 25 ਅਤੇ 27 ਅਗਸਤ 2026 ਨੂੰ ਕਰਵਾਏ ਗਏ ਇਨ੍ਹਾਂ ਦੋ ਰੋਜ਼ਾ ਮੁਕਾਬਲਿਆਂ ਵਿੱਚ ਏਂਜਲਸ ਵਰਲਡ ਸਕੂਲ ਦੇ ਸਕੇਟਰਾਂ ਨੇ ਜ਼ਿਲ੍ਹਾ ਪੱਧਰ 'ਤੇ ਜੇਤੂ ਬਣ ਕੇ ਸਕੂਲ, ਮਾਪਿਆਂ ਅਤੇ ਸਮੁੱਚੇ ਏਂਜਲਸ ਵਰਲਡ ਸਕੂਲ ਪਰਿਵਾਰ ਦਾ ਨਾਮ ਰੌਸ਼ਨ ਕੀਤਾ।

ਵੱਖ-ਵੱਖ ਸਕੇਟਿੰਗ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੇਮਿਸਾਲ ਖੇਡ-ਕੌਸ਼ਲ, ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਦਾ ਪ੍ਰਦਰਸ਼ਨ ਕਰਦਿਆਂ ਕੁੱਲ 21 ਸੋਨੇ, ਚਾਂਦੀ ਅਤੇ ਕਾਂਸੀ ਦੇ ਤਗਮੇ ਆਪਣੇ ਨਾਮ ਕੀਤੇ। ਇਹ ਉਪਲਬਧੀ ਵਿਦਿਆਰਥੀਆਂ ਦੀ ਲਗਨ, ਨਿਰੰਤਰ ਅਭਿਆਸ, ਸਖ਼ਤ ਮਿਹਨਤ ਅਤੇ ਖੇਡ ਪ੍ਰਤੀ ਸਮਰਪਣ ਦਾ ਪ੍ਰਤੱਖ ਪ੍ਰਮਾਣ ਹੈ। ਮੁਕਾਬਲਿਆਂ ਵਿੱਚ ਹਰਸਿਮਰਤ ਨੇ ਦੋ ਸੋਨੇ ਦੇ ਤਗਮੇ, ਸ਼੍ਰੀਮਏ ਨੇ ਇੱਕ ਸੋਨੇ ਅਤੇ ਦੋ ਚਾਂਦੀ ਦੇ ਤਗਮੇ, ਗੁਰਸੇਵਕ ਸਿੰਘ ਨੇ ਇੱਕ ਚਾਂਦੀ ਅਤੇ ਦੋ ਕਾਂਸੀ ਦੇ ਤਗਮੇ, ਗੁਰਫਤਿਹ ਨੇ ਇੱਕ ਕਾਂਸੀ ਦਾ ਤਗਮਾ, ਹਰਜੋਬਨ ਅਤੇ ਸਾਵੀ ਨੇ ਇੱਕ-ਇੱਕ ਕਾਂਸੀ ਦਾ ਤਗਮਾ, ਗੁਰਮਤ ਨੇ ਇੱਕ ਚਾਂਦੀ ਅਤੇ ਇੱਕ ਕਾਂਸੀ ਦਾ ਤਗਮਾ, ਕੀਰਤ ਕੌਰ ਅਤੇ ਕ੍ਰਿਤਨਿਰਮਲ ਕੌਰ ਨੇ ਇੱਕ-ਇੱਕ ਕਾਂਸੀ ਦਾ ਤਗਮਾ, ਮਨਮੀਤ ਸਿੰਘ ਨੇ ਇੱਕ ਚਾਂਦੀ ਦਾ ਤਗਮਾ, ਦਿਵਾਂਸ਼ ਨੇ ਇੱਕ ਕਾਂਸੀ ਦਾ ਤਗਮਾ ਅਤੇ ਇਸ਼ਮੀਤ ਨੇ ਤਿੰਨ ਚਾਂਦੀ ਦੇ ਤਗਮੇ ਜਿੱਤ ਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਦੇ ਡਾਇਰੈਕਟਰ ਸ੍ਰੀ ਯੂ.ਐਸ. ਢਿੱਲੋਂ ਅਤੇ ਪ੍ਰਿੰਸੀਪਲ ਸ੍ਰੀਮਤੀ ਦੀਪਿਕਾ ਸ਼ਰਮਾ ਨੇ ਸਾਰੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸਤਵੰਤ ਸਿੰਘ ਸੋਮਲ ਨੂੰ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਦਾ ਸਾਧਨ ਹੀ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ-ਭਾਵਨਾ, ਸਹਿਯੋਗ ਅਤੇ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰਨ ਦੀ ਸਮਰੱਥਾ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਏਂਜਲਸ ਵਰਲਡ ਸਕੂਲ ਵਿਦਿਆਰਥੀਆਂ ਦੀਆਂ ਖੇਡਾਂ, ਸਿੱਖਿਆ ਅਤੇ ਹੋਰ ਸਿਰਜਣਾਤਮਕ ਖੇਤਰਾਂ ਵਿੱਚ ਛੁਪੀ ਪ੍ਰਤਿਭਾ ਨੂੰ ਨਿਖਾਰਨ ਲਈ ਹਮੇਸ਼ਾਂ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਹਰ ਸੰਭਵ ਮੌਕਾ ਪ੍ਰਦਾਨ ਕੀਤਾ ਜਾਂਦਾ ਰਹੇਗਾ। ਸਮੁੱਚੇ ਏਂਜਲਸ ਵਰਲਡ ਸਕੂਲ ਪਰਿਵਾਰ ਨੇ ਜ਼ਿਲ੍ਹਾ ਪੱਧਰੀ ਸਕੇਟਿੰਗ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤ ਦਰਜ ਕਰਨ ਵਾਲੇ ਸਾਰੇ ਵਿਦਿਆਰਥੀਆਂ ਦੀ ਇਸ ਮਾਣਮੱਤੀ ਪ੍ਰਾਪਤੀ 'ਤੇ ਖੁਸ਼ੀ ਅਤੇ ਮਾਣ ਦਾ ਪ੍ਰਗਟਾਵਾ ਕੀਤਾ। ਸਕੂਲ ਪਰਿਵਾਰ ਨੇ ਹੋਣਹਾਰ ਸਕੇਟਰਾਂ ਨੂੰ ਭਵਿੱਖ ਵਿੱਚ ਵੀ ਇਸੇ ਜਜ਼ਬੇ, ਮਿਹਨਤ ਅਤੇ ਲਗਨ ਨਾਲ ਅੱਗੇ ਵਧਦਿਆਂ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਏਂਜਲਸ ਵਰਲਡ ਸਕੂਲ ਦੇ ਵਿਦਿਆਰਥੀ ਸਕੇਟਰ ਸਾਬਤ ਕਰ ਰਹੇ ਹਨ ਕਿ ਜਦੋਂ ਪ੍ਰਤਿਭਾ ਨੂੰ ਮਿਹਨਤ, ਅਨੁਸ਼ਾਸਨ ਅਤੇ ਸਹੀ ਮਾਰਗਦਰਸ਼ਨ ਦੀ ਦਿਸ਼ਾ ਮਿਲਦੀ ਹੈ ਤਾਂ ਜਿੱਤ ਦੀਆਂ ਮੰਜ਼ਿਲਾਂ ਆਪਣੇ ਆਪ ਨੇੜੇ ਆਉਣ ਲੱਗਦੀਆਂ ਹਨ।

# ਪੰਜਾਬ ਨੂੰ ਲੁੱਟਣ ਲਈ ਭਾਜਪਾ ਨਾਲ ਨਾਪਾਕ ਗਠਜੋੜ ਕਰਨ ਵਾਸਤੇ ਅਕਾਲੀ ਲੀਡਰਸ਼ਿਪ ਪੱਬਾਂ ਭਾਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➤ ਭਾਜਪਾ-ਅਕਾਲੀ ਸਰਕਾਰ ਨੇ ਹੀ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ; ਲੋਕ ਉਨ੍ਹਾਂ ਨੂੰ ਕਦੇ ਮਾਫ਼ ਨਹੀਂ ਕਰਨਗੇ

➤ ਅਕਾਲੀ ਆਪਣਾ ਮਾਨਸਿਕ ਸੰਤੁਲਨ ਗੁਆ ਚੁੱਕੇ ਹਨ, ਹੁਣ ਸੁਖਬੀਰ ਬਾਦਲ 'ਤੇ ਹੋਏ ਹਮਲੇ ਨੂੰ ਧਰਮ ਨਾਲ ਜੋੜ ਰਹੇ ਹਨ

**ਚਵਿੰਡਾ ਦੇਵੀ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੋਮਣੀ ਅਕਾਲੀ ਦਲ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਸ ਦੀ ਲੀਡਰਸ਼ਿਪ ਸੱਤਾ ਵਿੱਚ ਵਾਪਸੀ ਕਰਨ ਅਤੇ ਪੰਜਾਬ ਨੂੰ ਫਿਰ ਤੋਂ ਲੁੱਟਣ ਦੀ ਕੋਸ਼ਿਸ਼ ਵਿੱਚ ਭਾਜਪਾ ਨਾਲ ਗਠਜੋੜ ਕਰਨ ਲਈ ਪੱਬਾਂ ਭਾਰ ਹੋਈ ਪਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੂਬੇ ਦੇ ਲੋਕ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਅਤੇ ਬਰਬਾਦ ਕਰਨ ਲਈ ਭਾਜਪਾ-ਅਕਾਲੀ ਗਠਜੋੜ ਨੂੰ ਕਦੇ ਮਾਫ਼ ਨਹੀਂ ਕਰਨਗੇ। ਅੰਮ੍ਰਿਤਸਰ ਦੇ ਚਵਿੰਡਾ ਦੇਵੀ ਵਿਖੇ ਵਿਸ਼ਾਲ 'ਲੋਕ ਮਿਲਣੀ' ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਜੀਠਾ ਦੇ ਲੋਕ ਹੁਣ ਨਵਾਂ ਸਿਆਸੀ ਅਧਿਆਏ ਲਿਖਣ ਲਈ ਤਿਆਰ ਹਨ। ਉਨ੍ਹਾਂ ਪਿਛਲੀਆਂ ਸਰਕਾਰਾਂ ਦੀ ਪਰਚੇ, ਗੁੰਡਾਗਰਦੀ ਅਤੇ ਡਰ ਦੀ ਰਾਜਨੀਤੀ ਦਾ ਮੁਕਾਬਲਾ ਆਪਣੀ ਸਰਕਾਰ ਵੱਲੋਂ ਨੌਕਰੀਆਂ, ਸਕੂਲ, ਹਸਪਤਾਲ, ਸੜਕਾਂ ਅਤੇ ਵਿਕਾਸ ਦੇ ਬਣਾਏ ਰਿਕਾਰਡ ਨਾਲ ਕੀਤਾ।

ਮੁੱਖ ਮੰਤਰੀ ਨੇ ਬੇਅਦਬੀ ਦੇ ਮੁੱਦੇ ਅਤੇ ਸੁਖਬੀਰ ਬਾਦਲ 'ਤੇ ਹੋਏ ਹਮਲੇ ਬਾਰੇ ਅਕਾਲੀਆਂ ਦੇ ਰਵੱਈਏ 'ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਦੱਸਿਆ ਕਿ ਸਾਡੀ ਸਰਕਾਰ ਨੇ ਨਾ ਕੋਈ ਕੈਸ਼, ਨਾ ਕੋਈ ਫ਼ਰਮਾਇਸ਼ ਦੇ ਸਿਧਾਂਤ ਨਾਲ ਸਿਰਫ਼ ਯੋਗਤਾ ਦੇ ਆਧਾਰ 'ਤੇ 70 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਸਰਕਾਰੀ ਸਕੂਲਾਂ ਵਿੱਚ ਇੰਨਾ ਸੁਧਾਰ ਕੀਤਾ ਹੈ ਕਿ ਵਿਦਿਆਰਥੀ ਹੁਣ ਜੇ.ਈ.ਈ. ਅਤੇ ਨੀਟ ਦੀਆਂ ਪ੍ਰੀਖਿਆਵਾਂ ਪਾਸ ਕਰ ਰਹੇ ਹਨ।

ਇਕੱਠ ਦੀਆਂ ਕੁੱਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, ਅੱਜ ਚਵਿੰਡਾ ਦੇਵੀ ਦੀ ਪਵਿੱਤਰ ਧਰਤੀ 'ਤੇ ਲੋਕਾਂ ਦਾ ਭਾਰੀ ਇਕੱਠ ਇਸ ਗੱਲ ਦਾ ਸਬੂਤ ਹੈ ਕਿ ਮਜੀਠਾ ਹਲਕੇ ਦੇ ਲੋਕ ਹੁਣ ਨਵਾਂ ਅਧਿਆਏ ਲਿਖਣ ਲਈ ਪੂਰੀ ਤਰ੍ਹਾਂ ਤਿਆਰ ਹਨ। ਪਿਛਲੀਆਂ ਸਰਕਾਰਾਂ ਨੇ ਇਸ ਇਲਾਕੇ ਨੂੰ ਝੂਠੇ ਕੇਸਾਂ, ਗੁੰਡਾਗਰਦੀ ਅਤੇ ਡਰ ਦੀ ਰਾਜਨੀਤੀ ਤੋਂ ਇਲਾਵਾ ਕੁਝ ਨਹੀਂ ਦਿੱਤਾ, ਜਦੋਂ ਕਿ ਅਸੀਂ ਪੂਰੇ ਪੰਜਾਬ ਵਿੱਚ ਬਿਹਤਰ ਸਕੂਲਾਂ, ਹਸਪਤਾਲਾਂ, ਨੌਕਰੀਆਂ ਦੇ ਨਾਲ-ਨਾਲ ਵਿਕਾਸ ਦੀਆਂ ਆਪਣੀਆਂ ਗਰੰਟੀਆਂ ਪੂਰੀਆਂ ਕਰ ਰਹੇ ਹਾਂ। ਇਸ ਬੇਮਿਸਾਲ ਪਿਆਰ ਅਤੇ ਅਟੁੱਟ ਸਮਰਥਨ ਲਈ ਮਜੀਠਾ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿਸ ਅਕਾਲੀ ਲੀਡਰਸ਼ਿਪ ਨੇ ਸੂਬੇ ਭਰ ਵਿੱਚ ਬੇਅਦਬੀਆਂ ਕਰਵਾਈਆਂ, ਦੋਸ਼ੀਆਂ ਨਾਲ ਸਬੰਧਤ ਸਬੂਤ ਨਸ਼ਟ ਕੀਤੇ, ਨਿਰਦੋਸ਼ ਲੋਕਾਂ 'ਤੇ ਗੋਲੀਬਾਰੀ ਦੇ ਹੁਕਮ ਦਿੱਤੇ ਅਤੇ ਹੋਰ ਕਈ ਪਾਪ ਕੀਤੇ, ਉਹ ਹੁਣ ਪੰਜਾਬ ਦੀ ਸੱਤਾ ਵਿੱਚ ਵਾਪਸ ਆਉਣ ਲਈ ਕਾਹਲੀ ਹੋਈ ਪਈ ਹੈ। ਉਨ੍ਹਾਂ ਕਿਹਾ, ਇਸ ਮਕਸਦ ਲਈ ਉਹ ਸੂਬੇ ਨੂੰ ਲੁੱਟਣ ਵਾਸਤੇ ਭਾਜਪਾ ਲੀਡਰਸ਼ਿਪ ਨਾਲ ਹੱਥ ਮਿਲਾਉਣ ਲਈ ਤਰਲੇ ਮਾਰ ਰਹੇ ਹਨ, ਪਰ ਪੰਜਾਬ ਦੇ ਸੂਝਵਾਨ ਲੋਕ ਉਨ੍ਹਾਂ ਨੂੰ ਇੱਕ ਵਾਰ ਫਿਰ ਬਾਹਰ ਦਾ ਰਸਤਾ ਦਿਖਾਉਣਗੇ। ਪੰਜਾਬੀ ਅਕਾਲੀਆਂ ਅਤੇ ਭਾਜਪਾ ਨੂੰ ਸੂਬੇ ਅਤੇ ਇਸ ਦੇ ਲੋਕਾਂ ਵਿਰੁੱਧ ਕੀਤੇ ਪਾਪਾਂ ਕਰਕੇ ਸਿਆਸੀ ਗੁਮਨਾਮੀ ਵਿੱਚ ਭੇਜ ਦੇਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਲੋਕ ਮਿਲਣੀ ਵਿੱਚ ਲੋਕਾਂ ਦੀ ਭਾਰੀ ਸ਼ਮੂਲੀਅਤ ਦਰਸਾਉਂਦੀ ਹੈ ਕਿ ਉਹ 2027 ਵਿੱਚ ਇੱਕ ਨਵੀਂ ਕਹਾਣੀ ਲਿਖਣ ਲਈ ਪੂਰੀ ਤਰ੍ਹਾਂ ਤਿਆਰ ਹਨ। ਉਨ੍ਹਾਂ ਕਿਹਾ, ਪਹਿਲਾਂ ਪੰਜਾਬ 'ਤੇ ਸਿਰਫ਼ ਇੱਕ ਪਰਿਵਾਰ ਦਾ ਰਾਜ ਸੀ, ਜਿਨ੍ਹਾਂ ਲੋਕਾਂ ਨੂੰ ਆਪਣੇ ਗ਼ੁਲਾਮ ਬਣਾ ਕੇ ਰੱਖਿਆ, ਉਨ੍ਹਾਂ ਨਾਲ ਜਾਨਵਰਾਂ ਵਾਂਗ ਸਲੂਕ ਕੀਤਾ ਅਤੇ ਅਨੇਕਾਂ ਪਰਿਵਾਰ ਬਰਬਾਦ ਕਰ ਦਿੱਤੇ। ਉਨ੍ਹਾਂ ਕਿਹਾ ਕਿ 2022 ਵਿੱਚ ਅਹੁਦਾ ਸੰਭਾਲਣ ਤੋਂ ਬਾਅਦ ਸਾਡੀ ਸਰਕਾਰ ਨੇ ਪੰਜਾਬ ਦੇ ਸਰਵਪੱਖੀ ਵਿਕਾਸ 'ਤੇ ਧਿਆਨ ਕੇਂਦਰਿਤ ਕੀਤਾ ਅਤੇ ਬਿਜਲੀ, ਖੇਡਾਂ, ਸਿੱਖਿਆ, ਸਿਹਤ ਅਤੇ ਹੋਰ ਪ੍ਰਮੁੱਖ ਖੇਤਰਾਂ ਵਿੱਚ ਮਹੱਤਵਪੂਰਨ ਸੁਧਾਰ ਕੀਤੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਢੇ ਚਾਰ ਸਾਲ ਦੇ ਕਾਰਜਕਾਲ ਤੋਂ ਬਾਅਦ ਉਹ ਲੋਕਾਂ



ਨਾਲ ਕੀਤੇ ਹਰ ਇੱਕ ਵਾਅਦੇ ਅਤੇ ਹਰ ਗਾਰੰਟੀ ਨੂੰ ਪੂਰਾ ਕਰਕੇ ਅੱਜ ਲੋਕਾਂ ਦੇ ਸਾਹਮਣੇ ਖੜ੍ਹੇ ਹਨ। ਉਨ੍ਹਾਂ ਅੱਗੇ ਕਿਹਾ, ਮੈਂ ਲੋਕਾਂ ਨੂੰ ਚੇਤੇ ਕਰਵਾਉਂਦਾ ਹਾਂ ਕਿ ਪਹਿਲਾਂ ਮਾਝੇ ਦੀ ਇਸ ਪਵਿੱਤਰ ਧਰਤੀ 'ਤੇ ਗੁੰਡਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਦਾ ਬੋਲਬਾਲਾ ਸੀ। ਇੱਕ ਪਾਸੇ ਬਾਜਵੇ ਸਨ ਅਤੇ ਦੂਜੇ ਪਾਸੇ ਵਲਟੋਹਾ ਅਤੇ ਉਸ ਦਾ ਬਦਨਾਮ ਆਕਾ ਸੀ। ਇਨ੍ਹਾਂ ਲੋਕਾਂ ਨੇ ਇਥੇ ਦਹਿਸ਼ਤ ਦਾ ਮਾਹੌਲ ਬਣਾ ਕੇ ਰੱਖਿਆ ਹੋਇਆ ਸੀ ਅਤੇ ਲੋਕ ਡਰ ਤੇ ਸਹਿਮ ਦੇ ਮਾਹੌਲ ਵਿੱਚ ਰਹਿਣ ਲਈ ਮਜਬੂਰ ਸਨ। ਇਨ੍ਹਾਂ ਲੋਕਾਂ ਨੇ ਪੰਜਾਬ ਵਿੱਚ ਨਸ਼ੇ ਲਿਆਂਦੇ ਅਤੇ ਸਾਡੀਆਂ ਪੀੜ੍ਹੀਆਂ ਬਰਬਾਦ ਕਰ ਦਿੱਤੀਆਂ।

ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਕੁਝ ਸਿਆਸੀ ਪਰਿਵਾਰਾਂ ਵੱਲੋਂ ਨਿਭਾਈ ਗਈ ਇਤਿਹਾਸਕ ਭੂਮਿਕਾ ਤੋਂ ਲੋਕ ਭਲੀ-ਭਾਂਤ ਜਾਣੂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਕੋਈ ਜਾਣਦਾ ਹੈ ਕਿ ਇਹ ਕੁਨਬਾ ਅੰਗਰੇਜ਼ਾਂ ਦੀ ਕਠਪੁਤਲੀ ਸੀ ਅਤੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਸਾਜ਼ਿਸ਼ਾਂ ਰਚਣ ਬਦਲੇ ਅੰਗਰੇਜ਼ਾਂ ਨੇ ਇਨ੍ਹਾਂ ਨੂੰ 'ਸਰ' ਦਾ ਖ਼ਿਤਾਬ ਦਿੱਤਾ ਸੀ। 13 ਅਪ੍ਰੈਲ 1919 ਦੇ ਜਲ੍ਹਿਆਂਵਾਲਾ ਬਾਗ਼ ਦੇ ਸਾਕੇ ਤੋਂ ਬਾਅਦ ਇਸੇ ਪਰਿਵਾਰ ਨੇ ਜਨਰਲ ਡਾਇਰ ਲਈ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਸੀ। ਅਜਿਹੇ ਹੀ ਕਈ ਕਾਰਿਆਂ ਨੇ ਇਸ ਕੁਨਬੇ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਕਿਰਦਾਰ ਨੂੰ ਬੇਨਕਾਬ ਕੀਤਾ।

ਉਨ੍ਹਾਂ ਕਿਹਾ ਕਿ ਇਸ ਕੁਨਬੇ ਦੇ ਅਜਿਹੇ ਕੁਕਰਮ ਕਰਕੇ ਅੰਗਰੇਜ਼ੀ ਹਕੂਮਤ ਵਿਰੁੱਧ ਲੜਨ ਵਾਲੇ ਲੱਖਾਂ ਆਜ਼ਾਦੀ ਘੁਲਾਟੀਆਂ ਨਾਲ ਧ੍ਰੋਹ ਕਮਾਇਆ। ਉਨ੍ਹਾਂ ਕਿਹਾ, ਸਿਰਫ਼ ਇੰਨਾ ਹੀ ਨਹੀਂ, ਇਸ ਪਰਿਵਾਰ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਨਰਲ ਡਾਇਰ ਨੂੰ ਸਿਰੋਪਾਓ ਅਤੇ ਮੁਆਫ਼ੀ ਦਿਵਾ ਕੇ ਲੋਕਾਂ ਦੇ ਜ਼ਖ਼ਮਾਂ 'ਤੇ ਲੂਣ ਭੁੱਕਣ ਵਿੱਚ ਕੋਈ ਕਸਰ ਨਹੀਂ ਛੱਡੀ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਇਹ ਪੰਜਾਬ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਸਨ। ਇਨ੍ਹਾਂ ਦੇ ਲੰਬੇ ਕੁਸ਼ਾਸਨ ਦੌਰਾਨ ਨਸ਼ਿਆਂ ਦੇ ਕਾਰੋਬਾਰ ਨੂੰ ਸਰਪ੍ਰਸਤੀ ਮਿਲੀ ਅਤੇ ਇਹ ਵੱਡੇ ਪੱਧਰ 'ਤੇ ਵਧਿਆ-ਫੁੱਲਿਆ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਸਰਕਾਰੀ ਗੱਡੀਆਂ ਵਿੱਚ ਨਸ਼ਿਆਂ ਦੀ ਸਪਲਾਈ ਹੁੰਦੀ ਸੀ, ਜਦਕਿ ਅੱਜ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਜਾ ਰਿਹਾ ਹੈ।

ਕਾਂਗਰਸ ਅਤੇ ਅਕਾਲੀ ਦਲ ਦੋਵਾਂ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਇਨ੍ਹਾਂ ਪਾਰਟੀਆਂ ਨੇ ਮਿਲ ਕੇ ਪੰਜਾਬ ਨੂੰ ਨੁਕਸਾਨ ਪਹੁੰਚਾਇਆ ਹੈ। ਉਨ੍ਹਾਂ ਕਿਹਾ, ਕਾਂਗਰਸ ਅਤੇ ਅਕਾਲੀ ਦਲ ਉਹ ਸਿਉਂਕ ਸਨ ਜਿਨ੍ਹਾਂ ਨੇ ਪੰਜਾਬ ਨੂੰ ਬਰਬਾਦ ਕੀਤਾ ਅਤੇ ਸੂਬੇ ਨੂੰ ਤਰੱਕੀ ਦੇ ਰਾਹ ਤੋਂ ਪਛਾੜ ਦਿੱਤਾ। ਇਨ੍ਹਾਂ ਦੇ ਆਗੂ ਕਦੇ ਇੱਕ ਦੂਜੇ ਵਿਰੁੱਧ ਨਹੀਂ ਬੋਲਦੇ, ਪਰ ਮੇਰੇ ਖ਼ਿਲਾਫ਼ ਰੋਜ਼ ਜ਼ਹਿਰ ਉਗਲਦੇ ਹਨ ਕਿਉਂਕਿ ਮੈਂ ਇਨ੍ਹਾਂ ਦੇ ਦੋਗਲੇ ਚਿਹਰੇ ਨੂੰ ਲੋਕਾਂ ਸਾਹਮਣੇ ਬੇਨਕਾਬ ਕਰ ਦਿੱਤਾ ਹੈ। ਇਹ ਉਹ ਗੱਦਾਰ ਹਨ, ਜੋ ਕਦੇ ਵੀ ਪੰਜਾਬ ਅਤੇ ਇਸ ਦੇ ਲੋਕਾਂ ਪ੍ਰਤੀ ਵਫ਼ਾਦਾਰ ਨਹੀਂ ਰਹੇ।

ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਪੰਜਾਬ ਦੀਆਂ ਜ਼ਮੀਨੀ ਹਕੀਕਤਾਂ ਤੋਂ ਕੋਹਾਂ ਦੂਰ ਹਨ। ਉਨ੍ਹਾਂ ਕਿਹਾ, ਸੁਖਬੀਰ ਸਿੰਘ ਬਾਦਲ ਆਪਣੀ ਸਾਰੀ ਉਮਰ ਐਸ਼ੋ-ਇਸ਼ਰਤ ਅਤੇ ਠਾਠ-ਬਾਠ ਵਾਲੇ ਮਾਹੌਲ ਵਿੱਚ ਰਹੇ ਹਨ। ਇਹ ਕਾਨਵੈਂਟ-ਸਕੂਲਾਂ 'ਚ ਪੜ੍ਹੇ ਸਿਆਸੀ ਆਗੂ ਹਨ, ਜਿਨ੍ਹਾਂ ਨੂੰ ਪੰਜਾਬ ਦੀ ਮੂਲ ਭੂਗੋਲਿਕ ਸਥਿਤੀ ਬਾਰੇ ਕੋਈ ਜਾਣਕਾਰੀ ਨਹੀਂ ਹੈ ਪਰ ਉਹ ਇੱਥੇ ਸੱਤਾ ਹਾਸਲ ਕਰਨਾ ਚਾਹੁੰਦੇ ਹਨ। ਬਾਕੀ ਇਹ ਸਭ ਵੀ ਛੱਡ ਦੇਈਏ, ਸਾਬਕਾ ਉਪ ਮੁੱਖ ਮੰਤਰੀ ਤਾਂ ਸੂਬੇ ਦੀਆਂ ਆਮ ਫ਼ਸਲਾਂ ਵਿੱਚ ਵੀ ਫ਼ਰਕ ਨਹੀਂ ਦੱਸ ਸਕਦੇ ਕਿਉਂਕਿ ਉਨ੍ਹਾਂ ਨੂੰ ਆਮ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਕੁਝ ਪਤਾ ਹੀ ਨਹੀਂ।

ਕਾਂਗਰਸ 'ਤੇ ਵਿਅੰਗ ਕਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਾਰਟੀ ਆਖ਼ਰੀ ਸਾਹਾਂ 'ਤੇ ਹੈ ਅਤੇ ਜਲਦੀ ਹੀ ਸਿਆਸੀ ਅਖਾੜੇ ਵਿੱਚ ਆਪਣਾ ਸਭ ਕੁਝ ਗੁਆ ਚੁੱਕੀ ਹੋਵੇਗੀ। ਉਨ੍ਹਾਂ ਕਿਹਾ, ਕਾਂਗਰਸ ਕੋਲ ਪੰਜਾਬ ਜਾਂ ਇਸ ਦੇ ਲੋਕਾਂ ਲਈ ਕੋਈ ਵਿਜ਼ਨ ਨਹੀਂ ਹੈ। ਇਸ ਦਾ ਇਕੋ-ਇਕ ਮਕਸਦ ਸੱਤਾ ਹਾਸਲ ਕਰਕੇ ਸੂਬੇ ਦੇ ਖ਼ਜ਼ਾਨੇ ਨੂੰ ਲੁੱਟਣਾ ਹੈ, ਪਰ ਇਹ ਸੁਪਨੇ ਕਦੇ ਪੂਰੇ ਨਹੀਂ ਹੋਣਗੇ। ਕਾਂਗਰਸ ਅੰਦਰੂਨੀ ਤੌਰ 'ਤੇ ਫੁੱਟ ਦੀ ਸ਼ਿਕਾਰ ਹੈ, ਇਹ ਆਪਸੀ ਲੜਾਈ ਨਾਲ ਹੀ ਢਹਿ-ਢੇਰੀ ਹੋ ਜਾਵੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਂਗਰਸ ਪਾਰਟੀ ਦੀ ਕੇਂਦਰੀ ਲੀਡਰਸ਼ਿਪ 'ਤੇ ਵੀ ਤਨਜ਼ ਕਸਦਿਆਂ ਕਿਹਾ, ਇਹ ਅਫ਼ਸੋਸ ਦੀ ਗੱਲ ਹੈ ਕਿ ਸੱਤਾ ਦੀ ਲੜਾਈ ਲੜ ਰਹੇ ਇਨ੍ਹਾਂ ਆਗੂਆਂ ਨੂੰ ਇਕਜੁੱਟ ਕਰਨ ਲਈ ਆਉਣ ਵਾਲੇ ਚੋਟੀ ਦੇ ਕਾਂਗਰਸੀ ਆਗੂਆਂ ਨੂੰ ਪੰਜਾਬ ਦੇ ਇਨ੍ਹਾਂ ਲੀਡਰਾਂ ਦੇ ਸਹੀ ਤਰੀਕੇ ਨਾਲ ਨਾਮ ਤੱਕ ਨਹੀਂ ਲੈਣੇ ਆਉਂਦੇ। ਮੁੱਖ ਮੰਤਰੀ ਨੇ ਕਿਹਾ, ਆਪ ਸਰਕਾਰ ਲੋਕਾਂ ਦੀ ਭਲਾਈ ਲਈ ਸਰਕਾਰੀ ਖ਼ਜ਼ਾਨੇ ਦੇ ਇੱਕ-ਇੱਕ ਪੈਸੇ ਦੀ ਸੋਚ-ਸਮਝ ਕੇ ਵਰਤੋਂ ਯਕੀਨੀ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ 90 ਫੀਸਦ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਵੀ ਹੁਣ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕਾਂ ਦੇ ਟੈਕਸ ਦਾ ਪੈਸਾ ਲੋਕਾਂ ਦਾ ਹੀ ਹੈ। ਅਸੀਂ ਇਸ ਨੂੰ ਉਨ੍ਹਾਂ ਦੀ ਭਲਾਈ 'ਤੇ ਸਮਝਦਾਰੀ ਨਾਲ ਖ਼ਰਚ ਕਰ ਰਹੇ ਹਾਂ। ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਦਾ ਪੈਸਾ ਲੋਕਾਂ ਕੋਲ ਵਾਪਸ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਨੇ ਘਰਾਂ ਨੂੰ ਮੁਫ਼ਤ ਬਿਜਲੀ ਦਿੱਤੀ ਹੈ, 69,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਭ੍ਰਿਸ਼ਟਾਚਾਰ ਦੇ ਮੈਰਿਟ ਆਧਾਰ 'ਤੇ ਨੌਕਰੀਆਂ ਦਿੱਤੀਆਂ ਹਨ, ਸੜਕਾਂ ਦਾ ਵੱਡਾ ਸੁਧਾਰ ਕੀਤਾ ਹੈ, ਟੋਲ ਪਲਾਜ਼ੇ ਬੰਦ ਕਰਕੇ ਲੋਕਾਂ ਦੇ ਰੋਜ਼ਾਨਾ ਲਗਪਗ 70 ਲੱਖ ਰੁਪਏ ਦੀ ਬੱਚਤ ਯਕੀਨੀ ਬਣਾਈ ਹੈ, ਸਿੱਖਿਆ ਤੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ ਅਤੇ ਕਈ ਹੋਰ ਲੀਹੋਂ ਹਟਵੀਆਂ ਪਹਿਲਕਦਮੀਆਂ ਕੀਤੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ, ਨੌਜਵਾਨਾਂ ਨੂੰ ਨਸ਼ਿਆਂ ਦੇ ਕੋਹੜ ਤੋਂ ਦੂਰ ਰੱਖਣ ਲਈ ਸੂਬੇ ਭਰ ਵਿੱਚ 3,100 ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਅਸੀਂ ਚਾਹੁੰਦੇ ਹਾਂ ਕਿ ਸਾਡੇ ਨੌਜਵਾਨ ਨਸ਼ਿਆਂ ਦਾ ਸ਼ਿਕਾਰ ਹੋਣ ਦੀ ਬਜਾਏ ਖੇਡ ਮੈਦਾਨਾਂ ਅਤੇ ਖੇਡਾਂ ਵਿੱਚ ਆਪਣਾ ਸਮਾਂ ਬਿਤਾਉਣ।

ਸਰਕਾਰ ਦੀਆਂ ਸਿਹਤ ਸੰਭਾਲ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਕੀਮ ਹੈ। ਉਨ੍ਹਾਂ ਕਿਹਾ, ਇਹ ਸਕੀਮ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ-ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ।

## ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਸ਼ਤਰੰਜ ਮੁਕਾਬਲੇ ਕਰਵਾਏ ਗਏ

**ਪਟਿਆਲਾ, 27 ਅਗਸਤ**
**-ਬਲਜੀਤ ਸਰਨਾ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕਿਆਂ ਦੇ ਸ਼ਤਰੰਜ ਦੇ ਮੁਕਾਬਲੇ ਸਕੂਲ ਆਫ ਐਮੀਨੈਂਸ ਫੀਲਖਾਨਾ ਵਿਖੇ ਕਰਵਾਏ ਗਏ। ਅੰਡਰ-14 ਲੜਕਿਆ ਦੇ ਮੁਕਾਬਲਿਆਂ ਵਿੱਚ ਪਟਿ-3 ਜੋਨ ਨੇ ਪਹਿਲਾ, ਪਟਿ-2 ਜੋਨ ਨੇ ਦੂਜਾ,ਭਾਦਸੋਂ ਜੋਨ ਨੇ ਤੀਜਾ,ਅੰਡਰ-17 ਦੇ ਮੁਕਾਬਲਿਆਂ ਵਿੱਚ ਪਟਿ-1 ਜੋਨ ਨੇ ਪਹਿਲਾ,ਪਟਿ-3 ਜੋਨ ਨੇ ਦੂਜਾ,ਪਟਿ-2 ਜੋਨ ਨੇ ਤੀਜਾ, ਅੰਡਰ-19 ਦੇ ਮੁਕਾਬਲਿਆਂ ਵਿੱਚ ਪਟਿ-1 ਜੋਨ ਨੇ ਪਹਿਲਾ, ਪਟਿ-2 ਜੋਨ ਨੇ ਦੂਜਾ ਅਤੇ ਨਾਭਾ ਜੋਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਤੇ ਪ੍ਰਿੰਸੀਪਲ ਜਸਪਾਲ ਸਿੰਘ ਮੰਡੌਰ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।

SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# 1501ਵਾਂ ਈਦ-ਮਿਲਾਦ-ਉਨ-ਨਬੀ ਮੌਕੇ ਲੁਧਿਆਣਾ ਵਿੱਚ ਜਲੂਸ-ਏ-ਮੁਹੰਮਦੀ ਦਾ ਆਯੋਜਨ



**ਲੁਧਿਆਣਾ, 27 ਅਗਸਤ**
**-ਜਗਮੇਲ ਸਿੰਘ ਢਿਲੋਂ-**

ਇਸਲਾਮ ਧਰਮ ਦੇ ਆਖਰੀ ਨਬੀ ਪੈਗੰਬਰ ਹਜ਼ਰਤ ਮੁਹੰਮਦ ਸਾਹਿਬ ਜੀ ਦੇ ਜਨਮ ਦਿਹਾੜੇ 1501ਵੇਂ ਈਦ-ਮਿਲਾਦ-ਉਨ-ਨਬੀ ਦੇ ਪਵਿੱਤਰ ਮੌਕੇ 'ਤੇ ਲੁਧਿਆਣਾ ਵਿੱਚ ਜਲੂਸ-ਏ-ਮੁਹੰਮਦੀ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਸ਼ਹਿਰ ਦੀਆਂ ਮਸਜਿਦਾਂ, ਮਦਰੱਸਿਆਂ ਅਤੇ ਘਰਾਂ ਨੂੰ ਸਜਾਇਆ ਗਿਆ ਅਤੇ ਵੱਖ-ਵੱਖ ਥਾਵਾਂ 'ਤੇ ਲੰਗਰ-ਏ-ਆਮ ਵਰਤਾਏ ਗਏ।ਜਲੂਸ-ਏ-ਮੁਹੰਮਦੀ ਇੰਤਜ਼ਾਮੀਆ ਕਮੇਟੀ ਦੀ ਨਿਗਰਾਨੀ ਹੇਠ ਜਲੂਸ ਬਾਅਦ ਨਮਾਜ਼-ਏ-ਜ਼ੁਹਰ ਦੁਪਹਿਰ 1:30 ਵਜੇ ਤਾਰੀਖੀ ਸੁੰਨੀ ਜਾਮਾ ਮਸਜਿਦ ਗੌਸੀਆ, ਮੁਹੱਲਾ ਸੁਨੇਤ, ਬੀ.ਆਰ.ਐੱਸ. ਨਗਰ, ਫਿਰੋਜ਼ਪੁਰ ਰੋਡ ਤੋਂ ਸ਼ੁਰੂ ਹੋਇਆ। ਜਲੂਸ ਵੇਰਕਾ ਮਿਲਕ ਪਲਾਂਟ, ਜਗਰਾਉਂ ਪੁਲ ਅਤੇ ਸਲੇਮ ਟਾਬਰੀ ਤੋਂ ਹੁੰਦਾ ਹੋਇਆ ਦਾਨਾ ਮੰਡੀ ਦੇ ਸ਼ੈੱਡ ਨੰਬਰ-2 ਵਿਖੇ ਪਹੁੰਚਿਆ, ਜਿੱਥੇ ਇਹ ਵਿਸ਼ਾਲ ਕਾਨਫਰੰਸ ਵਿੱਚ ਤਬਦੀਲ ਹੋ ਗਿਆ।

ਜਲੂਸ ਵਿੱਚ ਉਲਾਮਾ-ਏ-ਕਿਰਾਮ, ਮਸ਼ਾਇਖ-ਏ-ਏਜ਼ਾਮ, ਸਿਆਸੀ ਆਗੂਆਂ ਤੋਂ ਇਲਾਵਾ ਵੱਖ-ਵੱਖ ਦੀਨੀ ਸੰਸਥਾਵਾਂ ਅਤੇ ਸੰਗਠਨਾਂ ਨਾਲ ਜੁੜੇ ਹਜ਼ਾਰਾਂ ਮੁਸਲਿਮ ਸ਼ਰਧਾਲੂਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪੀਰ-ਏ-ਤਰੀਕਤ, ਰਹਿਬਰ-ਏ-ਰਾਹ-ਏ-ਸ਼ਰੀਅਤ ਹਜ਼ਰਤ ਅੱਲਾਮਾ ਮੌਲਾਨਾ ਮੁਫਤੀ ਤੌਸੀਫ ਰਜ਼ਾ ਖਾਨ ਕਾਦਰੀ, ਦਰਗਾਹ-ਏ-ਆਲਾ ਹਜ਼ਰਤ, ਬਰੇਲੀ ਸ਼ਰੀਫ਼ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸ਼ਰਧਾਲੂਆਂ ਵੱਲੋਂ ਨਾਤਾਂ, ਦੁਰਦੋ-ਸਲਾਮ ਦਾ ਪਾਠ ਕੀਤਾ ਗਿਆ ਅਤੇ ਪੈਗੰਬਰ-ਏ-ਇਸਲਾਮ ਦੀ ਸ਼ਾਨ ਵਿੱਚ ਨਾਅਰੇ ਲਗਾਏ ਗਏ। ਇਸ ਮੌਕੇ ਹਜ਼ਰਤ ਅੱਲਾਮਾ ਮੌਲਾਨਾ ਮੁਹੰਮਦ ਫਾਰੂਕ ਆਲਮ ਰਜ਼ਵੀ, ਸਦਰ-ਏ-ਆਲਾ ਇਦਾਰਾ-ਏ-ਸ਼ਰੀਆ ਪੰਜਾਬ, ਨੇ ਜਲੂਸ ਦੀ ਸਰਪ੍ਰਸਤੀ ਕਰਦਿਆਂ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਪੈਗੰਬਰ ਹਜ਼ਰਤ ਮੁਹੰਮਦ ਸਾਹਿਬ ਜੀ ਨਾਲ ਪਿਆਰ ਇਸਲਾਮ ਅਤੇ ਸਿਰਜਣਹਾਰ ਪ੍ਰਤੀ ਸੱਚੀ ਨਿਸ਼ਠਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਪੈਗੰਬਰ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਂਦਿਆਂ ਸਮਾਜ ਵਿੱਚ ਪਿਆਰ, ਭਾਈਚਾਰਾ ਅਤੇ ਸ਼ਾਂਤੀ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੁਸਲਿਮ ਭਾਈਚਾਰਾ ਅੱਤਵਾਦ ਅਤੇ ਬੇਇਨਸਾਫ਼ੀ ਦੇ ਵਿਰੁੱਧ ਹੈ ਅਤੇ ਦੇਸ਼ ਵਿੱਚ ਅਮਨ-ਸ਼ਾਂਤੀ ਕਾਇਮ ਰਹਿਣੀ ਚਾਹੀਦੀ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੁਸਲਿਮ ਭਾਈਚਾਰੇ ਲਈ ਸਰਕਾਰੀ ਨੌਕਰੀਆਂ ਵਿੱਚ ਘੱਟੋ-ਘੱਟ 10 ਫੀਸਦੀ ਰਾਖਵਾਂਕਰਨ ਦੇਣ ਅਤੇ ਈਦ-ਮਿਲਾਦ-ਉਨ-ਨਬੀ ਨੂੰ ਗਜ਼ਟਿਡ ਛੁੱਟੀ ਐਲਾਨਣ ਦੀ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਪੈਗੰਬਰ ਹਜ਼ਰਤ ਮੁਹੰਮਦ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ ਅਤੇ ਆਪ ਜੀ ਨਾਲ ਮੁਹੱਬਤ ਇਮਾਨ ਦੀ ਪਹਿਚਾਣ ਹੈ।

ਹਜ਼ਰਤ ਮੁਫਤੀ ਮੁਹੰਮਦ ਸਮੀਰ ਆਲਮ ਰਜ਼ਵੀ, ਨਾਜ਼ਿਮ-ਏ-ਆਲਾ ਦਾਰੁਲ ਉਲੂਮ ਮੁਜੱਦੀਦ ਅਲਫ਼-ਏ-ਸਾਨੀ ਲੁਧਿਆਣਾ, ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲੋਕਾਂ ਨੂੰ ਪੈਗੰਬਰ ਹਜ਼ਰਤ ਮੁਹੰਮਦ ਸਾਹਿਬ ਜੀ ਦੀਆਂ ਸੁੰਨਤਾਂ 'ਤੇ ਅਮਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਪ੍ਰਤੀ ਵਫ਼ਾਦਾਰੀ ਵੀ ਇਸਲਾਮ ਦੀ ਸਿੱਖਿਆ ਹੈ ਅਤੇ ਇਸਲਾਮ ਅਮਨ, ਸਦਭਾਵਨਾ ਤੇ ਮਨੁੱਖਤਾ ਦਾ ਧਰਮ ਹੈ।

ਇਸ ਮੌਕੇ ਸਨਾ ਖ਼ਵਾਨ-ਏ-ਮੁਸਤਫਾ ਜਨਾਬ ਅਬਦੁਲ ਰਜ਼ੀਕ ਲੁਧਿਆਣਵੀ ਅਤੇ ਜਨਾਬ ਦਾਨਿਸ਼ ਰਜ਼ਾ ਲੁਧਿਆਣਵੀ ਵੱਲੋਂ ਪੈਗੰਬਰ-ਏ-ਇਸਲਾਮ ਦੀ ਸ਼ਾਨ ਵਿੱਚ ਨਾਤ ਪੇਸ਼ ਕੀਤੀ ਗਈ। ਸੰਮੇਲਨ ਦੇ ਅੰਤ ਵਿੱਚ ਵਿਸ਼ਵ ਸ਼ਾਂਤੀ, ਪੰਜਾਬ ਦੀ ਸੁਰੱਖਿਆ ਅਤੇ ਲੋਕਾਂ ਦੀ ਖੈਰ-ਖੁਸ਼ਹਾਲੀ ਲਈ ਵਿਸ਼ੇਸ਼ ਦੁਆਵਾਂ ਕੀਤੀਆਂ ਗਈਆਂ। ਜਲੂਸ ਦੌਰਾਨ ਰਜ਼ਾਕਾਰਾਂ ਵੱਲੋਂ ਸ਼ਰਧਾਲੂਆਂ ਦੀ ਸੇਵਾ ਅਤੇ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾਈ ਗਈ।ਇਸ ਮੌਕੇ ਹਾਜੀ ਅਬਦੁਲ ਰਸ਼ੀਦ, ਹਾਜੀ ਗੁਲਾਮ ਮੁਹੰਮਦ, ਹਾਜੀ ਸਲੀਮ ਖਾਨ, ਅਬਦੁਲ ਸਲਾਮ ਮਾਰਬਲ, ਯਾਕੂਬ ਖਾਨ, ਮੁਹੰਮਦ ਇਸਲਾਮ ਠੇਕੇਦਾਰ, ਬਿੰਦੂ ਖਾਨ, ਸੂਫ਼ੀ ਅਬਦੁਲ ਜਲੀਲ, ਹਾਫਿਜ਼ ਬਾਦਸ਼ਾਹ ਆਦਿਲ, ਹਾਫਿਜ਼ ਮੁਨਤਜ਼ੀਰ ਰਜ਼ਾ, ਮੌਲਵੀ ਅਹਿਮਦ ਰਜ਼ਾ, ਮੁਹੰਮਦ ਸਲਾਹੁਦੀਨ, ਮਾਸਟਰ ਜ਼ਫ਼ਰ ਇਕਬਾਲ, ਮਾਸਟਰ ਸ਼ਮੀਮ ਫੁੱਲਾਂਵਾਲ, ਮਹਿਤਾਬ ਆਲਮ ਫੁੱਲਾਂਵਾਲ, ਖਾਮਿਦ ਅਲੀ, ਮਾਸਟਰ ਅੰਸਾਰ ਅਲੀ, ਸ਼ਾਹਵੇਜ਼ ਰਜ਼ਵੀ, ਮੁਹੰਮਦ ਬੱਬਲੂ ਸ਼ੇਖ, ਮੁਹੰਮਦ ਕਾਸਿਮ ਗੁੱਜਰ, ਫੁਰਕਾਨ ਖਾਨ, ਜ਼ੀਸ਼ਾਨ ਖਾਨ, ਆਰਿਫ ਰਜ਼ਾ ਅਤੇ ਰਹਿਮਤ ਅਲੀ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਰਹੀ।

# ਸਰਕਾਰੀ ਆਈਟੀਆਈ, ਸੈਕਟਰ 28-ਸੀ ਵਿਖੇ ਊਸ਼ਾ ਮਲਟੀ-ਸਕਿੱਲਡ ਟੈਕਨੀਸ਼ੀਅਨ ਟ੍ਰੇਨਿੰਗ ਪ੍ਰੋਗਰਾਮ ਸੰਪੰਨ ਹੋਇਆ



**ਚੰਡੀਗੜ੍ਹ, 27 ਅਗਸਤ**
**-ਜੀ. ਐਸ. ਤੁੰਗ-**

ਸਰਕਾਰੀ ਇੰਡਸਟ੍ਰੀਅਲ ਟ੍ਰੇਨਿੰਗ ਇੰਸਟੀਟਿਊਟ (ਆਈਟੀਆਈ), ਸੈਕਟਰ 28-ਸੀ, ਚੰਡੀਗੜ੍ਹ ਵਿਖੇ ਅੱਜ 23 ਦਿਨਾਂ ਦਾ 'ਊਸ਼ਾ ਮਲਟੀ-ਸਕਿੱਲਡ ਟੈਕਨੀਸ਼ੀਅਨ ਟ੍ਰੇਨਿੰਗ ਪ੍ਰੋਗਰਾਮ' ਸਫ਼ਲਤਾਪੂਰਵਕ ਸੰਪੰਨ ਹੋਇਆ। ਇਸ ਪ੍ਰੋਗਰਾਮ ਵਿੱਚ 25 ਉਮੀਦਵਾਰਾਂ ਨੇ ਆਪਣੀ ਟ੍ਰੇਨਿੰਗ ਸਫ਼ਲਤਾਪੂਰਵਕ ਪੂਰੀ ਕੀਤੀ।

ਆਯੋਜਿਤ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਉਦਯੋਗ ਦੀਆਂ ਜ਼ਰੂਰਤਾਂ ਦੇ ਅਨੁਰੂਪ ਬਹੁ-ਕੌਸ਼ਲ ਤਕਨੀਕੀ ਮੁਹਾਰਤ ਨਾਲ ਲੈਸ ਕਰਨਾ ਅਤੇ ਉਨ੍ਹਾਂ ਦੀ ਰੋਜ਼ਗਾਰ ਸਮਰੱਥਾ ਅਤੇ ਉੱਦਮਸ਼ੀਲਤਾ ਕੌਸ਼ਲ ਨੂੰ ਹੁਲਾਰਾ ਦੇਣਾ ਸੀ। ਸਮਾਪਨ ਸਮਾਰੋਹ ਵਿੱਚ ਡਾਇਰੈਕਟਰ ਤਕਨੀਕੀ ਸਿੱਖਿਆ, ਯੂ.ਟੀ. ਚੰਡੀਗੜ੍ਹ, ਸੁਸ਼੍ਰੀ ਪਾਲਿਕਾ ਅਰੋੜਾ, ਪੀਸੀਐੱਸ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਟ੍ਰੇਨੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਸਮਰਪਣ ਤੇ ਲਗਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਉਦਯੋਗਾਂ ਦੀਆਂ ਬਦਲਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਲਟੀ-ਸਕਿੱਲਡ ਕਿੱਤਾਮੁਖੀ ਟ੍ਰੇਨਿੰਗ ਦੇ ਵਧਦੇ ਮਹੱਤਵ 'ਤੇ ਬਲ ਦਿੱਤਾ। ਪ੍ਰੋਗਰਾਮ ਦੇ ਦੌਰਾਨ ਸੁਸ਼੍ਰੀ ਪਾਲਿਕਾ ਅਰੋੜਾ ਨੇ ਸਫ਼ਲ ਟ੍ਰੇਨੀਆਂ ਦੇ ਪੇਸ਼ੇਵਰ ਕਰੀਅਰ ਵਿੱਚ ਸਹਿਯੋਗ ਪ੍ਰਦਾਨ ਕਰਨ ਦੇ ਉਦੇਸ਼ ਨਾਲ ਉਨ੍ਹਾਂ ਨੂੰ ਵਿਸ਼ੇਸ਼ ਤਕਨੀਕੀ ਟ੍ਰੇਨਿੰਗ ਕਿੱਟਾਂ ਵੰਡੀਆਂ। ਇਸ ਅਵਸਰ 'ਤੇ ਸਰਕਾਰੀ ਆਈਟੀਆਈ, ਸੈਕਟਰ 28-ਸੀ ਦੇ ਪ੍ਰਿੰਸੀਪਲ, ਸੰਸਥਾ ਦੇ ਸੀਨੀਅਰ ਅਧਿਕਾਰੀ ਅਤੇ ਊਸ਼ਾ ਇੰਟਰਨੈਸ਼ਨਲ ਲਿਮਿਟਿਡ ਦੇ ਪ੍ਰਤੀਨਿਧੀ ਵੀ ਉਪਸਥਿਤ ਰਹੇ ਅਤੇ ਉਨ੍ਹਾਂ ਨੇ ਟ੍ਰੇਨਿੰਗ ਪ੍ਰੋਗਰਾਮ ਨੂੰ ਸਫ਼ਲਤਾਪੂਰਵਕ ਪੂਰਾ ਕਰਨ 'ਤੇ ਸਾਰੇ ਟ੍ਰੇਨੀਆਂ ਨੂੰ ਵਧਾਈ ਦਿੱਤੀ।

# ਬਾਦਲ ਪਰਿਵਾਰ ਨੂੰ ਨਿਸ਼ਾਨਾ ਬਣਾਉਣ ਪਿੱਛੇ ਪੰਜਾਬ 'ਤੇ ਕਬਜ਼ੇ ਦੀ ਸਾਜ਼ਿਸ਼: ਸੁਖਬੀਰ ਬਾਦਲ



**ਮਲੋਟ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮਲੋਟ ਵਿਖੇ ਇੱਕ ਰੈਲੀ ਨੂੰ ਸੰਬੋਧਨ ਕੀਤਾ। ਇਸ ਦੌਰਾਨ ਉਨ੍ਹਾਂ ਆਮ ਆਦਮੀ ਪਾਰਟੀ ਨੂੰ ਘੇਰਦਿਆਂ ਕਿਹਾ ਕਿ ਉਹ ਪੰਜਾਬ ਨੂੰ ਲੁੱਟਣ ਅਤੇ ਕੁੱਟਣ ਖਾਤਰ ਹੀ ਸੱਤਾ ਵਿੱਚ ਆਏ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਹਮੇਸ਼ਾ ਪੰਜਾਬ ਦੀ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀ ਲੜਾਈ ਲੜੀ ਹੈ। ਉਨ੍ਹਾਂ ਸਰਦਾਰ ਹਰਚੰਦ ਸਿੰਘ ਲੌਂਗੋਵਾਲ ਦੀ ਸ਼ਹਾਦਤ ਅਤੇ ਅਕਾਲੀ ਆਗੂਆਂ 'ਤੇ ਹੋਏ ਹਮਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਅਕਾਲੀ ਦਲ ਨੇ ਮੁਸ਼ਕਿਲ ਦੌਰ ਵਿੱਚ ਵੀ ਪੰਜਾਬ ਦੇ ਹਿੱਤਾਂ ਤੋਂ ਪਿੱਛੇ ਹਟਣ ਦੀ ਬਜਾਏ ਸੰਘਰਸ਼ ਜਾਰੀ ਰੱਖਿਆ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹਮੇਸ਼ਾ ਅਮਨ, ਭਾਈਚਾਰਕ ਸਾਂਝ ਅਤੇ ਵਿਕਾਸ ਨੂੰ ਤਰਜੀਹ ਦਿੱਤੀ ਹੈ ਅਤੇ ਅੱਜ ਵੀ ਪੰਜਾਬ ਨੂੰ ਅਜਿਹੀ ਹੀ ਸਿਆਸਤ ਦੀ ਲੋੜ ਹੈ, ਜੋ ਲੋਕਾਂ ਨੂੰ ਵੰਡਣ ਦੀ ਬਜਾਏ ਇਕਜੁੱਟ ਕਰੇ। ਸੁਖਬੀਰ ਬਾਦਲ ਨੇ ਕਿਹਾ ਕਿ ਅਕਾਲੀ ਦਲ ਪੰਜਾਬ ਦੀਆਂ ਧਾਰਮਿਕ ਸੰਸਥਾਵਾਂ ਦੀ ਮਰਿਆਦਾ ਅਤੇ ਸੂਬੇ ਦੀ ਭਾਈਚਾਰਕ ਸਾਂਝ ਦੀ ਰਾਖੀ ਲਈ ਆਪਣੀ ਲੜਾਈ ਜਾਰੀ ਰੱਖੇਗਾ। ਇਸ ਰੈਲੀ ਵਿੱਚ ਲੋਕਾਂ ਨੇ ਆਪ ਮੁਹਾਰੇ ਭਰਵੀਂ ਸ਼ਮੂਲੀਅਤ ਕੀਤੀ।

ਇਸ ਮੌਕੇ ਹਰਪ੍ਰੀਤ ਸਿੰਘ ਕੋਟਭਾਈ, ਪਰਮਿੰਦਰ ਸਿੰਘ ਕੋਲਿਆਂਵਾਲੀ, ਲਵਪ੍ਰੀਤ ਸਿੰਘ, ਲੱਪੀ ਈਨਾਂਖੇੜਾ, ਚੇਅਰਮੈਨ ਬਸੰਤ ਸਿੰਘ ਕੰਗ, ਅਮਰੀਕ ਸਿੰਘ ਕਲਸੀ, ਕੌਂਸਲਰ ਕੇਵਲ ਅਰੋੜਾ, ਪ੍ਰੀਤ ਰਾਜਪਾਲ ਅਤੇ ਅਸ਼ੋਕ ਬਜਾਜ ਆਦਿ ਆਗੂ ਹਾਜ਼ਰ ਸਨ।

# ਸੰਧਵਾਂ ਵੱਲੋਂ ਆਲਮੀ ਤਪਸ਼ ਨਾਲ ਨਜਿੱਠਣ ਲਈ ਪੰਜਾਬੀਆਂ ਨੂੰ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਪੀਲ

**ਚੰਡੀਗੜ੍ਹ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਣ ਨੂੰ ਸੰਭਾਲ ਕੇ ਰੱਖਣ ਹਿੱਤ ਪੰਜਾਬੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਪੁਰਜ਼ੋਰ ਅਪੀਲ ਕੀਤੀ ਹੈ। ਵਧ ਰਹੀ ਆਲਮੀ ਤਪਸ਼ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਸ. ਸੰਧਵਾਂ ਨੇ ਚੇਤਾਵਨੀ ਦਿੱਤੀ ਕਿ ਗਲੋਬਲ ਵਾਰਮਿੰਗ ਧਰਤੀ 'ਤੇ ਮਨੁੱਖੀ ਹੋਂਦ ਅਤੇ ਸਾਰੇ ਜੀਵ-ਜੰਤੂਆਂ ਲਈ ਇੱਕ ਗੰਭੀਰ ਖ਼ਤਰਾ ਬਣ ਰਹੀ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹੁਣ ਸਮਾਂ ਆ ਗਿਆ ਹੈ ਕਿ ਹਰ ਵਿਅਕਤੀ ਆਪਣੀ ਜ਼ਿੰਮੇਵਾਰੀ ਸਮਝੇ ਅਤੇ ਜਲਵਾਯੂ ਤਬਦੀਲੀ ਦਾ ਪ੍ਰਭਾਵਸ਼ਾਲੀ ਢੰਗ ਨਾਲ ਟਾਕਰਾ ਕਰਨ ਲਈ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਾਵੇ

ਮਨੁੱਖ ਅਤੇ ਕੁਦਰਤ ਵਿਚਕਾਰ ਡੂੰਘੀ ਆਪਸੀ ਸਾਂਝ ਨੂੰ ਉਜਾਗਰ ਕਰਦਿਆਂ ਸ. ਸੰਧਵਾਂ ਨੇ ਕਿਹਾ, ਜੋ ਕੁਝ ਅਸੀਂ ਕੁਦਰਤ ਲਈ ਕਰਾਂਗੇ, ਕੁਦਰਤ ਵੀ ਸਾਡੇ ਲਈ ਉਹੀ ਕਰੇਗੀ। ਅਸੀਂ ਕੁਦਰਤ ਨਾਲ ਜਿੰਨਾ ਜ਼ਿਆਦਾ ਜੁੜਾਂਗੇ ਅਤੇ ਇਸਦੀ ਦੇਖਭਾਲ ਕਰਾਂਗੇ, ਓਨਾ ਹੀ ਇਹ ਸਾਡੀ ਰੱਖਿਆ ਕਰੇਗੀ ਅਤੇ ਸਾਡੀ ਤਰੱਕੀ ਵਿੱਚ ਮਦਦ ਕਰੇਗੀ। ਸਪੀਕਰ ਸੰਧਵਾਂ ਨੇ ਕਿਹਾ ਕਿ ਰੁੱਖ ਹਵਾ ਨੂੰ ਸ਼ੁੱਧ ਕਰਕੇ ਮਨੁੱਖੀ ਜੀਵਨ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਇਹ ਰੁੱਖ ਹੀ ਹਨ ਜੋ ਅੱਜ ਦੇ ਵੱਡੇ ਪੱਧਰ 'ਤੇ ਪ੍ਰਦੂਸ਼ਿਤ ਹੋ ਚੁੱਕੇ ਵਾਤਾਵਰਣ ਦੀ ਸਮੱਸਿਆ ਦਾ ਹੱਲ ਕਰ ਸਕਦੇ ਹਨ।

# ਸਪੈਸ਼ਲ ਇੰਟੈਂਸਿਵ ਰਿਵੀਜ਼ਨ- 2026 ਤਹਿਤ ਸ਼ਾਨਦਾਰ ਕੰਮ ਕਰਨ ਵਾਲੇ 21 ਬੀ.ਐੱਲ.ਓ. ਸਨਮਾਨਿਤ

**ਮਲੇਰਕੋਟਲਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ਵੱਲੋਂ ਸਪੈਸ਼ਲ ਇੰਟੈਂਸਿਵ ਰੀਵੀਜ਼ਨ -2026 ਤਹਿਤ ਬੀ.ਐਲ.ਓਜ਼. ਵੱਲੋਂ ਕੀਤੇ ਗਏ ਡੋਰ ਟੂ ਡੋਰ ਸਰਵੇ ਦੌਰਾਨ ਸ਼ਾਨਦਾਰ ਕੰਮ ਕਰਨ ਵਾਲੇ 21 ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓ.) ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਵਿਧਾਨ ਸਭਾ ਚੋਣ ਹਲਕਾ 105-ਮਾਲੇਰਕੋਟਲਾ ਦੇ ਕੁੱਲ 8 ਅਤੇ ਵਿਧਾਨ ਸਭਾ ਚੋਣ ਹਲਕਾ 106-ਅਮਰਗੜ੍ਹ ਦੇ ਕੁੱਲ 13 ਬੀ.ਐੱਲ.ਓਜ਼. ਨੂੰ ਪ੍ਰਸ਼ੰਸਾ ਪੱਤਰ ਦੇ ਕੇ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕੀਤੀ ਗਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।



ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੂਥ ਲੈਵਲ ਅਫ਼ਸਰ ਚੋਣ ਪ੍ਰਕਿਰਿਆ ਦੀ ਸਭ ਤੋਂ ਅਹਿਮ ਕੜੀ ਹਨ। ਐੱਸ.ਆਈ.ਆਰ.-2026 ਦੌਰਾਨ ਬੀ.ਐੱਲ.ਓਜ਼. ਵੱਲੋਂ ਘਰ-ਘਰ ਜਾ ਕੇ ਗਣਨਾ ਫਾਰਮ ਵੰਡਣ, ਵੋਟਰਾਂ ਤੋਂ ਲੋੜੀਂਦੀ ਜਾਣਕਾਰੀ ਇਕੱਤਰ ਕਰਨ ਅਤੇ ਫਾਰਮਾਂ ਦੀ ਡਿਜ਼ੀਟਾਈਜ਼ੇਸ਼ਨ ਸਮੇਤ ਵੱਖ-ਵੱਖ ਜ਼ਿੰਮੇਵਾਰੀਆਂ ਨੂੰ ਬੜੀ ਮਿਹਨਤ, ਲਗਨ ਅਤੇ ਜ਼ਿੰਮੇਵਾਰੀ ਨਾਲ ਨਿਭਾਇਆ ਗਿਆ।

ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਦੀ ਸੋਧ ਨੂੰ ਪਾਰਦਰਸ਼ੀ, ਸੁਚੱਜਾ ਅਤੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਬੀ.ਐੱਲ.ਓਜ਼. ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਵੱਲੋਂ ਕੀਤੇ ਗਏ ਸ਼ਾਨਦਾਰ ਕੰਮ ਨੂੰ ਮਾਨਤਾ ਦੇਣ ਅਤੇ ਹੋਰਨਾਂ ਨੂੰ ਵੀ ਬਿਹਤਰ ਕਾਰਗੁਜ਼ਾਰੀ ਲਈ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਇਹ ਸਨਮਾਨ ਦਿੱਤਾ ਗਿਆ ਹੈ।ਡਿਪਟੀ ਕਮਿਸ਼ਨਰ ਨੇ ਸਨਮਾਨਿਤ ਬੀ.ਐੱਲ.ਓਜ਼. ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਆਪਣੀਆਂ ਚੋਣ ਡਿਊਟੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ।

# ਰੋਟੇਰੀਅਨ ਸ਼ੀਸ਼ ਪਾਲ ਮਿੱਤਲ ਨੂੰ ਸਾਲ 27-28 ਦਾ ਅਸਿਸਟੈਂਟ ਗਵਰਨਰ ਬਣਾਇਆ



**ਪਟਿਆਲਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

2027 - 28 ਲਈ ਰੋਟਰੀ ਡਿਸਟ੍ਰਿਕਟ 3090 ਲਈ ਬਣੇ ਗਵਰਨਰ ਸ੍ਰੀ ਐਸ. ਐਸ. ਵਸ਼ਿਸ਼ਟ ਨੇ ਰੋਟਰੀ ਕਲੱਬ ਪਟਿਆਲਾ ਸਟਾਰ ਦੇ ਮੈਂਬਰ ਸ੍ਰੀ ਸ਼ੀਸ਼ ਪਾਲ ਮਿੱਤਲ ਨੂੰ ਆਪਣੀ ਟੀਮ ਦਾ ਅਸਿਸਟੈਂਟ ਗਵਰਨਰ ਨਿਯੁਕਤ ਕੀਤਾ ਹੈ। ਸ੍ਰੀ ਸ਼ੀਸ਼ ਪਾਲ ਮਿੱਤਲਪਹਿਲਾਂ 1998 - 99 ਵਿੱਚ ਰੋਟਰੈਕਟ ਕਲੱਬ ਪਟਿਆਲਾ ਸਟਾਰ ਦੇ ਪ੍ਰੈਜੀਡੈਂਟ ਰਹਿ ਚੁੱਕੇ ਨੇ, ਫਿਰ 2023 - 24 ਵਿੱਚ ਰੋਟਰੀ ਕਲੱਬ ਪਟਿਆਲਾ ਮਿਡ ਟਾਊਨ ਦੇ ਵੀ ਪਰੈਜੀਡੈਂਟ ਰਹੇ ਹਨ, ਇਹ ਬੜੇ ਮਿਹਨਤੀ ਤੇ ਗਤੀਸ਼ੀਲ ਸਖਸੀਅਤ ਦੇ ਮਾਲਕ ਹਨ। ਇਹ ਜੋ ਕੰਮ ਕਰਦੇ ਨੇ, ਬੜੀ ਲਗਨ ਤੇ ਈਮਾਨਦਾਰੀ ਨਾਲ ਕਰਦੇ ਹਨ। ਰੋਟਰੀ ਕਲੱਬ ਸਟਾਰ ਦੇ ਸਾਰੇ ਰੋਟੇਰੀਅਨ ਨੇ ਗਵਰਨਰ ਸ਼੍ਰੀ ਐਸ. ਐਸ. ਵਸ਼ਿਸ਼ਟ ਦਾ ਧੰਨਵਾਦ ਕੀਤਾ ਹੈ, ਜਿਨ੍ਹਾਂ ਨੇ ਕਲੱਬ ਨੂੰ ਇੰਨਾ ਮਾਣ ਦਿੱਤਾ।

# ਰੁੱਖਾਂ ਦੀ ਸੰਭਾਲ ਤੇ ਵਾਤਾਵਰਣ ਦੀ ਸੁਰੱਖਿਆ ਲਈ ਲੋਕਾਂ ਨੂੰ ਅੱਗੇ ਆਉਣ ਦੀ ਅਪੀਲ



**ਬਠਿੰਡਾ, 27 ਅਗਸਤ**
**-ਗੁਰਤੇਜ ਅਤਲਾ-**

ਵਾਤਾਵਰਨ ਦੀ ਸ਼ੁੱਧਤਾ ਦੇ ਮੱਦੇਨਜਰ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅਤੇ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪਾਰਕ ਵਿਖੇ ਫ਼ਲਦਾਰ ਅਤੇ ਫੁੱਲਦਾਰ ਬੂਟੇ ਲਗਾਏ ਗਏ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਸ਼੍ਰੀ ਕਰੁਨੇਸ਼ ਕੁਮਾਰ, ਮਿਸ. ਬਲਜਿੰਦਰ ਕੌਰ ਮਾਨ, ਸਿਵਲ ਜੱਜ (ਸੀਨੀਅਰ ਡਵੀਜ਼ਨ)/ਸੀ.ਜੇ.ਐਮ-ਕਮ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਬੀ.ਆਈ. ਦੇ ਚੀਫ ਮੈਨੇਜਰ ਸ਼੍ਰੀ ਜਿੰਮੀ ਮਹਿਤਾ, ਬ੍ਰਾਂਚ ਮੈਨੇਜਰ ਸ੍ਰੀ ਲਵਿਸ਼ ਚੁੱਘ, ਮੈਨੇਜਰ ਸ਼੍ਰੀ ਆਸ਼ੀਸ਼ ਗੁਪਤਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਕਰੁਨੇਸ਼ ਕੁਮਾਰ ਨੇ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਅਨਮੋਲ ਹਿੱਸਾ ਹਨ। ਇਹ ਨਾ ਸਿਰਫ਼ ਸਾਨੂੰ ਸਾਫ਼ ਅਤੇ ਸ਼ੁੱਧ ਹਵਾ ਪ੍ਰਦਾਨ ਕਰਦੇ ਹਨ, ਸਗੋਂ ਵਾਤਾਵਰਣ ਦੇ ਸੰਤੁਲਨ ਨੂੰ ਬਣਾਈ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਦੌਰਾਨ ਮਿਸ. ਬਲਜਿੰਦਰ ਕੌਰ ਮਾਨ, ਸਿਵਲ ਜੱਜ (ਸੀਨੀਅਰ ਡਵੀਜ਼ਨ)/ਸੀ.ਜੇ.ਐਮ-ਕਮ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਨੇ ਕਿਹਾ ਕਿ ਰੁੱਖਾਂ ਤੋਂ ਬਿਨਾਂ ਧਰਤੀ 'ਤੇ ਜੀਵਨ ਦੀ ਕਲਪਨਾ ਕਰਨਾ ਮੁਸ਼ਕਲ ਹੈ।

ਐਸ.ਬੀ.ਆਈ. ਦੇ ਚੀਫ ਮੈਨੇਜਰ ਸ਼੍ਰੀ ਜਿਮੀ ਮਹਿਤਾ ਨੇ ਕਿਹਾ ਕਿ ਰੁੱਖ ਵਾਤਾਵਰਣ ਵਿੱਚੋਂ ਕਾਰਬਨ ਡਾਈਆਕਸਾਈਡ ਨੂੰ ਸੋਖ ਕੇ ਆਕਸੀਜਨ ਛੱਡਦੇ ਹਨ, ਜਿਸ ਨਾਲ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਹੁੰਦਾ ਹੈ। ਇਸ ਦੌਰਾਨ ਐਸ.ਬੀ.ਆਈ. ਡੀਏਸੀ ਕੰਪਲੈਕਸ ਦੇ ਬ੍ਰਾਂਚ ਮੈਨੇਜਰ ਸ੍ਰੀ ਲਵਿਸ਼ ਚੁੱਘ ਨੇ ਕਿਹਾ ਕਿ ਵਧ ਰਹੇ ਪ੍ਰਦੂਸ਼ਣ, ਤਾਪਮਾਨ ਵਿੱਚ ਵਾਧੇ ਅਤੇ ਵਾਤਾਵਰਣ ਵਿੱਚ ਆ ਰਹੀਆਂ ਤਬਦੀਲੀਆਂ ਨੂੰ ਦੇਖਦਿਆਂ ਰੁੱਖਾਂ ਦੀ ਸੰਭਾਲ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਕੇਵਲ ਰੁੱਖ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਲਗਾਏ ਗਏ ਪੌਦਿਆਂ ਦੀ ਨਿਯਮਤ ਦੇਖਭਾਲ ਕਰਕੇ ਉਨ੍ਹਾਂ ਨੂੰ ਵੱਡਾ ਕਰਨਾ ਵੀ ਓਨਾ ਹੀ ਜ਼ਰੂਰੀ ਹੈ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਘਰਾਂ, ਸਕੂਲਾਂ, ਸਰਕਾਰੀ ਅਤੇ ਜਨਤਕ ਥਾਵਾਂ ਦੇ ਆਲੇ-ਦੁਆਲੇ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਤਾਂ ਜੋ ਅਸੀਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਸਿਹਤਮੰਦ ਵਾਤਾਵਰਣ ਦੇ ਸਕੀਏ।

# ਬਠਿੰਡਾ ਵਿੱਚ 'ਮਿਲਣੀ' ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਦੀ ਸਿੱਧੀ ਸੁਣਵਾਈ ਲਈ ਪੰਜਾਬ ਸਰਕਾਰ ਦਾ ਅਹਿਮ ਉਪਰਾਲਾ : ਚੇਅਰਮੈਨ ਨੀਲ ਗਰਗ

**ਬਠਿੰਡਾ, 27 ਅਗਸਤ**
**-ਗੁਰਤੇਜ ਅਤਲਾ-**

ਪੰਜਾਬ ਸਰਕਾਰ ਵੱਲੋਂ ਪ੍ਰਵਾਸੀ ਪੰਜਾਬੀਆਂ ਨਾਲ ਸਿੱਧਾ ਸੰਵਾਦ ਸਥਾਪਤ ਕਰਨ ਅਤੇ ਉਨ੍ਹਾਂ ਨਾਲ ਸਬੰਧਤ ਮਸਲਿਆਂ ਦਾ ਹੱਲ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ 'ਮਿਲਣੀ'ਪ੍ਰੋਗਰਾਮ ਦਾ ਆਯੋਜਨ 27 ਅਗਸਤ 2026 (ਬੁੱਧਵਾਰ) ਨੂੰ ਸਵੇਰੇ 11 ਵਜੇ ਸੇਪਲ ਹੋਟਰ, ਨੇੜੇ ਤਿੰਨਕੋਣੀ, ਬਠਿੰਡਾ ਵਿਖੇ ਕੀਤਾ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਮੀਡੀਅਮ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਸ੍ਰੀ ਨੀਲ ਗਰਗ ਨੇ ਕਿਹਾ ਕਿ ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਦੀ ਪ੍ਰਧਾਨਗੀ ਹੇਠ ਹੋਣ ਵਾਲੀ ਇਹ ਮਿਲਣੀ ਸਿਰਫ਼ ਇੱਕ ਰਸਮੀ ਪ੍ਰੋਗਰਾਮ ਨਹੀਂ, ਬਲਕਿ ਪੰਜਾਬ ਦੇ ਪ੍ਰਵਾਸੀ ਭਾਈਚਾਰੇ ਅਤੇ ਸਰਕਾਰ ਵਿਚਕਾਰ ਸਿੱਧੇ ਸੰਵਾਦ ਅਤੇ ਸਮੱਸਿਆਵਾਂ ਦੇ ਹੱਲ ਲਈ ਇੱਕ ਪ੍ਰਭਾਵਸ਼ਾਲੀ ਮੰਚ ਹੈ।

ਚੇਅਰਮੈਨ ਨੀਲ ਗਰਗ ਨੇ ਕਿਹਾ ਕਿ ਬਠਿੰਡਾ ਅਤੇ ਪੂਰੇ ਮਾਲਵਾ ਖੇਤਰ ਦੇ ਹਜ਼ਾਰਾਂ ਪਰਿਵਾਰਾਂ ਦੇ ਮੈਂਬਰ ਵਿਦੇਸ਼ਾਂ ਵਿੱਚ ਵੱਸਦੇ ਹਨ। ਇਸ ਲਈ ਪ੍ਰਵਾਸੀ ਪੰਜਾਬੀਆਂ ਨਾਲ ਜੁੜੇ ਮਸਲੇ ਸਿਰਫ਼ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਤੱਕ ਸੀਮਤ ਨਹੀਂ ਹਨ, ਸਗੋਂ ਇਨ੍ਹਾਂ ਦਾ ਸਿੱਧਾ ਪ੍ਰਭਾਵ ਪੰਜਾਬ ਵਿੱਚ ਰਹਿੰਦੇ ਉਨ੍ਹਾਂ ਦੇ ਪਰਿਵਾਰਾਂ 'ਤੇ ਵੀ ਪੈਂਦਾ ਹੈ।

ਉਨ੍ਹਾਂ ਕਿਹਾ ਕਿ ਜ਼ਮੀਨ-ਜਾਇਦਾਦ ਨਾਲ ਸਬੰਧਤ ਮਾਮਲੇ, ਦਸਤਾਵੇਜ਼ੀ ਸਮੱਸਿਆਵਾਂ, ਪਰਿਵਾਰਕ ਵਿਵਾਦ, ਸਰਕਾਰੀ ਸੇਵਾਵਾਂ, ਪ੍ਰਸ਼ਾਸਨਿਕ ਮਾਮਲੇ ਅਤੇ ਹੋਰ ਕਾਨੂੰਨੀ ਜਾਂ ਵਿਭਾਗੀ ਮੁੱਦੇ ਅਕਸਰ ਪ੍ਰਵਾਸੀ ਪੰਜਾਬੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਚਿੰਤਾ ਦਾ ਕਾਰਨ ਬਣਦੇ ਹਨ। 'ਮਿਲਣੀ'ਰਾਹੀਂ ਅਜਿਹੇ ਮਸਲਿਆਂ ਨੂੰ ਸਿੱਧੇ ਤੌਰ 'ਤੇ ਸੰਬੰਧਿਤ ਅਧਿਕਾਰੀਆਂ ਅਤੇ ਸਰਕਾਰੀ ਨੁਮਾਇੰਦਿਆਂ ਦੇ ਧਿਆਨ ਵਿੱਚ ਲਿਆਉਣ ਦਾ ਮੌਕਾ ਮਿਲੇਗਾ। ਨੀਲ ਗਰਗ ਨੇ ਕਿਹਾ, ਜਿਹੜੇ ਪੰਜਾਬੀ ਆਪਣੀ ਮਿਹਨਤ ਨਾਲ ਦੁਨੀਆ ਭਰ ਵਿੱਚ ਪੰਜਾਬ ਦਾ ਨਾਮ ਰੌਸ਼ਨ ਕਰ ਰਹੇ ਹਨ, ਉਨ੍ਹਾਂ ਦੀਆਂ ਜੜ੍ਹਾਂ ਪੰਜਾਬ ਨਾਲ ਜੁੜੀਆਂ ਹੋਈਆਂ ਹਨ। ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਦੂਰ ਬੈਠ ਕੇ ਨਹੀਂ, ਸਗੋਂ ਉਨ੍ਹਾਂ ਤੱਕ ਪਹੁੰਚ ਕੇ ਸੁਣਿਆ ਜਾਵੇ ਅਤੇ ਹੱਲ ਲਈ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ 'ਸਰਕਾਰ ਤੁਹਾਡੇ ਦੁਆਰ'ਦੀ ਭਾਵਨਾ ਨਾਲ ਲੋਕਾਂ ਅਤੇ ਪ੍ਰਵਾਸੀ ਪੰਜਾਬੀਆਂ ਨਾਲ ਸਿੱਧਾ ਸੰਪਰਕ ਕਾਇਮ ਕਰਨਾ ਹੈ। ਜਦੋਂ ਲੋਕ ਆਪਣੀ ਸਮੱਸਿਆ ਸਿੱਧੇ ਤੌਰ 'ਤੇ ਸਰਕਾਰ ਦੇ ਸਾਹਮਣੇ ਰੱਖਦੇ ਹਨ ਤਾਂ ਮਸਲੇ ਦੀ ਅਸਲ ਸਥਿਤੀ ਸਮਝਣ, ਜ਼ਿੰਮੇਵਾਰ ਵਿਭਾਗ ਦੀ ਪਛਾਣ ਕਰਨ ਅਤੇ ਅਗਲੀ ਕਾਰਵਾਈ ਨੂੰ ਤੇਜ਼ ਕਰਨ ਵਿੱਚ ਮਦਦ ਮਿਲਦੀ ਹੈ। ਬਠਿੰਡਾ ਵਿੱਚ ਹੋ ਰਹੀ ਇਸ ਮਿਲਣੀ ਨੂੰ ਮਾਲਵਾ ਖੇਤਰ ਲਈ ਮਹੱਤਵਪੂਰਨ ਦੱਸਦਿਆਂ ਚੇਅਰਮੈਨ ਨੀਲ ਗਰਗ ਨੇ ਕਿਹਾ ਕਿ ਪ੍ਰਵਾਸੀ ਪੰਜਾਬੀ ਸਿਰਫ਼ ਪੰਜਾਬ ਦੀਆਂ ਯਾਦਾਂ ਨਾਲ ਨਹੀਂ, ਸਗੋਂ ਪੰਜਾਬ ਦੀ ਆਰਥਿਕਤਾ, ਸਮਾਜ ਅਤੇ ਭਵਿੱਖ ਨਾਲ ਵੀ ਡੂੰਘੇ ਤੌਰ 'ਤੇ ਜੁੜੇ ਹੋਏ ਹਨ। ਇਸ ਲਈ ਉਨ੍ਹਾਂ ਨਾਲ ਨਿਰੰਤਰ ਸੰਵਾਦ ਪੰਜਾਬ ਦੇ ਵਿਕਾਸ ਲਈ ਵੀ ਬੇਹੱਦ ਜ਼ਰੂਰੀ ਹੈ।

ਉਨ੍ਹਾਂ ਬਠਿੰਡਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਪ੍ਰਵਾਸੀ ਪੰਜਾਬੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੌਕੇ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਮਸਲੇ, ਸੁਝਾਅ ਅਤੇ ਜ਼ਰੂਰੀ ਦਸਤਾਵੇਜ਼ ਨਾਲ ਲੈ ਕੇ ਆਉਣ, ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਬੰਧਤ ਅਧਿਕਾਰੀਆਂ ਦੇ ਸਾਹਮਣੇ ਰੱਖਿਆ ਜਾ ਸਕੇ।

# ਪਟਿਆਲਾ ਦੇ ਵੱਖ-ਵੱਖ ਪਿੰਡਾਂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਪਟਿਆਲਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਪਟਿਆਲਾ ਦੇ ਪਿੰਡ ਕਿਸ਼ਨਪੁਰ, ਜਲਾਲਾਬਾਦ ਅਤੇ ਅਕਬਰਪੁਰ ਅਫਘਾਨਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਨੌਜਵਾਨਾਂ ਦੇ ਭਵਿੱਖ ਲਈ ਉਦਯੋਗ, ਕਾਰੋਬਾਰ ਅਤੇ ਸਵੈ-ਰੁਜ਼ਗਾਰ ਨੂੰ ਹੁਲਾਰਾ ਦੇਣਾ ਸਮੇਂ ਦੀ ਲੋੜ: ਜਸਵੀਰ ਸਿੰਘ ਗੜ੍ਹੀ



**ਮਲੇਰਕੋਟਲਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਨੌਜਵਾਨਾਂ ਦੇ ਭਵਿੱਖ ਲਈ ਉਦਯੋਗ, ਕਾਰੋਬਾਰ ਅਤੇ ਸਵੈ-ਰੁਜ਼ਗਾਰ ਨੂੰ ਹੁਲਾਰਾ ਦੇਣ ਦੀ ਲੋੜ 'ਤੇ ਦਿੱਤਾ ਜ਼ੋਰ ਦਿੰਦਿਆ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਪਲਾਨ ਹੋਣ ਤੋਂ ਰੋਕਣ ਲਈ ਉਦਯੋਗ, ਕਾਰੋਬਾਰ ਅਤੇ ਸਵੈ-ਰੁਜ਼ਗਾਰ ਨੂੰ ਉਤਸ਼ਾਹਿਤ ਕਰਕੇ ਨੌਜਵਾਨਾਂ ਨੂੰ ਬਿਹਤਰ ਭਵਿੱਖ ਦੇ ਮੌਕੇ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ। ਚੇਅਰਮੈਨ ਜਸਵੀਰ ਸਿੰਘ ਗੜ੍ਹੀ ਆਪਣੀ ਅਹਿਮਦਗੜ੍ਹ ਫੇਰੀ ਦੌਰਾਨ ਵਿਸ਼ੇਸ਼ ਤੌਰ 'ਤੇ ਉੱਘੇ ਉਦਯੋਗਪਤੀ ਜੈ ਗੋਪਾਲ ਗੋਇਲ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਪਰਿਵਾਰਕ ਮਿਲਣੀ ਦੌਰਾਨ ਪੰਜਾਬ, ਪੰਜਾਬੀਅਤ ਅਤੇ ਸਮਾਜਿਕ ਸਰੋਕਾਰਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਅਤੇ ਗੋਇਲ ਦੇ ਪਰਿਵਾਰ ਵੱਲੋਂ ਪੰਜਾਬ ਅਤੇ ਪੰਜਾਬੀਅਤ ਦੀ ਸੇਵਾ ਅਤੇ ਨੌਜਵਾਨਾਂ ਲਈ ਰੋਜਗਾਰ ਦੇ ਮੌਕੇ ਪੈਦਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।

ਪੰਜਾਬ ਵਿੱਚ ਦੂਜੇ ਸੂਬਿਆਂ ਤੋਂ ਆਉਣ ਵਾਲੇ ਲੋਕਾਂ ਸਬੰਧੀ ਪੱਤਰਕਾਰਾਂ ਵਲੋਂ ਪੁੱਛੇ ਸਵਾਲ ਦਾ ਜਵਾਬ ਦਿੰਦਿਆ ਉਨ੍ਹਾਂ ਕਿਹਾ ਕਿ ਭਾਰਤ ਦੇ ਸਾਰੇ ਨਾਗਰਿਕਾਂ ਨੂੰ ਸੰਵਿਧਾਨ ਅਨੁਸਾਰ ਦੇਸ਼ ਦੇ ਕਿਸੇ ਵੀ ਹਿੱਸੇ ਵਿੱਚ ਰਹਿਣ ਅਤੇ ਕਾਨੂੰਨੀ ਤਰੀਕੇ ਨਾਲ ਕਾਰੋਬਾਰ ਕਰਨ ਦਾ ਅਧਿਕਾਰ ਹੈ।

ਗੈਰ-ਕਾਨੂੰਨੀ ਢੰਗ ਨਾਲ ਰਹਿ ਰਹੇ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ, ਪਰ ਕਾਨੂੰਨੀ ਤੌਰ 'ਤੇ ਰਹਿ ਰਹੇ ਲੋਕਾਂ ਨਾਲ ਭੇਦਭਾਵ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਨੇ ਹਮੇਸ਼ਾ ਸਰਬੱਤ ਦੇ ਭਲੇ, ਸਾਂਝੀਵਾਲਤਾ ਅਤੇ ਮਨੁੱਖੀ ਏਕਤਾ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਰੁਜ਼ਗਾਰ ਅਤੇ ਭਵਿੱਖ ਨੂੰ ਕੇਂਦਰ ਵਿੱਚ ਰੱਖਦਿਆਂ ਉਦਯੋਗਿਕ ਵਿਕਾਸ ਅਤੇ ਰੁਜ਼ਗਾਰ ਦੇ ਮੌਕੇ ਵਧਾਉਣ ਲਈ ਠੋਸ ਨੀਤੀਆਂ ਦੀ ਲੋੜ ਹੈ।

ਅਨੁਸੂਚਿਤ ਜਾਤੀ ਵਰਗ ਦੇ ਮੁੱਦਿਆਂ ਬਾਰੇ ਉਨ੍ਹਾਂ ਕਿਹਾ ਕਿ ਕਿਸੇ ਵੀ ਮਹਾਨ ਸ਼ਖ਼ਸੀਅਤ ਦੀ ਪਹਿਚਾਣ ਉਸ ਦੀ ਜਾਤ ਨਹੀਂ, ਸਗੋਂ ਉਸ ਦੀਆਂ ਸੇਵਾਵਾਂ ਅਤੇ ਉਪਲਬਧੀਆਂ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਧਾਰਮਿਕ ਮਹਾਨ ਸ਼ਖ਼ਸੀਅਤਾਂ ਨੂੰ ਰਾਜਨੀਤਿਕ ਪ੍ਰਚਾਰ ਤੋਂ ਦੂਰ ਰੱਖਣ ਦੀ ਅਪੀਲ ਵੀ ਕੀਤੀ।

ਉਨ੍ਹਾਂ ਕਿਹਾ ਕਿ ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਵਚਨਬੱਧ ਹੈ ਅਤੇ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰ ਰਿਹਾ ਹੈ।

ਇਸ ਮੌਕੇ ਡੀ.ਐਸ.ਪੀ. ਅਹਿਮਦਗੜ੍ਹ ਇੰਦਰਪਾਲ ਸਿੰਘ ਚੋਹਾਨ, ਜ਼ਿਲ੍ਹਾ ਮਾਲ ਅਫ਼ਸਰ ਨਵਜੋਤ ਤਿਵਾੜੀ, ਸਦਰ ਕਾਨਗੋ ਹਰਵੀਰ ਸਿੰਘ ਢੀਂਡਸਾ, ਐਡਵੋਕੇਟ ਮੁਨੀਸ਼ ਕੁਮਾਰ, ਜਗਦੀਸ਼ ਗੋਇਲ,ਰਾਜੇਸ਼ ਗੋਇਲ, ਹਰੀਸ਼ ਗੋਇਲ, ਮੁਹੰਮਦ ਇਸਤਹਾਕ, ਗੁਰਵਿੰਦਰ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

# ਪੰਜਾਬੀ ਖਿੱਤਾ ਬਹੁਤ ਸਾਰੀਆਂ ਭਾਸ਼ਾਵਾਂ ਦਾ ਪੰਘੂੜਾ- ਜਸਵੰਤ ਸਿੰਘ ਜ਼ਫ਼ਰ; ਭਾਸ਼ਾ ਵਿਭਾਗ ਪੰਜਾਬ ਨੇ ਮਨਾਇਆ ਸੰਸਕ੍ਰਿਤ ਦਿਵਸ



**ਪਟਿਆਲਾ, 27 ਅਗਸਤ**
**-ਛਤਰਪਾਲ ਸਿੰਘ-**

ਭਾਸ਼ਾ ਵਿਭਾਗ ਪੰਜਾਬ ਨੇ ਇੱਥੇ ਭਾਸ਼ਾ ਭਵਨ ਦੇ ਸੈਮੀਨਾਰ ਹਾਲ ਵਿਖੇ ਸੰਸਕ੍ਰਿਤ ਦਿਵਸ ਮਨਾਇਆ। ਜਿਸ ਦੌਰਾਨ ਵੱਖ-ਵੱਖ ਵਿਦਵਾਨਾਂ ਨੇ ਵਿਚਾਰ ਪੇਸ਼ ਕੀਤੇ ਅਤੇ ਕਵੀਸ਼ਰੀ ਜਥੇ ਨੇ ਗਾਇਨ ਨਾਲ ਸਮਾਗਮ ਨੂੰ ਵਿਲੱਖਣਤਾ ਪ੍ਰਦਾਨ ਕੀਤੀ। ਸ਼੍ਰੋਮਣੀ ਸੰਸਕ੍ਰਿਤ ਸਾਹਿਤਕਾਰ ਡਾ. ਮਹੇਸ਼ ਚੰਦਰ ਸ਼ਰਮਾ ਗੌਤਮ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ ਅਤੇ ਸੰਸਕ੍ਰਿਤ ਭਾਰਤੀ ਦੇ ਉੱਤਰੀ ਭਾਰਤ ਖੇਤਰ ਦੇ ਕੋਆਰਡੀਨੇਟਰ ਸ੍ਰੀ ਨਰੇਂਦਰ ਕੁਮਾਰ ਨੇ ਮੁੱਖ ਵਕਤਾ ਵਜੋਂ ਵਿਚਾਰ ਪੇਸ਼ ਕੀਤੇ। ਉੱਘੇ ਕਵੀਸ਼ਰ ਭੀਮ ਸਿੰਘ ਮੌੜਾਂ ਵਾਲਿਆਂ ਨੇ ਕਾਵਿ ਗਾਇਨ ਕੀਤਾ।

ਡਾਇਰੈਕਟਰ ਭਾਸ਼ਾ ਵਿਭਾਗ ਸ. ਜਸਵੰਤ ਸਿੰਘ ਜ਼ਫ਼ਰ ਨੇ ਸਵਾਗਤੀ ਭਾਸ਼ਨ ਦੌਰਾਨ ਕਿਹਾ ਕਿ ਪੰਜਾਬੀ ਖਿੱਤਾ ਭਾਸ਼ਾਵਾਂ ਦਾ ਪੰਘੂੜਾ ਹੈ। ਜਿੱਥੇ ਪੰਜਾਬੀ, ਹਿੰਦੀ, ਉਰਦੂ ਤੇ ਸੰਸਕ੍ਰਿਤ ਸਮੇਤ ਬਹੁਤ ਸਾਰੀਆਂ ਭਾਸ਼ਾਵਾਂ ਪ੍ਰਫੁੱਲਤ ਹੋਈਆਂ ਤੇ ਪ੍ਰਵਾਨ ਚੜ੍ਹੀਆਂ। ਇਨ੍ਹਾਂ ਭਾਸ਼ਾਵਾਂ 'ਚੋਂ ਪੁਰਾਤਨ ਹੋਣ ਕਰਕੇ ਸੰਸਕ੍ਰਿਤ ਦਾ ਸਥਾਨ ਨਾਨੀ ਵਰਗਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਮਾਣ ਹੋਣਾ ਚਾਹੀਦਾ ਹੈ ਕਿ ਦੁਨੀਆ ਦਾ ਪਹਿਲਾ ਸਾਹਿਤ ਰਿਗਵੇਦ ਦੇ ਰੂਪ 'ਚ ਸਾਡੀ ਧਰਤੀ 'ਤੇ ਸੰਸਕ੍ਰਿਤ ਭਾਸ਼ਾ 'ਚ ਸਿਰਜਿਆ ਗਿਆ। ਦੁਨੀਆ ਦੇ ਸਰਬ ਪ੍ਰਵਾਨਿਤ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਵੀ ਸੰਸਕ੍ਰਿਤ ਦੀ ਸ਼ਬਦਾਵਲੀ ਵੱਡੀ ਮਾਤਰਾ 'ਚ ਵਰਤੀ ਗਈ ਹੈ। ਜਿਸ ਤੋਂ ਸੰਸਕ੍ਰਿਤ ਭਾਸ਼ਾ ਦੇ ਸਥਾਨ ਬਾਰੇ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਇਸ ਕਰਕੇ ਕਿਹਾ ਜਾ ਸਕਦਾ ਹੈ ਕਿ ਸਾਡੇ ਪੁਰਖਿਆਂ ਨੇ ਸੰਸਾਰ ਨੂੰ ਵਿਦਿਆ ਤੇ ਸਿਆਣਪ ਪ੍ਰਦਾਨ ਕੀਤੀ। ਅਫਸੋਸ ਦੀ ਗੱਲ ਇਹ ਹੈ ਕਿ ਇਸ ਖਿੱਤੇ ਦੀਆਂ ਭਾਸ਼ਾਵਾਂ ਨੂੰ ਸਿਆਸਤ ਨੇ ਵੰਡ ਪਾਉਣ ਲਈ ਵਰਤਿਆ।

ਵਕਤਾ ਸ੍ਰੀ ਨਰੇਂਦਰ ਕੁਮਾਰ ਨੇ ਕਿਹਾ ਕਿ ਕਿਸੇ ਵੀ ਰਾਸ਼ਟਰ ਦੀ ਸਿਰਜਣਾ ਤੇ ਹੋਂਦ ਦਾ ਅਧਾਰ ਉੱਥੇ ਦੀ ਭਾਸ਼ਾ, ਸੰਸਕ੍ਰਿਤੀ ਤੇ ਭੂਮੀ ਨੂੰ ਮੰਨਿਆ ਜਾਂਦਾ ਹੈ। ਸਾਨੂੰ ਮਾਣ ਹੈ ਕਿ ਸਾਡੇ ਕੋਲ ਸੰਸਕ੍ਰਿਤ ਵਰਗੀ ਭਾਸ਼ਾ ਹੈ, ਰਿਸ਼ੀਆਂ-ਮੁਨੀਆਂ ਵਾਲੀ ਸੰਸਕ੍ਰਿਤੀ ਤੇ ਮਹਾਂਪੁਰਖਾਂ ਦੀ ਵਰਸੋਈ ਭੂਮੀ ਹੈ। ਉਨ੍ਹਾਂ ਕਿਹਾ ਦੁਨੀਆ ਦੇ ਬਹੁਤ ਸਾਰੇ ਮੁਲਕਾਂ ਦੀ ਉਪਰੋਕਤ ਤਿੰਨ ਚੀਜ਼ਾਂ ਦੀ ਸੰਭਾਲ ਤੇ ਪਹਿਚਾਣ ਨਾ ਹੋਣ ਕਰਕੇ ਹੋਂਦ ਖਤਮ ਹੋ ਗਈ ਜਾਂ ਖਤਰੇ 'ਚ ਪੈ ਗਈ। ਉਨ੍ਹਾਂ ਕਿਹਾ ਕਿ ਭਾਰਤ ਦੀਆਂ ਬਹੁਤ ਸਾਰੀਆਂ ਭਾਸ਼ਾਵਾਂ ਦੀਆਂ ਜੜ੍ਹਾਂ ਸੰਸਕ੍ਰਿਤ 'ਚ ਹਨ, ਭਾਸ਼ਾਵਾਂ ਨੂੰ ਸਮਝਣ ਲਈ ਸੰਸਕ੍ਰਿਤ ਭਾਸ਼ਾ ਨੂੰ ਸਮਝਣਾ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੇ ਜਿਆਦਾਤਰ ਸੂਬਿਆਂ ਦੀ ਪਹਿਚਾਣ ਉਨ੍ਹਾਂ ਦੀ ਭਾਸ਼ਾ ਤੋਂ ਬਣੀ ਹੋਈ ਹੈ, ਜੋ ਦੇਸ਼ ਦੀ ਵੰਨ-ਸੁਵੰਨਤਾ ਦਾ ਪ੍ਰਮਾਣ ਹੈ।

ਇਸ ਮੌਕੇ ਨਾਮਵਰ ਕਵੀਸ਼ਰ ਭੀਮ ਸਿੰਘ ਮੌੜਾਂ ਵਾਲਿਆਂ ਦੇ ਜਥੇ ਨੇ ਸੰਸਕ੍ਰਿਤ 'ਚ ਵੰਦਨਾ ਗਾ ਕੇ ਸ਼ੁਰੂਆਤ ਕੀਤੀ। ਫਿਰ ਸਾਡੇ ਸੰਸਕ੍ਰਿਤ ਦੇ ਆਦਿ ਸਾਹਿਤ ਵਿੱਚ ਪ੍ਰਾਪਤ ਬੋਧ ਦੇ ਅਧਾਰਤ ਕਵੀਸ਼ਰੀਆਂ ਪੇਸ਼ ਕੀਤੀਆਂ। 'ਪਰਉਪਕਾਰ ਕਰਨ ਲਈ ਬੇਟੇ ਤੂੰ ਦੁਨੀਆ 'ਤੇ ਆਇਆ' ਤੇ ਰੁੱਖੀਆਂ ਨਾ ਖਾਈ, ਚੋਪੜ ਕੇ ਖਾਈ' ਆਦਿ ਕਵਿਤਾਵਾਂ ਰਾਹੀਂ ਸਮਾਗਮ ਨੂੰ ਸਿਖ਼ਰ 'ਤੇ ਪਹੁੰਚਾ ਦਿੱਤਾ। ਆਪਣੇ ਪ੍ਰਧਾਨਗੀ ਭਾਸ਼ਨ 'ਚ ਡਾ. ਮਹੇਸ਼ ਚੰਦਰ ਸ਼ਰਮਾ ਗੌਤਮ ਨੇ ਕਿਹਾ ਕਿ ਇਸ ਸਮੇਂ ਸੰਸਕ੍ਰਿਤ ਭਾਸ਼ਾ ਸਾਡੇ ਦੇਸ਼ 'ਚ ਬਹੁਤ ਪ੍ਰਫੁੱਲਤ ਹੋ ਰਹੀ ਹੈ ਭਾਵ ਆਪਣੇ ਸੁਨਹਿਰੀ ਦੌਰ 'ਚੋਂ ਗੁਜ਼ਰ ਰਹੀ ਹੈ। ਉਨ੍ਹਾਂ ਭਾਸ਼ਾ ਵਿਭਾਗ ਵੱਲੋਂ ਸੰਸਕ੍ਰਿਤ ਭਾਸ਼ਾ ਦੇ ਵਿਕਾਸ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਕਿਹਾ ਕਿ ਸੰਸਕ੍ਰਿਤ ਦਾ ਪੰਜਾਬੀ ਭਾਸ਼ਾ ਨਾਲ ਨੇੜਲਾ ਸਬੰਧ ਹੈ। ਜਿਸ ਦਾ ਪ੍ਰਮਾਣ ਇਸ ਗੱਲ ਤੋਂ ਮਿਲਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਮਝਣ ਲਈ ਸੰਸਕ੍ਰਿਤ ਦਾ ਗਿਆਨ ਹੋਣਾ ਲਾਜ਼ਮੀ ਹੈ।

ਸ੍ਰੀ ਪ੍ਰਾਣ ਸੱਭਰਵਾਲ ਨੇ ਆਪਣੀਆਂ ਸਰਗਰਮੀਆਂ ਅਤੇ ਪੜ੍ਹਾਈ ਵਿੱਚ ਸੰਸਕ੍ਰਿਤ ਦੇ ਹਿੱਸੇ ਬਾਰੇ ਦਿਲਚਸਪ ਗੱਲਾਂ ਕੀਤੀਆਂ। ਅਖ਼ੀਰ ਵਿੱਚ ਸਾਰੇ ਮਹਿਮਾਨਾਂ ਤੇ ਕਵੀਸ਼ਰੀ ਜਥੇ ਦਾ ਵਿਭਾਗੀ ਸ਼ਾਲਾਂ ਤੇ ਪੁਸਤਕਾਂ ਨਾਲ ਸਨਮਾਨ ਕੀਤਾ ਗਿਆ। ਡਿਪਟੀ ਡਾਇਰੈਕਟਰ ਆਲੋਕ ਚਾਵਲਾ ਨੇ ਸਭ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਸਹਾਇਕ ਨਿਰਦੇਸ਼ਕਾ ਦੇਵਿੰਦਰ ਕੌਰ ਨੇ ਕੀਤਾ। ਇਸ ਮੌਕੇ ਪਦਮਸ੍ਰੀ ਪ੍ਰਾਣ ਸੱਭਰਵਾਲ, ਉੱਤਰ ਖੇਤਰ ਸੱਭਿਆਚਾਰਕ ਕੇਂਦਰ ਦੇ ਸਹਾਇਕ ਨਿਰਦੇਸ਼ਕ ਰਵਿੰਦਰ ਸ਼ਰਮਾ, ਡਾ. ਪੁਸ਼ਪਿੰਦਰ ਕੌਰ, ਨਵੀਨ ਭਾਰਤੀ, ਡਾ. ਆਸ਼ਾ ਕਿਰਨ, ਸ਼ਾਇਰ ਅਵਤਾਰਜੀਤ, ਗੁਰਦਰਸ਼ਨ ਸਿੰਘ ਗੁਸੀਲ, ਗੁਲਜ਼ਾਰ ਪਟਿਆਲਵੀ, ਵਿਨੋਦ ਕੌਸ਼ਲ, ਜੋਗਾ ਸਿੰਘ ਖੀਵਾ ਤੇ ਵੱਡੀ ਗਿਣਤੀ 'ਚ ਸਾਹਿਤ ਰਸੀਏ ਹਾਜ਼ਰ ਸਨ।

# ਤਾਕਤ ਦੇ ਨਸ਼ੇ ਵਿਚ ਪੰਥ ਨੂੰ ਚੁਣੌਤੀ ਦੇਣ ਵਾਲਿਆਂ ਨੂੰ ਕੌਮ ਕਦੇ ਵੀ ਪ੍ਰਵਾਨ ਨਹੀਂ ਕਰੇਗੀ :ਗਿਆਨੀ ਕੁਲਦੀਪ ਸਿੰਘ ਗੜਗੱਜ

- ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਸੰਗਤਾਂ 29 ਅਗਸਤ ਨੂੰ ਕਰਨ ਅਰਦਾਸ: ਐਡਵੋਕੇਟ ਧਾਮੀ
- ਮੀਰੀ ਪੀਰੀ ਖਾਲਸਾ ਮਾਰਚ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਤੋਂ ਅਗਲੇ ਪੜਾਅ ਲਈ ਹੋਇਆ ਰਵਾਨਾ

**ਅੰਮ੍ਰਿਤਸਰ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿੱਖ ਸੰਗਤ ਨੂੰ ਗੁਰਮਤਿ ਪ੍ਰੰਪਰਾਵਾਂ, ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜੋੜਨ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਪ੍ਰੇਰਣਾ ਦੇਣ ਦੇ ਮੰਤਵ ਨਾਲ ਆਰੰਭ ਹੋਇਆ ਮੀਰੀ ਪੀਰੀ ਖ਼ਾਲਸਾ ਮਾਰਚ ਦੂਸਰੇ ਪੜਾਅ ਤਹਿਤ ਅੱਜ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਤੋਂ ਪੰਥਕ ਰਵਾਇਤਾਂ ਨਾਲ ਅਗਲੇ ਪੜਾਅ ਗੁਰਦੁਆਰਾ ਚੁਲੇ ਬਾਬਾ ਆਲਾ ਸਿੰਘ ਜੀ ਲੌਂਗੋਵਾਲ ਲਈ ਰਵਾਨਾ ਹੋਇਆ। ਖ਼ਾਲਸਾ ਮਾਰਚ ਦੀ ਰਵਾਨਗੀ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਮੌਕੇ ਸਜੇ ਧਾਰਮਿਕ ਦੀਵਾਨ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਥਾ-ਵਿਚਾਰ ਕਰਦਿਆਂ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ ਅਤੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ। ਰਵਾਨਗੀ ਦੀ ਅਰਦਾਸ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਤੇ ਕੀਤੀ, ਜਿਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਪਾਲਕੀ ’ਚ ਸ਼ੁਸ਼ੋਭਿਤ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਤਿਹਾਸ ਦਾ ਜ਼ਿਕਰ ਕਰਦਿਆਂ ਕਿਹਾ ਕਿ ਰਾਏਕੋਟ ਦੀ ਧਰਤੀ ’ਤੇ ਦਸਵੇਂ ਪਾਤਸ਼ਾਹ ਨੇ ਨੂਰੇ ਮਾਹੀ ਤੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਖ਼ਬਰ ਸੁਣ ਕੇ ਤੀਰ ਨਾਲ ਕਾਹੀ ਦਾ ਬੂਟਾ ਪੁੱਟਦਿਆਂ ਕਿਹਾ ਸੀ ਕਿ ਜ਼ੁਲਮੀ ਰਾਜ ਦੀ ਜੜ੍ਹ ਪੁੱਟੀ ਗਈ। ਉਨ੍ਹਾਂ ਕਿਹਾ ਕਿ ਇਹ ਇਤਿਹਾਸ ਸਾਨੂੰ ਅੱਜ ਵੀ ਜ਼ੁਲਮ ਨਾਲ ਲੜਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਖ਼ਾਲਸੇ ਦੀ ਇਹ ਵਿਰਾਸਤ ਹੈ ਕਿ ਜਦੋਂ ਵੀ ਹਕੂਮਤਾਂ ਨੇ ਪੰਥ ’ਤੇ ਚੜ੍ਹਾਈ ਕੀਤੀ ਤਾਂ ਖ਼ਾਲਸੇ ਨੇ ਡੱਟ ਕੇ ਮੁਕਾਬਲਾ ਕੀਤਾ। ਉਨ੍ਹਾਂ ਕਿਹਾ ਕਿ ਅੱਜ ਵੀ ਹਕੂਮਤਾਂ ਤਾਕਤ ਦੇ ਨਸ਼ੇ ਵਿਚ ਪੰਥਕ ਪ੍ਰੰਪਰਾਵਾਂ ਨੂੰ ਚੁਣੌਤੀ ਦੇਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਜਿਸ ਨੂੰ ਪੰਥ ਕਦੇ ਪ੍ਰਵਾਨ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੀ ਸਿੱਖ ਮਾਮਲਿਆਂ ਵਿਚ ਦਖ਼ਲ ਦੇ ਰਹੀ ਹੈ, ਜਿਸ ਨੂੰ ਖ਼ਾਲਸਾ ਪੰਥ ਚੰਗੀ ਤਰ੍ਹਾਂ ਸਮਝਦਾ ਹੈ ਅਤੇ ਨੇੜਿਓਂ ਦੇਖ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਪੰਥ ਦੀ ਸਹਿਮਤੀ ਬਿਨਾਂ ਸਿੱਖਾਂ ਨਾਲ ਸਬੰਧਤ ਕੋਈ ਵੀ ਨੀਤੀ ਜਾਂ ਕਾਨੂੰਨ ਲਾਗੂ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸੰਗਤਾਂ ਨੂੰ ਸਿੱਖ ਪ੍ਰੰਪਰਾਵਾਂ ’ਤੇ ਸਵਾਲ ਚੁੱਕਣ ਵਾਲੀਆਂ ਤਾਕਤਾਂ ਤੋਂ ਵੀ ਸੁਚੇਤ ਰਹਿਣ ਦੀ ਪ੍ਰੇਰਣਾ ਕੀਤੀ।



ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨੂੰ ਅਪੀਲ ਕੀਤੀ ਕਿ 29 ਅਗਸਤ ਨੂੰ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਸਮੂਹ ਗੁਰਦੁਆਰਾ ਸਾਹਿਬਾਨ ਵਿਚ ਅਰਦਾਸ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਬੰਦੀ ਸਿੰਘ ਜੋ ਕਾਨੂੰਨੀ ਸਜ਼ਾਵਾਂ ਤੋਂ ਵੀ ਕਿਤੇ ਵਧੇਰੇ ਸਮਾਂ ਜੇਲ੍ਹਾਂ ਵਿਚ ਬਿਤਾ ਚੁੱਕੇ ਹਨ, ਸਰਕਾਰਾਂ ਵੱਲੋਂ ਉਨ੍ਹਾਂ ਨਾਲ ਬੇਇਨਸਾਫ਼ੀ ਕੀਤੀ ਜਾ ਰਹੀ ਹੈ ਅਤੇ ਕੌਮ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਕੀਤੀ ਜਾ ਰਹੀ ਮੰਗ ਪ੍ਰਤੀ ਵੀ ਸਰਕਾਰਾਂ ਦਾ ਰਵੱਈਆ ਵਿਤਕਰੇ ਵਾਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖ ਦਾ ਹਮੇਸ਼ਾ ਗੁਰੂ ’ਤੇ ਭਰੋਸਾ ਹੈ ਅਤੇ ਹਰ ਔਖੇ ਸਮੇਂ ਸਿੱਖ ਅਰਦਾਸ ਕਰਕੇ ਸ਼ਕਤੀ ਪ੍ਰਾਪਤ ਕਰਦਾ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਜਲਦ ਰਿਹਾਈ ਹੋਵੇ ਤੇ ਉਹ ਚੜ੍ਹਦੀ ਕਲਾ ਵਿਚ ਰਹਿਣ, ਇਸ ਲਈ 27 ਅਗਸਤ ਨੂੰ ਸਮੂਹ ਗੁਰਦੁਆਰਾ ਸਾਹਿਬਾਨ ਵਿਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣੇ ਅਤੇ 29 ਅਗਸਤ ਨੂੰ ਭੋਗ ਪਾ ਕੇ ਅਰਦਾਸ ਕੀਤੀ ਜਾਵੇਗੀ। ਇਸੇ ਤਰ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਵਿਦਿਅਕ ਅਦਾਰਿਆਂ ਵਿਚ ਵੀ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਕੇ ਅਰਦਾਸ ਕੀਤੀ ਜਾਵੇਗੀ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ 29 ਜੂਨ ਨੂੰ ਹਰ ਪਿੰਡ ਦੇ ਗੁਰਦੁਆਰਾ ਸਾਹਿਬਾਨ ਵਿਚ ਵੀ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਵੇ। ਇਸੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਵੀ ਸੰਗਤਾਂ ਨੂੰ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਨ ਅਤੇ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਪ੍ਰੇਰਣਾ ਕੀਤੀ। ਜ਼ਿਕਰਯੋਗ ਹੈ ਕਿ ਮੀਰੀ ਪੀਰੀ ਖਾਲਸਾ ਮਾਰਚ ਪ੍ਰਤੀ ਸੰਗਤ ਅੰਦਰ ਵੱਡਾ ਉਤਸ਼ਾਹ ਹੈ। ਮਾਰਚ ਦੌਰਾਨ ਵੱਖ-ਵੱਖ ਪੜਾਵਾਂ ’ਤੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੌਜੁਆਨਾਂ ਨੂੰ ਸਾਬਤ ਸੂਰਤ ਹੋਣ ਅਤੇ ਨਸ਼ੇ ਛੱਡਣ ਲਈ ਪ੍ਰੇਰਿਤ ਕਰ ਰਹੇ ਹਨ। ਖ਼ੁਸ਼ੀ ਵਾਲੀ ਗੱਲ ਹੈ ਕਿ ਬਹੁਤ ਸਾਰੇ ਨੌਜੁਆਨ ਜਿਥੇ ਸਾਬਤ ਸੂਰਤ ਹੋਣ ਦਾ ਪ੍ਰਣ ਕਰ ਰਹੇ ਹਨ, ਉਥੇ ਹੀ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਤਿਆਰ ਹੋ ਰਹੇ ਹਨ।

ਮੀਰੀ ਪੀਰੀ ਖਾਲਸਾ ਮਾਰਚ ਅੱਜ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਤੋਂ ਆਰੰਭ ਹੋ ਕੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਚੁੱਲੇ ਬਾਬਾ ਆਲਾ ਸਿੰਘ ਜੀ ਲੌਂਗੋਵਾਲ ਵਿਖੇ ਪੁੱਜੇਗਾ, ਜਿਥੋਂ ਭਲਕੇ ਅਗਲੇ ਪੜਾਅ ਲਈ ਰਵਾਨਾ ਹੋਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਕੇਵਲ ਸਿੰਘ ਬਾਦਲ, ਸ. ਜਗਜੀਤ ਸਿੰਘ ਤਲਵੰਡੀ, ਬਾਬਾ ਬੂਟਾ ਸਿੰਘ, ਸ. ਭੁਪਿੰਦਰ ਸਿੰਘ ਭਲਵਾਨ, ਸੀਨੀਅਰ ਅਕਾਲੀ ਆਗੂ ਸ. ਆਰ.ਐਸ. ਕਲੇਰ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸਮੇਸ਼ ਤਰਨਾ ਦਲ, ਹਲਕਾ ਇੰਚਾਰਜ ਸ. ਬਲਵਿੰਦਰ ਸਿੰਘ ਸੰਧੂ, ਬਾਬਾ ਸਰਬਜੋਤ ਸਿੰਘ, ਬਾਬਾ ਲਖਵੀਰ ਸਿੰਘ ਠਾਠ ਵੜੈਚ, ਮਾਸਟਰ ਗੁਰਮੀਤ ਸਿੰਘ, ਸਰਪੰਚ ਬੀਬੀ ਸਵਰਨਜੋਤ ਕੌਰ, ਚੇਅਰਮੈਨ ਸ. ਅਮਰਜੀਤ ਸਿੰਘ, ਸ. ਅਵਤਾਰ ਸਿੰਘ ਬੰਦੇਸ਼ਾਂ, ਇੰਚਾਰਜ ਸ. ਗੁਰਭਾਗ ਸਿੰਘ, ਹੈੱਡ ਗ੍ਰੰਥੀ ਭਾਈ ਮੋਹਿੰਦਰ ਸਿੰਘ, ਪ੍ਰਚਾਰਕ ਭਾਈ ਸਰਬਜੀਤ ਸਿੰਘ ਲੁਧਿਆਣਾ, ਕਥਾਵਾਚਕ ਸ. ਬਲਬੀਰ ਸਿੰਘ, ਸ. ਪਲਵਿੰਦਰ ਸਿੰਘ ਰਾਏਕੋਟ, ਮੈਨੇਜਰ ਸ. ਤਰਸੇਮ ਸਿੰਘ, ਸ. ਜਸਬੀਰ ਸਿੰਘ, ਸ. ਮਨਜੀਤ ਸਿੰਘ, ਸ. ਪਲਵਿੰਦਰ ਸਿੰਘ ਰਾਏਕੋਟ, ਚੇਅਰਮੈਨ ਸ. ਅਮਰਜੀਤ ਸਿੰਘ, ਐਸ. ਡੀ. ਐਮ. ਖੁਸ਼ਪ੍ਰੀਤ ਸਿੰਘ, ਸ. ਰਜਿੰਦਰ ਸਿੰਘ ਕਾਕਾ, ਸ. ਪ੍ਰਭਜੋਤ ਸਿੰਘ ਧਾਲੀਵਾਲ, ਹੀਰਾ ਲਾਲ ਬਾਂਸਲ, ਪ੍ਰਿੰਸੀਪਲ ਸ. ਬਲਕਾਰ ਸਿੰਘ, ਬਾਬਾ ਕੇਵਲ ਸਿੰਘ ਹਜ਼ੂਰ ਸਾਹਿਬ, ਬਾਬਾ ਗੁਰਭਾਗ ਸਿੰਘ ਕਾਰਸੇਵਾ, ਸ. ਨਿਰਭੈ ਸਿੰਘ, ਸ. ਅਮਰੀਕ ਸਿੰਘ ਸੁਧਾਰ, ਸ. ਅੰਕਿਤਪਾਲ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

## ਉਮੀਦ ਐੱਨਜੀਓ ਦੇ ਬੱਚਿਆਂ ਨੇ ਮੁੱਖ ਸਕੱਤਰ, ਚੰਡੀਗੜ੍ਹ ਨਾਲ ਰੱਖੜੀ ਮਨਾਈ



**ਚੰਡੀਗੜ੍ਹ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਮਾਜ ਭਲਾਈ ਵਿਭਾਗ, ਚੰਡੀਗੜ੍ਹ ਦੀ ਨਿਗਰਾਨੀ ਵਿੱਚ ਸੰਚਾਲਿਤ ਸਮਾਇਲ (ਸਪੋਰਟ ਫੌਰ ਮਾਰਜਿਨਲਾਇਜ਼ਡ ਇੰਡਿਵਿਜ਼ੁਅਲਸ ਫੌਰ ਲਾਇਵਲੀਹੁੱਡ ਐਂਡ ਐਂਟਰਪ੍ਰਾਇਜ) ਪ੍ਰੋਗਰਾਮ ਦੀ ਲਾਗੂਕਰਨ ਏਜੰਸੀ, ‘ਉਮੀਦ ਐੱਨਜੀਓ’ ਦੀ ਚੰਡੀਗੜ੍ਹ ਟੀਮ ਨੇ ਰੱਖੜੀ ਦਾ ਤਿਉਹਾਰ ਮਨਾਉਣ ਲਈ ਮੁੱਖ ਸਕੱਤਰ, ਚੰਡੀਗੜ੍ਹ, ਸ਼੍ਰੀ ਐੱਚ. ਰਾਜੇਸ਼ ਪ੍ਰਸਾਦ, ਆਈਏਐੱਸ ਦੇ ਦਫ਼ਤਰ ਦਾ ਦੌਰਾ ਕੀਤਾ। ਇਸ ਵਫ਼ਦ ਵਿੱਚ ਅਜਿਹੇ ਬੱਚੇ ਸ਼ਾਮਲ ਸਨ ਜੋ ਪਹਿਲਾਂ ਸਕੂਲ ਤੋਂ ਬਾਹਰ ਸਨ, ਲੇਕਿਨ ‘ਸਮਾਇਲ’ ਪ੍ਰੋਜੈਕਟ ਦੇ ਤਹਿਤ ਉਮੀਦ ਐੱਨਜੀਓ ਦੇ ਸਮਰਪਿਤ ਪ੍ਰਯਾਸਾਂ ਦੇ ਜ਼ਰੀਏ ਹੁਣ ਉਨ੍ਹਾਂ ਨੂੰ ਰਸਮੀ ਸਿੱਖਿਆ ਦੀ ਮੁੱਖਧਾਰਾ ਵਿੱਚ ਸਫ਼ਲਤਾਪੂਰਵਕ ਸ਼ਾਮਲ ਕਰ ਲਿਆ ਗਿਆ ਹੈ। ਇਹ ਬੱਚੇ ਹੁਣ ਨਿਯਮਿਤ ਤੌਰ ’ਤੇ ਸਕੂਲ ਜਾ ਰਹੇ ਹਨ ਅਤੇ ਇੱਕ ਸੁਰੱਖਿਅਤ ਅਤੇ ਸਨਮਾਨਜਨਕ ਭਵਿੱਖ ਦੇ ਨਿਰਮਾਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਵਧਾ ਰਹੇ ਹਨ। ਗੱਲਬਾਤ ਦੌਰਾਨ, ਬਾਲੜੀਆਂ ਨੇ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ, ਆਈਏਐੱਸ ਦੇ ਗੁੱਟ ’ਤੇ ਰਵਾਇਤੀ ਰੱਖੜੀਆਂ ਬੰਨ੍ਹੀਆਂ। ਮੁੱਖ ਸਕੱਤਰ ਨੇ ਬੱਚਿਆਂ ਦਾ ਨਿੱਘਾ ਸੁਆਗਤ ਕੀਤਾ, ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਕਰਦੇ ਹੋਏ ਉਤਸ਼ਾਹਵਰਧਨ ਕੀਤਾ। ਉਨ੍ਹਾਂ ਨੇ ਬੱਚਿਆਂ ਨੂੰ ਆਪਣੀ ਪੜ੍ਹਾਈ ’ਤੇ ਧਿਆਨ ਕੇਂਦ੍ਰਿਤ ਰੱਖਣ, ਸਿੱਖਿਆ ਦੇ ਮੁੱਲ ਨੂੰ ਸਮਝਣ ਅਤੇ ਆਪਣੀਆਂ ਆਕਾਂਖਿਆਵਾਂ ਨੂੰ ਪੂਰਾ ਕਰਨ ਲਈ ਨਿਰੰਤਰ ਪ੍ਰਯਾਸ ਕਰਨ ਲਈ ਪ੍ਰੇਰਿਤ ਕੀਤਾ। ਮੁੱਖ ਸਕੱਤਰ ਨਾਲ ਇਹ ਮੁਲਾਕਾਤ ਬੱਚਿਆਂ ਲਈ ਇੱਕ ਪ੍ਰੇਰਣਾਦਾਇਕ ਅਤੇ ਯਾਦਗਾਰੀ ਅਨੁਭਵ ਸਿੱਧ ਹੋਈ, ਜਿਸ ਨੇ ਉਨ੍ਹਾਂ ਦੀ ਅੱਗੇ ਦੀ ਵਿੱਦਿਅਕ ਯਾਤਰਾ ਲਈ ਉਨ੍ਹਾਂ ਦੇ ਆਤਮਵਿਸ਼ਵਾਸ ਅਤੇ ਉਤਸ਼ਾਹ ਨੂੰ ਹੋਰ ਮਜ਼ਬੂਤ ਕੀਤਾ।

## ਜਨਮ ਅਸ਼ਟਮੀ ਮੌਕੇ 2,3,4 ਸਤੰਬਰ ਨੂੰ ਨਿਕਲਣਗੀਆਂ ਪ੍ਰਭਾਤ ਫੇਰੀਆਂ, 3 ਸਤੰਬਰ ਨੂੰ ਨਿਕਲੇਗੀ ਸ਼ੋਭਾ ਯਾਤਰਾ



**ਮਾਛੀਵਾੜਾ ਸਾਹਿਬ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਦੁਰਗਾ ਸ਼ਕਤੀ ਮੰਦਰ ਕਮੇਟੀ ਤ੍ਰਿਵੈਣੀ ਚੌਂਕ ਮਾਛੀਵਾੜਾ ਸਾਹਿਬ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਜਨਮ ਅਸ਼ਟਮੀ ਦੇ ਸ਼ੁਭ ਅਵਸਰ ਤੇ ਪ੍ਰਭਾਤ ਫੇਰੀਆਂ, ਸ਼ੋਭਾ ਯਾਤਰਾ ਅਤੇ ਮਟਕੀ ਫੋੜ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਪ੍ਰਬੰਧਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰਾ ਇਸ ਸਾਲ ਵੀ ਸ਼੍ਰੀ ਦੁਰਗਾ ਸ਼ਕਤੀ ਮੰਦਿਰ ਕਮੇਟੀ ਵੱਲੋ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਪਹਿਲੀ ਵਾਰ ਪੂਰੇ ਸ਼ਹਿਰ ਅੰਦਰ ਪ੍ਰਭਾਤ ਫੇਰੀਆਂ ਕੱਢੀਆਂ ਜਾਣਗੀਆਂ ,ਜ਼ੋ 2 ਸਤੰਬਰ ਤੋਂ ਚਾਰ ਸਤੰਬਰ ਤੱਕ ਸਵੇਰੇ 4 ਵਜੇ ਸ੍ਰੀ ਦੁਰਗਾ ਸ਼ਕਤੀ ਮੰਦਿਰ ਤੋਂ ਆਰੰਭ ਹੋਣਗੀਆਂ।ਵਿਸ਼ਾਲ ਸ਼ੋਭਾ ਯਾਤਰਾ 3 ਸਤੰਬਰ ਨੂੰ ਸ਼ਾਮ 4 ਵਜੇ ਮੰਦਿਰ ਤੋ ਰਵਾਨਾ ਹੋਵੇਗੀ ਸਮੂਹ ਭਗਤ ਪ੍ਰੇਮੀਆ ਨੂੰ ਇਸ ਸੋਭਾ ਯਾਤਰਾ ਵਿੱਚ ਆਪਣੇ ਪਰਿਵਾਰ ਸਮੇਤ ਜਰੂਰ ਸ਼ਾਮਿਲ ਹੋਣ ਦੀ ਬੇਨਤੀ ਹੈ। ਅਗਲੇ ਦਿਨ 4ਸਤੰਬਰ ਨੂੰ ਰਾਤ 8 ਤੋ ਦੇਰ ਰਾਤ ਤੱਕ ਭਗਵਾਨ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ ਤੇ ਨਾਲ ਹੀ ਮਹਾ ਆਰਤੀ ਕਰਨ ਉਪੰਰਤ ਰੀਤੀ ਰਵਾਜ ਅਨੁਸਾਰ ਮੱਟਕੀ ਫੋੜੀ ਜਾਵੇਗੀ ।ਸਾਰੇ ਭਗਤਾ ਨੂੰ ਬੇਨਤੀ ਹੈ ਕੀ ਆਪਣੇ ਲੱਡੂ ਗੋਪਾਲ ( ਬਾਲ ਰੂਪ ਕਾਨਹਾ ਜੀ ) ਮੰਦਿਰ ਵਿੱਖੇ ਜਰੂਰ ਲੈਕੇ ਆਉਣ ਜਿੰਨਾ ਦੀ ਵੱਖਰੀ ਸਟੇਜ ਬਣਾਈ ਜਾਵੇਗੀ । ਆਪ ਜੀ ਦੇ ਆਉਣ ਨਾਲ ਮੰਦਿਰ ਦੀ ਤੇ ਸ਼ਹਿਰ ਦੀ ਸੋਭਾ ਵੱਧੇਗੀ । 56 ਤਰ੍ਹਾਂ ਦੇ ਭੋਜਨਾਂ ਪਦਾਰਥਾਂ ਨਾਲ ਲੱਡੂ ਗੋਪਾਲ ਜੀ ਨੂੰ ਭੋਗ ਲਗਾਇਆ ਜਾਵੇਗਾ ।

## ਭਵਾਨੀਗੜ੍ਹ ਵਿਖੇ 30 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਵਾਟਰ ਵਰਕਸ ਦਾ ਨਰਿੰਦਰ ਕੌਰ ਭਰਾਜ ਵੱਲੋਂ ਉਦਘਾਟਨ



**ਭਵਾਨੀਗੜ੍ਹ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਭਵਾਨੀਗੜ੍ਹ ਦੇ ਵਸਨੀਕਾਂ ਅਤੇ ਬੱਸ ਸਟੈਂਡ ਵਿਖੇ ਆਉਣ-ਜਾਣ ਵਾਲੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਬੱਸ ਸਟੈਂਡ ਵਿਖੇ ਨਵੇਂ ਬਣੇ ਵਾਟਰ ਵਰਕਸ ਦਾ ਉਦਘਾਟਨ ਕੀਤਾ ਗਿਆ। ਇਸ ਪ੍ਰੋਜੈਕਟ ’ਤੇ ਕਰੀਬ 30 ਲੱਖ ਰੁਪਏ ਦੀ ਲਾਗਤ ਆਈ ਹੈ।

ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਲੋਕਾਂ ਨੂੰ ਸਾਫ਼-ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ। ਨਵੇਂ ਵਾਟਰ ਵਰਕਸ ਦੇ ਚਾਲੂ ਹੋਣ ਨਾਲ ਬੱਸ ਸਟੈਂਡ ਵਿਖੇ ਆਉਣ ਵਾਲੇ ਯਾਤਰੀਆਂ, ਦੁਕਾਨਦਾਰਾਂ, ਮੁਲਾਜ਼ਮਾਂ ਅਤੇ ਆਮ ਲੋਕਾਂ ਨੂੰ ਸਾਫ਼ ਪਾਣੀ ਦੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਹਲਕੇ ਦੇ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜ ਲਗਾਤਾਰ ਕਰਵਾਏ ਜਾ ਰਹੇ ਹਨ।

ਵਿਧਾਇਕ ਭਰਾਜ ਨੇ ਕਿਹਾ ਕਿ ਸਰਕਾਰ ਦਾ ਮੰਤਵ ਸਿਰਫ਼ ਵਿਕਾਸ ਕਾਰਜਾਂ ਦੇ ਐਲਾਨ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਸਮੇਂ ਸਿਰ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਭਵਾਨੀਗੜ੍ਹ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਲੋੜ ਅਨੁਸਾਰ ਹੋਰ ਵੀ ਬੁਨਿਆਦੀ ਢਾਂਚੇ ਨਾਲ ਸਬੰਧਤ ਕੰਮ ਕਰਵਾਏ ਜਾਣਗੇ।

ਉਨ੍ਹਾਂ ਕਿਹਾ ਕਿ ਸਾਫ਼ ਪਾਣੀ ਮਨੁੱਖੀ ਜੀਵਨ ਦੀ ਮੁੱਢਲੀ ਲੋੜ ਹੈ ਅਤੇ ਇਸ ਸਹੂਲਤ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਵਾਟਰ ਵਰਕਸ ਦੀ ਸਾਂਭ-ਸੰਭਾਲ ਅਤੇ ਪਾਣੀ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ, ਤਾਂ ਜੋ ਲੋਕਾਂ ਨੂੰ ਲਗਾਤਾਰ ਬਿਹਤਰ ਸਹੂਲਤ ਮਿਲਦੀ ਰਹੇ।

ਇਸ ਮੌਕੇ ਪ੍ਰਧਾਨ ਅਵਤਾਰ ਸਿੰਘ ਤਾਰੀ, ਵਿੱਕੀ ਐੱਮ.ਸੀ., ਐੱਮ.ਸੀ. ਰਾਜ ਨਫਰੀਆ, ਹਰੀ ਸਿੰਘ, ਰੀਟੂ ਐੱਮ.ਸੀ., ਲਖਵਿੰਦਰ ਲੱਖਾ, ਸੁਰਬੀ ਧੀਮਾਨ ਅਤੇ ਗੁਰਪ੍ਰੀਤ ਬਾਬਾ ਸਮੇਤ ਹੋਰ ਪਤਵੰਤੇ ਅਤੇ ਸਥਾਨਕ ਆਗੂ ਹਾਜ਼ਰ ਸਨ।

## ਪੱਤਰਕਾਰ ਮਨਿੰਦਰਜੀਤ ਸਿੱਧੂ ਉੱਪਰ ਦਰਜ ਹੋਏ ਪਰਚੇ ਦੇ ਵਿਰੋਧ ਵਿੱਚ ਐਕਸ਼ਨ ਕਮੇਟੀ ਵੱਲੋਂ ਵੱਡੀ ਮੀਟਿੰਗ ਕਰਕੇ 14 ਸਤੰਬਰ ਨੂੰ ਧਰਨੇ ਦਾ ਐਲਾਨ



**ਸ੍ਰੀ ਮੁਕਤਸਰ ਸਾਹਿਬ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੱਤਰਕਾਰ ਮਨਿੰਦਰਜੀਤ ਸਿੱਧੂ ਖ਼ਿਲਾਫ਼ ਦਰਜ ਕੀਤੇ ਗਏ ਝੂਠੇ ਪਰਚੇ ਦੇ ਵਿਰੋਧ ਵਿੱਚ ਪੱਤਰਕਾਰਾਂ ਦੀ ਐਕਸ਼ਨ ਕਮੇਟੀ ਵੱਲੋਂ ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਦੇ ਭਾਈ ਮਹਾਂ ਸਿੰਘ ਹਾਲ ਵਿੱਚ ਪੱਤਰਕਾਰਾਂ, ਕਿਸਾਨ, ਮਜ਼ਦੂਰ, ਵਿਦਿਆਰਥੀ, ਨੌਜਵਾਨ, ਮੁਲਾਜ਼ਮ ਅਤੇ ਹੋਰ ਜਨਤਕ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਇੱਕ ਭਰਵੀਂ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਸਰਕਾਰ ਵੱਲੋਂ ਮਨਿੰਦਰਜੀਤ ਸਿੱਧੂ ਉੱਪਰ ਦਰਜ ਕੀਤੇ ਗਏ ਪਰਚੇ ਦੀ ਸਖ਼ਤ ਨਿਖੇਧੀ ਕੀਤੀ। ਬੁਲਾਰਿਆਂ ਨੇ ਕਿਹਾ ਕਿ ਮਨਿੰਦਰਜੀਤ ਸਿੱਧੂ ਇੱਕ ਵਿਸਲਬਲੋਅਰ ਪੱਤਰਕਾਰ ਵਜੋਂ ਲੋਕਾਂ ਦੇ ਮੁੱਦੇ ਖ਼ਾਸਕਰ ਨਸ਼ੇ ਦੇ ਮੁੱਦੇ ਨੂੰ ਉਠਾਉਂਦਾ ਰਿਹਾ ਹੈ ਅਤੇ ਸਰਕਾਰ ਵੱਲੋਂ ਉਸ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਬੁਲਾਰਿਆਂ ਨੇ ਕਿਹਾ ਕਿ ਸਰਕਾਰ ਨੂੰ ਨਸ਼ਿਆਂ ਦੇ ਤਸਕਰਾਂ ਅਤੇ ਨਸ਼ੇ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਖ਼ਿਲਾਫ਼ ਕਾਰਵਾਈ ਕਰਨੀ ਚਾਹੀਦੀ ਹੈ, ਪਰ ਇਸ ਦੀ ਬਜਾਏ ਨਸ਼ਿਆਂ ਅਤੇ ਹੋਰ ਲੋਕ-ਮਸਲਿਆਂ ਦੀਆਂ ਖ਼ਬਰਾਂ ਉਠਾਉਣ ਵਾਲੇ ਪੱਤਰਕਾਰਾਂ ਖ਼ਿਲਾਫ਼ ਪਰਚੇ ਦਰਜ ਕਰਨਾ ਚਿੰਤਾਜਨਕ ਹੈ।

ਮੀਟਿੰਗ ਵਿੱਚ ਸਰਬਸੰਮਤੀ ਨਾਲ ਤਿੰਨ ਅਹਿਮ ਮਤੇ ਪਾਸ ਕੀਤੇ ਗਏ। ਪਹਿਲੇ ਮਤੇ ਤਹਿਤ ਫ਼ੈਸਲਾ ਕੀਤਾ ਗਿਆ ਕਿ 27 ਅਗਸਤ ਤੋਂ ਪੱਤਰਕਾਰ ਅਤੇ ਵੱਖ-ਵੱਖ ਜਥੇਬੰਦੀਆਂ ਪਿੰਡਾਂ ਸ਼ਹਿਰਾਂ ਵਿੱਚ ਸਰਕਾਰ ਦੇ ਪੁਤਲੇ ਫੂਕ ਕੇ ਰੋਸ ਮੁਜ਼ਾਹਰੇ ਕਰਨਗੀਆਂ।

ਦੂਜੇ ਮਤੇ ਤਹਿਤ 14 ਸਤੰਬਰ 2026 ਨੂੰ ਸ੍ਰੀ ਮੁਕਤਸਰ ਸਾਹਿਬ ਵਿਖੇ ਵੱਡਾ ਇਕੱਠ ਕਰਕੇ ਐੱਸ.ਐੱਸ.ਪੀ. ਦਫ਼ਤਰ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ।

ਤੀਜੇ ਮਤੇ ਤਹਿਤ ਫ਼ੈਸਲਾ ਕੀਤਾ ਗਿਆ ਕਿ ਜੇਕਰ ਕਿਸੇ ਵੀ ਹਾਲਾਤ ਵਿੱਚ ਮਨਿੰਦਰਜੀਤ ਸਿੱਧੂ ਨੂੰ ਗ੍ਰਿਫ਼ਤਾਰ ਕੀਤਾ ਜਾਂਦਾ ਹੈ ਤਾਂ ਬਿਨਾਂ ਕੋਈ ਸਮਾਂ ਗਵਾਏ ਤੁਰੰਤ ਐੱਸ.ਐੱਸ.ਪੀ. ਦਫ਼ਤਰ, ਸ੍ਰੀ ਮੁਕਤਸਰ ਸਾਹਿਬ ਦਾ ਘਿਰਾਓ ਕੀਤਾ ਜਾਵੇਗਾ ਅਤੇ ਇਹ ਘਿਰਾਓ ਅਣਮਿੱਥੇ ਸਮੇਂ ਲਈ ਜਾਰੀ ਰੱਖਿਆ ਜਾਵੇਗਾ।

ਮੀਟਿੰਗ ਵਿੱਚ ਕਰੀਬ 50 ਜਨਤਕ ਜਥੇਬੰਦੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਪ੍ਰੈੱਸ ਕਲੱਬਾਂ ਦੇ ਨੁਮਾਇੰਦੇ, ਪੱਤਰਕਾਰ ਅਤੇ ਵੱਡੀ ਗਿਣਤੀ ਵਿੱਚ ਇਨਸਾਫ਼ਪਸੰਦ ਲੋਕ ਹਾਜ਼ਰ ਹੋਏ।

## ਡੀ.ਏ.ਵੀ.ਪਬਲਿਕ ਸਕੂਲ, ਮੂਨਕ ਦੇ ਵਿਦਿਆਰਥੀਆਂ ਨੇ ਸਮੂਹ ਗਾਣ ਪ੍ਰਤੀਯੋਗਿਤਾ ਵਿੱਚ ਪ੍ਰਾਪਤ ਕੀਤਾ ਦੂਜਾ ਸਥਾਨ



**ਮੂਨਕ, 27 ਅਗਸਤ/ਅਸ਼ੋਕ ਬਾਂਸਲ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਾਬੂ ਬ੍ਰਿਸ਼ ਭਾਨ ਡੀ.ਏ.ਵੀ. ਪਬਲਿਕ ਸਕੂਲ, ਮੂਨਕ ਦੇ ਵਿਦਿਆਰਥੀਆਂ ਨੇ ਭਾਰਤ ਵਿਕਾਸ ਪਰਿਸ਼ਦ ਦੁਆਰਾ ਟੋਹਾਣਾ ਵਿੱਚ ਆਯੋਜਿਤ ਸਮੂਹ ਗਾਣ ਪ੍ਰਤੀਯੋਗਤਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ , ਆਪਣੇ ਮਾਪਿਆਂ ਦਾ ਅਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ। ਸਮੂਹ ਗਾਣ ਪ੍ਰਤੀਯੋਗਤਾ ਵਿੱਚ ਸਕੂਲ ਦੀ ਟੀਮ ਨੇ ਹਿੰਦੀ ਗੀਤ ਸ਼੍ਰੇਣੀ ਪ੍ਰਤੀਯੋਗਿਤਾ ਵਿੱਚ ਦੂਜਾ ਸਥਾਨ ਅਤੇ ਸੰਸਕ੍ਰਿਤ ਗੀਤ ਸ਼੍ਰੇਣੀ ਪ੍ਰਤੀਯੋਗਤਾ ਵਿੱਚ ਵੀ ਦੂਜਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਉਪਲੱਬਧੀ ਉੱਤੇ ਸਕੂਲ ਦੇ ਸਾਰੇ ਸਟਾਫ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਸਫਲਤਾ ਦਾ ਸਿਹਰਾ ਅਧਿਆਪਕਾਂ ਦੇ ਮਾਰਗ ਦਰਸ਼ਨ ਅਤੇ ਵਿਦਿਆਰਥੀਆਂ ਦੀ ਕਰੜੀ ਮਿਹਨਤ ਤੇ ਲਗਨ ਨੂੰ ਜਾਂਦਾ ਹੈ।

## ਪਰਾਲੀ ਸਾੜਨ ਦੀ ਰੋਕਥਾਮ ਲਈ ਜਾਗਰੂਕਤਾ ਮੁਹਿੰਮ ਵਿੱਚ ਲਿਆਂਦੀ ਜਾਵੇਗੀ ਹੋਰ ਤੇਜ਼ੀ: ਡਾ. ਹਰਬੰਸ ਸਿੰਘ

**ਮਲੇਰਕੋਟਲਾ, 27 ਅਗਸਤ**
**-ਰਾਜੇਸ਼ ਸ਼ਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਪ੍ਰਥਾ ਨੂੰ ਰੋਕਣ ਅਤੇ ਕਿਸਾਨਾਂ ਨੂੰ ਫ਼ਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਪ੍ਰੇਰਿਤ ਕਰਨ ਵਾਸਤੇ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹਾ ਮਾਲੇਰਕੋਟਲਾ ਅਤੇ ਸੰਗਰੂਰ ਵਿੱਚ ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾ ਰਿਹਾ ਹੈ। ਆਈ.ਈ.ਸੀ. (ਸੂਚਨਾ, ਸਿੱਖਿਆ ਅਤੇ ਪ੍ਰਚਾਰ) ਗਤੀਵਿਧੀਆਂ ਰਾਹੀਂ ਪਿੰਡ ਪੱਧਰ ’ਤੇ ਕਿਸਾਨਾਂ ਤੱਕ ਪਰਾਲੀ ਨਾ ਸਾੜਨ ਦਾ ਸੰਦੇਸ਼ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇਗਾ।

ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ ਨੇ ਦੱਸਿਆ ਕਿ ਦੋਵੇਂ ਜ਼ਿਲ੍ਹਿਆਂ ਦੇ ਪਿੰਡਾਂ ਵਿੱਚ ਪੈਂਫਲੈਟ, ਸਰਟੀਫਿਕੇਟ, ਫਲੈਕਸ/ਬੈਨਰ ਅਤੇ ਹੋਰ ਜਾਗਰੂਕਤਾ ਸਮੱਗਰੀ ਤਿਆਰ ਕਰਵਾ ਕੇ ਵੰਡੀ ਜਾਵੇਗੀ। ਜਾਗਰੂਕਤਾ ਸਮੱਗਰੀ ਰਾਹੀਂ ਪਰਾਲੀ ਸਾੜਨ ਨਾਲ ਵਾਤਾਵਰਣ, ਮਿੱਟੀ ਦੀ ਸਿਹਤ ਅਤੇ ਮਨੁੱਖੀ ਸਿਹਤ ’ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ। ਨਾਲ ਹੀ, ਪਰਾਲੀ ਦੇ ਖੇਤ ਵਿੱਚ ਹੀ ਸੁਚੱਜੇ ਪ੍ਰਬੰਧਨ ਅਤੇ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਲਈ ਪ੍ਰੇਰਿਤ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਜਾਗਰੂਕਤਾ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਪਿੰਡਾਂ ਦੇ ਜਨਤਕ ਸਥਾਨਾਂ ’ਤੇ ਵਾਲ ਪੇਂਟਿੰਗਾਂ ਵੀ ਕਰਵਾਈਆਂ ਜਾਣਗੀਆਂ। ਜ਼ਿਲ੍ਹਾ ਸੰਗਰੂਰ ਅਤੇ ਮਾਲੇਰਕੋਟਲਾ ਵਿੱਚ ਲਗਭਗ 250 ਵਾਲ ਪੇਂਟਿੰਗਾਂ ਕਰਵਾਉਣ ਦਾ ਟੀਚਾ ਹੈ ਅਤੇ ਹਰੇਕ ਵਾਲ ਪੇਂਟਿੰਗ ਦਾ ਆਕਾਰ ਘੱਟੋ-ਘੱਟ 30 ਵਰਗ ਫੁੱਟ ਹੋਵੇਗਾ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਜਾਗਰੂਕਤਾ ਸਮੱਗਰੀ ਦੀ ਪ੍ਰਿੰਟਿੰਗ ਅਤੇ ਵਾਲ ਪੇਂਟਿੰਗਾਂ ਦਾ ਕੰਮ ਕਰਵਾਇਆ ਜਾਣਾ ਹੈ। ਇਸ ਲਈ ਚਾਹਵਾਨ ਫਰਮਾਂ/ਵਿਅਕਤੀ 31 ਅਗਸਤ 2026 ਤੱਕ ਦਫ਼ਤਰ ਮੁੱਖ ਖੇਤੀਬਾੜੀ ਅਫ਼ਸਰ, ਸੰਗਰੂਰ ਨਾਲ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਉਪਲਬਧ ਖੇਤੀ ਮਸ਼ੀਨਰੀ ਅਤੇ ਵਿਗਿਆਨਕ ਤਕਨੀਕਾਂ ਰਾਹੀਂ ਫ਼ਸਲੀ ਰਹਿੰਦ-ਖੂੰਹਦ ਦਾ ਖੇਤ ਵਿੱਚ ਹੀ ਸੁਚੱਜਾ ਪ੍ਰਬੰਧਨ ਕੀਤਾ ਜਾਵੇ। ਇਸ ਨਾਲ ਹਵਾ ਪ੍ਰਦੂਸ਼ਣ ਨੂੰ ਘਟਾਉਣ ਦੇ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਖੇਤੀਬਾੜੀ ਦੀ ਸਥਿਰਤਾ ਕਾਇਮ ਰੱਖਣ ਵਿੱਚ ਮਦਦ ਮਿਲੇਗੀ।

ਉਨ੍ਹਾਂ ਕਿਹਾ ਕਿ ਜਾਗਰੂਕਤਾ ਮੁਹਿੰਮ ਨੂੰ ਪਿੰਡ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਅਧਿਕਾਰੀਆਂ ਅਤੇ ਫੀਲਡ ਸਟਾਫ਼ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਖੇਤੀ ਮਸ਼ੀਨਰੀ ਤੇ ਤਕਨੀਕੀ ਸਹਾਇਤਾ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਗਈ ਹੈ।

## ਪੰਜਾਬ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 92 ਡਰੋਨ ਸ਼ੋਅ ਕਰਵਾਏ ਜਾਣਗੇ: ਤਰੁਨਪ੍ਰੀਤ ਸਿੰਘ ਸੌਂਦ

**ਮੁਹਾਲੀ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਇੱਥੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਸੂਬੇ ਭਰ ਵਿੱਚ 92 ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾਣਗੇ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਰੂਪਨਗਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰਾਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੈਬਨਿਟ ਮੰਤਰੀ ਸ. ਸੌਂਦ ਨੇ ਆਉਣ ਵਾਲੇ ਡਰੋਨ ਸ਼ੋਅ ਅਤੇ ਹੋਰ ਸਮਾਗਮਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਇਸ ਮੌਕੇ ਮੋਹਾਲੀ ਦੇ ਵਿਧਾਇਕ ਸ. ਕੁਲਵੰਤ ਸਿੰਘ, ਪੰਜਾਬ ਟੂਰਿਜ਼ਮ ਐਂਡ ਹੈਰੀਟੇਜ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਸ਼੍ਰੀ ਦੀਪਕ ਬਾਲੀ ਅਤੇ ਡੇਰਾ ਕਠਾਰ (ਡੇਰਾ ਬੱਲਾਂ ਨਾਲ ਸਬੰਧਤ) ਤੋਂ ਸੰਤ ਬਾਬਾ ਪ੍ਰਦੀਪ ਦਾਸ ਜੀ ਵੀ ਹਾਜ਼ਰ ਸਨ। ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਮੀਟਿੰਗ ਵਿੱਚ ਆਨਲਾਈਨ ਸ਼ਮੂਲੀਅਤ ਕੀਤੀ।

ਸ. ਸੌਂਦ ਨੇ ਕਿਹਾ ਕਿ ਸੰਤ-ਮਹਾਂਪੁਰਸ਼ਾਂ ਦੀਆਂ ਰਹਿਨੁਮਾਈ ਅਤੇ ਸੁਝਾਵਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਧਾਰਮਿਕ, ਸੱਭਿਆਚਾਰਕ ਅਤੇ ਵਿੱਦਿਅਕ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਇਨ੍ਹਾਂ ਤਹਿਤ ਕੀਰਤਨ ਦਰਬਾਰ, ਯੂਨੀਵਰਸਿਟੀਆਂ ਵਿੱਚ ਸੈਮੀਨਾਰ, ਸਕੂਲ ਪੱਧਰੀ ਮੁਕਾਬਲੇ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ ’ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਦੀ ਸਕ੍ਰੀਨਿੰਗ ਕਰਵਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਤੌਰ ’ਤੇ ਤਿਆਰ ਕੀਤੇ ਗਏ ਡਰੋਨ ਸ਼ੋਅ ਸਤੰਬਰ ਮਹੀਨੇ ਤੋਂ ਸ਼ੁਰੂ ਕੀਤੇ ਜਾਣਗੇ। ਹਰੇਕ ਸ਼ੋਅ ਵਿੱਚ 500 ਤੋਂ ਵੱਧ ਡਰੋਨ ਅਸਮਾਨ ਵਿੱਚ ਇੱਕੋ ਸਮੇਂ ਆਪਣੀ ਪੇਸ਼ਕਾਰੀ ਕਰਨਗੇ। ਡਿਜੀਟਲ ਤਕਨੀਕ ਰਾਹੀਂ ਰਾਤ ਦੇ ਸਮੇਂ ਅਸਮਾਨ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ, ਜੀਵਨ ਅਤੇ ਸਿੱਖਿਆਵਾਂ ਨੂੰ ਦਰਸਾਇਆ ਜਾਵੇਗਾ, ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਮਹਾਨ ਸੰਦੇਸ਼ ਨਾਲ ਜੋੜਿਆ ਜਾ ਸਕੇ। ਸੌਂਦ ਨੇ ਕਿਹਾ ਕਿ ਹਰੇਕ ਡਰੋਨ ਸ਼ੋਅ ਲਗਭਗ 25 ਤੋਂ 30 ਮਿੰਟ ਦਾ ਹੋਵੇਗਾ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਡਰੋਨ ਸ਼ੋਅ ਲਈ ਢੁਕਵੀਆਂ ਥਾਵਾਂ ਦੀ ਪਛਾਣ ਕੀਤੀ ਜਾਵੇ ਅਤੇ ਆਮ ਲੋਕਾਂ ਨੂੰ ਸ਼ੋਅ ਦੀ ਮਿਤੀ, ਸਮੇਂ ਅਤੇ ਸਥਾਨ ਬਾਰੇ ਪਹਿਲਾਂ ਹੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ, ਤਾਂ ਜੋ ਵੱਧ ਤੋਂ ਵੱਧ ਲੋਕ ਇਸ ਦਾ ਹਿੱਸਾ ਬਣ ਸਕਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲਈ ਇਹ ਮਾਣ ਅਤੇ ਸੁਭਾਗ ਦੀ ਗੱਲ ਹੈ ਕਿ ਮਹਾਨ ਗੁਰੂ ਸਾਹਿਬਾਨ ਅਤੇ ਸੰਤਾਂ-ਮਹਾਂਪੁਰਖਾਂ ਨਾਲ ਸਬੰਧਤ ਇਤਿਹਾਸਕ ਤੇ ਧਾਰਮਿਕ ਮੌਕਿਆਂ ਨੂੰ ਸਮਰਪਿਤ ਸਮਾਗਮ ਕਰਵਾਉਣ ਦੀ ਸੇਵਾ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਏ ਗਏ ਸਨ ਅਤੇ ਹੁਣ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਦੇ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੋਭਾ ਯਾਤਰਾਵਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਸ. ਸੌਂਦ ਨੇ ਦੱਸਿਆ ਕਿ ਕਾਸ਼ੀ, ਜੰਮੂ, ਬਠਿੰਡਾ ਅਤੇ ਫ਼ਰੀਦਕੋਟ ਤੋਂ ਚਾਰ ਸ਼ੋਭਾ ਯਾਤਰਾਵਾਂ ਕੱਢੀਆਂ ਜਾਣਗੀਆਂ, ਜੋ ਸ੍ਰੀ ਗੁਰੂ ਰਵਿਦਾਸ ਜੀ ਨਾਲ ਸਬੰਧਤ ਪਵਿੱਤਰ ਅਸਥਾਨ ਖੁਰਾਲਗੜ੍ਹ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਣਗੀਆਂ।

ਉਨ੍ਹਾਂ ਦੱਸਿਆ ਕਿ ਇਹ ਸ਼ੋਭਾ ਯਾਤਰਾਵਾਂ ਨਵੰਬਰ ਮਹੀਨੇ ਵਿੱਚ ਕੱਢੀਆਂ ਜਾਣਗੀਆਂ ਅਤੇ ਕਾਸ਼ੀ ਤੋਂ ਸ਼ੁਰੂ ਹੋਣ ਵਾਲੀ ਸ਼ੋਭਾ ਯਾਤਰਾ ਮੋਹਾਲੀ ਵਿਖੇ ਰਾਤਰੀ ਪੜਾਅ ਦੌਰਾਨ ਠਹਿਰੇਗੀ।

ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ ’ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਹੁਣ ਤੱਕ ਸੂਬੇ ਦੇ ਲਗਭਗ 3,500 ਪਿੰਡਾਂ ਵਿੱਚ ਵਿਖਾਈ ਜਾ ਚੁੱਕੀ ਹੈ, ਜਦਕਿ ਪੰਜਾਬ ਵਿੱਚ ਕੁੱਲ ਕਰੀਬ 13,500 ਪਿੰਡ ਹਨ। ਇਸ ਦਸਤਾਵੇਜ਼ੀ ਫ਼ਿਲਮ ਨੂੰ ਸੂਬੇ ਦੇ ਹੋਰ ਪਿੰਡਾਂ ਤੱਕ ਪਹੁੰਚਾਉਣ ਲਈ 50 ਵੈਨਾਂ ਦਾ ਕਾਫ਼ਲਾ ਲਗਾਤਾਰ ਕੰਮ ਕਰ ਰਿਹਾ ਹੈ।

ਸ. ਸੌਂਦ ਨੇ ਕਿਹਾ ਕਿ ਸਾਲ ਭਰ ਚੱਲਣ ਵਾਲੇ ਇਨ੍ਹਾਂ ਸਮਾਗਮਾਂ ਦੀ ਸਮਾਪਤੀ ਮੌਕੇ ਪੰਜਾਬ ਸਰਕਾਰ ਵੱਲੋਂ ਦਸੰਬਰ ਮਹੀਨੇ ਵਿੱਚ ਖੁਰਾਲਗੜ੍ਹ ਸਾਹਿਬ ਵਿਖੇ ਤਿੰਨ ਰੋਜ਼ਾ ਵਿਸ਼ੇਸ਼ ਸਮਾਗਮ ਕਰਵਾਇਆ ਜਾਵੇਗਾ।

ਸੰਤ ਬਾਬਾ ਪ੍ਰਦੀਪ ਦਾਸ ਜੀ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤੇ ਜਾ ਰਹੇ ਸਮਾਗਮਾਂ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਪੈਰੋਕਾਰ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਉਪਰਾਲਿਆਂ ਤੋਂ ਖ਼ੁਸ਼ ਹਨ। ਉਨ੍ਹਾਂ ਕਿਹਾ ਕਿ ਸਮਾਗਮ ਸੰਤ ਸਮਾਜ ਦੀਆਂ ਰਹਿਨੁਮਾਈਆਂ ਅਤੇ ਸਲਾਹ-ਮਸ਼ਵਰੇ ਨਾਲ ਉਲੀਕੇ ਗਏ ਹਨ ਅਤੇ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਪ੍ਰਤੀ ਪੂਰਨ ਸ਼ਰਧਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।

ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਆਨਲਾਈਨ ਸ਼ਮੂਲੀਅਤ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਦੇ ਸਮਾਗਮਾਂ ਨਾਲ ਸੰਗਤ ਵਿੱਚ ਸਕਾਰਾਤਮਕ ਅਤੇ ਅਧਿਆਤਮਿਕ ਮਾਹੌਲ ਪੈਦਾ ਹੋਇਆ ਹੈ। ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸੰਗਤ ਦਾ ਇਨ੍ਹਾਂ ਸਮਾਗਮਾਂ ਨੂੰ ਸੁਚੱਜੇ ਢੰਗ ਨਾਲ ਉਲੀਕਣ ਲਈ ਧੰਨਵਾਦ ਕੀਤਾ।

ਮੋਹਾਲੀ ਦੇ ਵਿਧਾਇਕ ਸ. ਕੁਲਵੰਤ ਸਿੰਘ ਨੇ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਮੋਹਾਲੀ ਵਿੱਚ ਡਰੋਨ ਸ਼ੋਅ ਨੂੰ ਵੱਡੀ ਗਿਣਤੀ ਵਿੱਚ ਸੰਗਤ ਦੀ ਸ਼ਮੂਲੀਅਤ ਨਾਲ ਸਫ਼ਲਤਾਪੂਰਵਕ ਕਰਵਾਇਆ ਜਾਵੇਗਾ।

ਪੰਜਾਬ ਟੂਰਿਜ਼ਮ ਐਂਡ ਹੈਰੀਟੇਜ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਸ਼੍ਰੀ ਦੀਪਕ ਬਾਲੀ ਨੇ ਕਿਹਾ ਕਿ ਇਹ ਆਧੁਨਿਕ ਅਤੇ ਪ੍ਰਭਾਵਸ਼ਾਲੀ ਡਰੋਨ ਸ਼ੋਅ ਸਮੁੱਚੀ ਸੰਗਤ ਖ਼ਾਸ ਤੌਰ ’ਤੇ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਿੱਖਿਆਵਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ, ਡਾਇਰੈਕਟਰ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਪੰਜਾਬ, ਡਿਪਟੀ ਕਮਿਸ਼ਨਰ ਰੂਪਨਗਰ ਸ੍ਰੀ ਆਦਿਤਿਆ ਡੇਚਲਵਾਲ ਅਤੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਸ. ਗੁਰਪ੍ਰੀਤ ਸਿੰਘ ਔਲਖ (ਦੋਵੇਂ ਆਨਲਾਈਨ), ਆਮ ਆਦਮੀ ਪਾਰਟੀ ਐੱਸ.ਸੀ. ਵਿੰਗ ਦੇ ਪ੍ਰਧਾਨ ਸ. ਗੁਰਪ੍ਰੀਤ ਸਿੰਘ ਜੀ.ਪੀ. ਅਤੇ ਜਨਰਲ ਸਕੱਤਰ ਸ. ਬਲਜਿੰਦਰ ਸਿੰਘ ਚੋਂਦਾ ਸਮੇਤ ਹੋਰ ਅਧਿਕਾਰੀ ਤੇ ਪਤਵੰਤੇ ਹਾਜ਼ਰ ਸਨ।

## ਫ਼ਤਹਿਗੜ੍ਹ ਜੱਟਾਂ ਵਿੱਚ ਸਰਪੰਚ ਨੇ ਪ੍ਰਬੰਧਕ ਲਗਾ ਕੇ ਸ਼ੁਰੂ ਕਰਵਾਏ ਵਿਕਾਸ ਦੇ ਕੰਮ

**ਮਾਛੀਵਾੜਾ ਸਾਹਿਬ, 27 ਅਗਸਤ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਜ਼ਦੀਕੀ ਪਿੰਡ ਫ਼ਤਹਿਗੜ੍ਹ ਜੱਟਾਂ ਵਿੱਚ ਪੰਚਾਇਤ ਦਾ ਕੋਰਮ ਪੂਰਾ ਨਾ ਹੋਣ ਕਾਰਨ ਸਰਪੰਚ ਵੱਲੋਂ ਪ੍ਰਬੰਧਕ ਲਗਵਾਕੇ ਵਿਕਾਸ ਕਾਰਜ ਸ਼ੁਰੂ ਕਰਵਾ ਦਿੱਤੇ ਹਨ।

ਸਰਪੰਚ ਵੱਲੋਂ ਦੱਸਿਆ ਗਿਆ ਕਿ ਪਿੰਡ ਦੇ ਵਿਕਾਸ ਕਾਰਜ ਪ੍ਰਭਾਵਿਤ ਨਾ ਹੋਣ ਅਤੇ ਵਿਕਾਸ ਕੰਮ ਲਗਾਤਾਰ ਜਾਰੀ ਰਹਿਣ, ਇਸ ਲਈ ਪ੍ਰਬੰਧਕ ਲਗਾ ਕੇ ਪਿੰਡ ਵਿੱਚ ਵਿਕਾਸ ਕਾਰਜ ਸ਼ੁਰੂ ਕਰਵਾ ਦਿੱਤੇ ਗਏ ਹਨ।

ਸਰਪੰਚ ਅਨੁਸਾਰ ਪੰਚਾਇਤ ਮੈਂਬਰਾਂ ਵੱਲੋਂ ਵਿਕਾਸ ਕਾਰਜਾਂ ਦਾ ਵਿਰੋਧ ਕੀਤਾ ਜਾ ਰਿਹਾ ਸੀ। ਇਸ ਕਾਰਨ ਪਿੰਡ ਦੇ ਵਿਕਾਸ ਕਾਰਜਾਂ ਨੂੰ ਮੁੱਖ ਰੱਖਦਿਆਂ ਪ੍ਰਬੰਧਕ ਦੀ ਮਦਦ ਨਾਲ ਕੰਮ ਸ਼ੁਰੂ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ।

ਸਰਪੰਚ ਨੇ ਕਿਹਾ ਕਿ ਪਿੰਡ ਦੇ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਵਿਕਾਸ ਕਾਰਜਾਂ ਨੂੰ ਕਿਸੇ ਵੀ ਤਰ੍ਹਾਂ ਪ੍ਰਭਾਵਿਤ ਨਹੀਂ ਹੋਣ ਦਿੱਤਾ ਜਾਵੇਗਾ।



# ਹਰਿਆਣਾ ਖ਼ਬਰਨਾਮਾ



## ਗਲਾਸਗੋ ਕਾਮਨਵੈਲਥ ਗੇਮਾਂ ਵਿੱਚ ਛਾਇਆ ਹਰਿਆਣਾ, ਦੇਸ਼ ਦੇ 13 ਸੋਨ ਤ਼ਗਮਿਆਂ ਵਿੱਚੋਂ 7 ਹਨ ਹਰਿਆਣਾ ਦੀਆਂ ਧੀਆਂ ਅਤੇ ਪੁੱਤਰਾਂ ਦੇ ਨਾਂ : ਗੌਰਵ ਗੌਤਮ

**ਚੰਡੀਗੜ੍ਹ, 27 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਖ਼ੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਗਲਾਸਗੋ (ਸਕਾਟਲੈਂਡ) ਵਿੱਚ ਸੰਪੰਨ ਹੋਈਆਂ 23ਵੀ ਕਾਮਨਵੈਲਥ ਗੇਮਾਂ ਵਿੱਚ ਭਾਰਤ ਦੇ ਖਿਡਾਰੀਆਂ ਨੇ ਕੁੱਲ 13 ਸੋਨ ਤ਼ਗਮੇ ਜਿੱਤੇ, ਜਿਨ੍ਹਾਂ ਵਿੱਚੋਂ 7 ਸੋਨ ਤ਼ਗਮੇ ਇੱਕੋਲੇ ਹਰਿਆਣਾ ਦੀ ਮਿੱਟੀ ਦੇ ਲਾਲਾਂ ਅਤੇ ਧੀਆਂ ਨੇ ਹਾਸਲ ਕੀਤੇ ਹਨ। ਸਾਡੇ ਖਿਡਾਰੀਆਂ ਨੇ ਆਪਣੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਰਾਸ਼ਟਰ ਝੰਡੇ ਤਿਰੰਗੇ ਪ੍ਰਤੀ ਅਟੁੱਟ ਨਿਸ਼ਠਾ ਨਾਲ ਪੂਰੀ ਦੁਨੀਆ ਵਿੱਚ ਭਾਰਤ ਅਤੇ ਹਰਿਆਣਾ ਦੀ ਧਾਕ ਜਮਾ ਦਿੱਤੀ ਹੈ।



ਉਨ੍ਹਾਂ ਕਿਹਾ ਕਿ ਧੀਆਂ ਵੱਲੋਂ ਜਿੱਤੇ ਗਏ ਇਨ੍ਹਾਂ ਤ਼ਗਮਿਆਂ ਨੇ ਦੁਨੀਆ ਭਰ ਵਿੱਚ ਤਿਰੰਗੇ ਦਾ ਮਾਣ ਵਧਾਇਆ ਹੈ ਅਤੇ ਇਹ ਖਿਡਾਰੀ ਪੂਰੇ ਦੇਸ਼ ਤੇ ਸੂਬੇ ਲਈ ਰੋਲ ਮਾਡਲ ਹਨ।

ਮੰਤਰੀ ਪੰਚਕੂਲਾ ਸਥਿਤ ਇੰਦਰਧਨੁਸ਼ ਆਡੀਟੋਰੀਅਮ ਵਿੱਚ ਕਾਮਨਵੈਲਥ ਗੇਮਜ਼ 2026 ਦੇ ਤ਼ਗਮਾ ਜੇਤੂ ਤੇ ਭਾਗੀਦਾਰ ਖਿਡਾਰੀਆਂ ਦੇ ਰਾਜ ਪੱਧਰੀ ਸਨਮਾਨ ਸਮਾਰੋਹ ਵਿੱਚ ਸੰਬੋਧਨ ਕਰ ਰਹੇ ਸਨ।

**'ਮਿਸ਼ਨ ਓਲੰਪਿਕ 2036: ਵਿਜੈ ਭਵ' ਦੀ ਸ਼ੁਰੂਆਤ**

ਖ਼ੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ 'ਮਿਸ਼ਨ ਓਲੰਪਿਕ 2036: ਵਿਜੈ ਭਵ' ਦੀਆਂ ਤਿਆਰੀਆਂ ਹੁਣੇ ਤੋਂ ਸ਼ੁਰੂ ਕਰ ਦਿੱਤੀਆਂ ਹਨ। ਖਿਡਾਰੀਆਂ ਨੂੰ ਗਲੋਬਲ ਮੰਚ 'ਤੇ ਸਰਵੋਤਮ ਸਾਧਨ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਸੂਬੇ ਦਾ ਖ਼ੇਡ ਬਜਟ ਵਧਾ ਕੇ 850 ਕਰੋੜ ਰੁਪਏ ਕਰ ਦਿੱਤਾ ਗਿਆ ਹੈ। ਸਾਡੇ ਚੈਂਪੀਅਨ ਖਿਡਾਰੀ ਨਾ ਸਿਰਫ਼ ਆਉਣ ਵਾਲੇ ਓਲੰਪਿਕ ਵਿੱਚ ਰਿਕਾਰਡ ਤ਼ਗਮੇ ਜਿੱਤਣਗੇ, ਸਗੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 'ਵਿਕਸਿਤ ਭਾਰਤ 2047' ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

**ਖ਼ੇਡ ਢਾਂਚੇ ਦਾ ਮਜ਼ਬੂਤੀਕਰਨ ਅਤੇ ਇੰਸ਼ੋਰੈਂਸ ਕਵਰ**

ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਖ਼ੇਡ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਕਈ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ। ਕੇਂਦਰ ਸਰਕਾਰ ਦੇ ਇਤਿਹਾਸਕ 36,000 ਕਰੋੜ ਰੁਪਏ ਦੇ ਖ਼ੇਡ ਬਜਟ ਦੀ ਤਰਜ਼ 'ਤੇ ਹਰਿਆਣਾ ਵਿੱਚ ਵੀ ਆਉਣ ਵਾਲੇ ਇੱਕ ਸਾਲ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾਵੇਗਾ। ਰਾਜ ਦੇ ਹਰ ਇੱਕ ਜ਼ਿਲ੍ਹੇ ਵਿੱਚ ਅੰਤਰਰਾਸ਼ਟਰੀ ਪੱਧਰ ਦੇ ਸਿੰਥੈਟਿਕ ਟਰੈਕ ਦਾ ਨਿਰਮਾਣ ਹੋਵੇਗਾ। ਖਿਡਾਰੀਆਂ ਦੀ ਤਕਨੀਕ ਵਿੱਚ ਸੁਧਾਰ ਅਤੇ ਆਧੁਨਿਕ ਸਿਖਲਾਈ ਲਈ ਵਿਸ਼ਵ ਪੱਧਰੀ ਵਿਦੇਸ਼ੀ ਕੋਚਾਂ ਦਾ ਪ੍ਰਬੰਧ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਖਿਡਾਰੀਆਂ ਦੇ ਕਰੀਅਰ ਵਿੱਚ ਇੰਜਰੀ ਦੇ ਜੋਖ਼ਮ ਨੂੰ ਧਿਆਨ ਵਿੱਚ ਰੱਖਦਿਆਂ ਹਰਿਆਣਾ ਸਰਕਾਰ ਨੇ ਹਰੇਕ ਖਿਡਾਰੀ ਨੂੰ 20 ਲੱਖ ਰੁਪਏ ਦਾ ਮੁਫ਼ਤ ਇੰਸ਼ੋਰੈਂਸ ਕਵਰ ਦੇਣ ਦਾ ਫ਼ੈਸਲਾ ਕੀਤਾ ਹੈ, ਤਾਂ ਜੋ ਉਹ ਬਿਨਾਂ ਕਿਸੇ ਚਿੰਤਾ ਦੇ ਅਭਿਆਸ ਜਾਰੀ ਰੱਖ ਸਕਣ।

ਉਨ੍ਹਾਂ ਕਿਹਾ ਕਿ ਅਰਜੁਨ ਐਵਾਰਡੀਜ਼ ਅਤੇ ਓਲੰਪਿਕ ਤ਼ਗਮਾ ਜੇਤੂਆਂ ਨੂੰ ਨਵੀਆਂ ਖ਼ੇਡ ਪ੍ਰਤਿਭਾਵਾਂ ਨੂੰ ਤਰਾਸ਼ਣ ਲਈ ਉਤਸ਼ਾਹਿਤ ਕਰਨ ਵਾਸਤੇ ਸਰਕਾਰ ਘੱਟ ਵਿਆਜ ਦਰ 'ਤੇ 5 ਕਰੋੜ ਰੁਪਏ ਤੱਕ ਦਾ ਕਰਜ਼ਾ ਮੁਹੱਈਆ ਕਰਵਾਏਗੀ।

ਮੰਤਰੀ ਨੇ ਰਾਜ ਦੇ ਜ਼ਮੀਨੀ ਖ਼ੇਡ ਮਾਡਲ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ 8 ਸਾਲ ਦੀ ਉਮਰ ਤੋਂ ਬੱਚੇ ਖ਼ੇਡ ਨਰਸਰੀਆਂ ਵਿੱਚ ਸਿਖਲਾਈ ਸ਼ੁਰੂ ਕਰਦੇ ਹਨ, 18 ਸਾਲ ਤੱਕ ਰੈਜ਼ੀਡੈਂਟ ਨਰਸਰੀਆਂ ਦਾ ਹਿੱਸਾ ਬਣਦੇ ਹਨ, ਅਤੇ ਫਿਰ 'ਟੌਪਸ' ਤੇ 'ਖੇਲੋ ਇੰਡੀਆ' ਰਾਹੀਂ ਗਲੋਬਲ ਮੰਚਾਂ ਤੱਕ ਪਹੁੰਚ ਕੇ ਦੇਸ਼ ਦਾ ਮੱਥਾ ਉੱਚਾ ਕਰਦੇ ਹਨ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਸਰਵਸ਼੍ਰੇਸ਼ਠ ਖ਼ੇਡ ਨੀਤੀ, ਮਿੱਟੀ ਦੇ ਸ਼ੌਰ ਅਤੇ ਖਿਡਾਰੀਆਂ ਦੇ ਜਜ਼ਬੇ ਦੇ ਬਲ 'ਤੇ ਅੱਜ ਕਾਮਨਵੈਲਥ, ਏਸ਼ੀਅਨ ਅਤੇ ਓਲੰਪਿਕ ਖੇਡਾਂ ਵਿੱਚ ਭਾਰਤ ਦਾ ਡੰਕਾ ਵੱਜ ਰਿਹਾ ਹੈ।

## ਹਰਿਆਣਾ ਵਿਧਾਨ ਸਭਾ ਵਿੱਚ ਵਿਛੜੇ ਸਾਬਕਾ ਵਿਧਾਇਕਾਂ, ਸ਼ਹੀਦ ਜਵਾਨਾਂ ਅਤੇ ਹਾਦਸਿਆਂ ਵਿੱਚ ਜਾਨ ਗਵਾਉਣ ਵਾਲਿਆਂ ਨੂੰ ਸ਼ਰਧਾਂਜਲੀ

**ਚੰਡੀਗੜ੍ਹ 27 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਵਿਰੋਧੀ ਧਿਰ ਦੇ ਨੇਤਾ ਸ੍ਰੀ ਭੁਪਿੰਦਰ ਸਿੰਘ ਹੁੱਡਾ ਅਤੇ ਵਿਧਾਇਕ ਸ੍ਰੀ ਆਦਿਤਿਆ ਦੇਵੀਲਾਲ ਸਮੇਤ ਸਦਨ ਨੇ ਪਿਛਲੇ ਵਿਧਾਨ ਸਭਾ ਸੈਸ਼ਨ ਤੋਂ ਬਾਅਦ ਵਿਛੜੀਆਂ ਹੋਈਆਂ ਅਹਿਮ ਹਸਤੀਆਂ, ਸਾਬਕਾ ਵਿਧਾਇਕਾਂ, ਸ਼ਹੀਦ ਸੈਨਿਕਾਂ ਅਤੇ ਵੱਖ-ਵੱਖ ਹਾਦਸਿਆਂ ਵਿੱਚ ਜਾਨ ਗਵਾਉਣ ਵਾਲੇ ਨਾਗਰਿਕਾਂ ਦੇ ਦੇਹਾਂਤ 'ਤੇ ਡੂੰਘਾ ਸੋਗ ਪ੍ਰਗਟ ਕੀਤਾ।

ਮੁੱਖ ਮੰਤਰੀ ਨੇ ਸ਼ੋਕ ਪ੍ਰਸਤਾਵ ਪੜ੍ਹਦਿਆਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਅਰਪਣ ਕੀਤੀ ਅਤੇ ਦੁੱਖੀ ਪਰਿਵਾਰਾਂ ਨਾਲ ਆਪਣੀ ਹਮਦਰਦੀ ਪ੍ਰਗਟਾਈ। ਇਸ ਤੋਂ ਇਲਾਵਾ ਮੁੱਖ ਮੰਤਰੀ ਨੇ ਬੁੱਧਵਾਰ ਨੂੰ ਨੇਪਾਲ ਵਿੱਚ ਆਏ ਹੜ੍ਹਾਂ ਕਾਰਨ ਮਾਰੇ ਗਏ ਲੋਕਾਂ ਦੇ ਦੇਹਾਂਤ 'ਤੇ ਵੀ ਸ਼ੋਕ ਪ੍ਰਗਟ ਕੀਤਾ।

ਵਿਧਾਨ ਸਭਾ ਵੱਲੋਂ ਸਾਰੀਆਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਦਿੰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਉਹ ਦੁੱਖੀ ਪਰਿਵਾਰਾਂ ਨੂੰ ਇਸ ਅਸਹਿ ਸਦਮੇ ਨੂੰ ਸਹਿਣ ਦੀ ਸ਼ਕਤੀ ਪ੍ਰਦਾਨ ਕਰਨ। ਸੰਯੁਕਤ ਪੰਜਾਬ ਵਿਧਾਨ ਸਭਾ ਦੇ ਸਾਬਕਾ ਮੈਂਬਰ ਚੌਧਰੀ ਸਹੀ ਰਾਮ ਬਿਸ਼ਨੋਈ ਨੂੰ ਸ਼ਰਧਾਂਜਲੀ



ਸਦਨ ਨੇ ਸੰਯੁਕਤ ਪੰਜਾਬ ਵਿਧਾਨ ਸਭਾ ਦੇ ਸਾਬਕਾ ਮੈਂਬਰ ਚੌਧਰੀ ਸਹੀ ਰਾਮ ਬਿਸ਼ਨੋਈ ਦੇ 22 ਮਈ ਨੂੰ ਹੋਏ ਦੇਹਾਂਤ 'ਤੇ ਡੂੰਘਾ ਸ਼ੋਕ ਪ੍ਰਗਟ ਕੀਤਾ। ਉਨ੍ਹਾਂ ਦਾ ਜਨਮ 12 ਜਨਵਰੀ, 1922 ਨੂੰ ਹੋਇਆ ਸੀ ਅਤੇ ਉਹ ਸਾਲ 1960 ਵਿੱਚ ਸੰਯੁਕਤ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ ਸਨ। ਉਹ ਇੱਕ ਨਿਸ਼ਠਾਵਾਨ ਸਮਾਜਿਕ ਸੇਵਕ ਸਨ। ਉਨ੍ਹਾਂ ਦੇ ਦੇਹਾਂਤ ਨਾਲ ਪ੍ਰਦੇਸ਼ ਨੇ ਇੱਕ ਯੋਗ ਜਨ-ਪ੍ਰਤੀਨਿਧੀ ਅਤੇ ਸਮਾਜਿਕ ਸੇਵਕ ਗੁਆ ਦਿੱਤਾ ਹੈ।

ਸਦਨ ਨੇ ਹਰਿਆਣਾ ਵਿਧਾਨ ਸਭਾ ਦੇ ਸਾਬਕਾ ਮੈਂਬਰ ਸ੍ਰੀ ਰਾਜਪਾਲ ਭੂੱਖੜੀ ਦੇ 20 ਜੁਲਾਈ, 2026 ਨੂੰ ਹੋਏ ਦੇਹਾਂਤ 'ਤੇ ਵੀ ਡੂੰਘਾ ਸ਼ੋਕ ਪ੍ਰਗਟ ਕੀਤਾ। ਉਨ੍ਹਾਂ ਦਾ ਜਨਮ 19 ਮਈ, 1971 ਨੂੰ ਹੋਇਆ ਸੀ ਅਤੇ ਉਹ ਸਾਲ 2009 ਵਿੱਚ ਹਰਿਆਣਾ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ ਸਨ। ਉਹ ਸਮਾਜ ਦੇ ਗਰੀਬ ਅਤੇ ਕਮਜ਼ੋਰ ਵਰਗਾਂ ਦੇ ਕਲਿਆਣ ਅਤੇ ਉਥਾਨ ਲਈ ਹਮੇਸ਼ਾ ਸਮਰਪਿਤ ਰਹੇ। ਉਨ੍ਹਾਂ ਦੇ ਦੇਹਾਂਤ ਨੂੰ ਵਿਧਾਨ ਸਭਾ ਨੇ ਪ੍ਰਦੇਸ਼ ਲਈ ਵੱਡਾ ਘਾਟਾ ਦੱਸਿਆ।

ਸਦਨ ਨੇ ਮਾਤਭੂਮੀ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਲਈ ਅਪਾਰ ਸਾਹਸ ਅਤੇ ਬਹਾਦਰੀ ਦਾ ਪ੍ਰਦਰਸ਼ਨ ਕਰਦਿਆਂ ਆਪਣੇ ਪ੍ਰਣ ਨਿਛਾਵਰ ਕਰਨ ਵਾਲੇ ਹਰਿਆਣਾ ਦੇ ਬਹਾਦਰ ਸੈਨਿਕਾਂ ਨੂੰ ਸਿਜਦਾ ਕੀਤਾ।

ਸ਼ਹੀਦ ਜਵਾਨਾਂ ਵਿੱਚ ਡਿਪਟੀ ਕਮਾਂਡੈਂਟ ਮਨੋਹਰ ਸਿੰਘ ਫੌਗਾਟ (ਪਿੰਡ ਮਕੜਾਣਾ, ਜ਼ਿਲ੍ਹਾ ਚਰਖ਼ੀ ਦਾਦਰੀ), ਲੇਫਟੀਨੈਂਟ ਨਿਸ਼ਾਂਤ (ਪਿੰਡ ਕਾਸਨੀ, ਜ਼ਿਲ੍ਹਾ ਝੱਜਰ), ਨਾਇਬ ਸੂਬੇਦਾਰ ਵੀਰਿੰਦਰ ਸਿੰਘ (ਪਿੰਡ ਕਨੀਨਾ ਖਾਸ, ਜ਼ਿਲ੍ਹਾ ਮਹਿੰਦਰਗੜ੍ਹ), ਉਪ ਨਿਰੀਖਕ ਕ੍ਰਿਸ਼ਨ ਕੁਮਾਰ ਬੁੰਬਕ (ਪਿੰਡ ਜੁੰਡਲਾ, ਜ਼ਿਲ੍ਹਾ ਕਰਨਾਲ), ਸਹਾਇਕ ਉਪ ਨਿਰੀਖਕ ਪਵਨ ਕੁਮਾਰ (ਪਿੰਡ ਬਹੂ, ਜ਼ਿਲ੍ਹਾ ਝੱਜਰ), ਸਹਾਇਕ ਉਪ ਨਿਰੀਖਕ ਵਿਨੋਦ ਕੁਮਾਰ (ਪਿੰਡ ਨੰਦਗੜ੍ਹ ਜ਼ਿਲ੍ਹਾ ਭਿਵਾਨੀ), ਸਹਾਇਕ ਉਪ ਨਿਰੀਖਕ ਜੈਪ੍ਰਕਾਸ਼ (ਪਿੰਡ ਖੁਸ਼ਪੁਰਾ, ਜ਼ਿਲ੍ਹਾ ਰੇਵਾੜੀ), ਸਹਾਇਕ ਉਪ ਨਿਰੀਖਕ ਦਇਆਕਿਸ਼ਨ (ਪਿੰਡ ਭਾਕਲੀ, ਜ਼ਿਲ੍ਹਾ ਰੇਵਾੜੀ), ਹਵਾਲਦਾਰ ਰਾਮਬੀਰ (ਪਿੰਡ ਬਾਸ ਅਕਬਰਪੁਰ, ਜ਼ਿਲ੍ਹਾ ਹਾਂਸੀ), ਹਵਾਲਦਾਰ ਕ੍ਰਿਸ਼ਨ ਕੁਮਾਰ (ਪਿੰਡ ਕੋਰੀਆਵਾਸ, ਜ਼ਿਲ੍ਹਾ ਮਹਿੰਦਰਗੜ੍ਹ), ਹਵਾਲਦਾਰ ਸੋਨੂੰ (ਪਿੰਡ ਛੱਪਾਰ, ਜ਼ਿਲ੍ਹਾ ਚਰਖ਼ੀ ਦਾਦਰੀ), ਹਵਾਲਦਾਰ ਰਾਮਨਾਰਾਇਣ (ਪਿੰਡ ਖਰਕ ਕਲਾਂ, ਜ਼ਿਲ੍ਹਾ ਭਿਵਾਨੀ), ਸਾਰਜੈਂਟ ਸੁਰੇਂਦਰ ਕਾਦੀਆਨ (ਪਿੰਡ ਬਾਘਪੁਰ, ਜ਼ਿਲ੍ਹਾ ਝੱਜਰ), ਪ੍ਰਧਾਨ ਨਾਵਿਕ ਰਾਜੇਸ਼ ਕੁਮਾਰ (ਪਿੰਡ ਭੋਜਾਵਾਸ, ਜ਼ਿਲ੍ਹਾ ਮਹਿੰਦਰਗੜ੍ਹ), ਨਾਇਕ ਰਵੀ ਪ੍ਰਕਾਸ਼ (ਪਿੰਡ ਕਾਸਨੀ, ਜ਼ਿਲ੍ਹਾ ਚਰਖ਼ੀ ਦਾਦਰੀ), ਨਾਇਕ ਆਨੰਦ ਕੁਮਾਰ (ਪਿੰਡ ਝੋਝੂ ਖੁਰਦ, ਜ਼ਿਲ੍ਹਾ ਚਰਖ਼ੀ ਦਾਦਰੀ), ਨਾਇਕ ਮਨੋਜ ਕੁਮਾਰ (ਪਿੰਡ ਚੰਦਪੁਰਾ, ਜ਼ਿਲ੍ਹਾ ਮਹਿੰਦਰਗੜ੍ਹ), ਕਾਰਪੋਰਲ ਭਰਤਰਾਜ ਭਾਰਦਵਾਜ (ਪਿੰਡ ਬਾਮਨਵਾਸ, ਜ਼ਿਲ੍ਹਾ ਮਹਿੰਦਰਗੜ੍ਹ), ਸਿਪਾਹੀ ਸੰਦੀਪ ਕੁਮਾਰ (ਪਿੰਡ ਸਰੂਪਗੜ੍ਹ ਸਾਤੌਰ, ਜ਼ਿਲ੍ਹਾ ਚਰਖ਼ੀ ਦਾਦਰੀ), ਸਿਪਾਹੀ ਸੰਦੀਪ ਕੁਮਾਰ (ਪਿੰਡ ਬਵਾਨੀਆਂ, ਜ਼ਿਲ੍ਹਾ ਮਹਿੰਦਰਗੜ੍ਹ), ਸਿਪਾਹੀ ਸਤੀਸ਼, (ਪਿੰਡ ਮਾਮੜੀਆ ਅਸਾਮਪੁਰ, ਜ਼ਿਲ੍ਹਾ ਰੇਵਾੜੀ), ਸਿਪਾਹੀ ਰਾਜਕੁਮਾਰ (ਪਿੰਡ ਗੁਧਰਾਣਾ, ਜ਼ਿਲ੍ਹਾ ਪਲਵਲ), ਸਿਪਾਹੀ ਸੋਨੂੰ ਕੁਮਾਰ (ਪਿੰਡ ਅਟੇਲੀ, ਜ਼ਿਲ੍ਹਾ ਮਹਿੰਦਰਗੜ੍ਹ), ਸਿਪਾਹੀ ਸ਼ਮਸ਼ੇਰ ਸਿੰਘ (ਪਿੰਡ ਛਿਛੜਾਨਾ, ਜ਼ਿਲ੍ਹਾ ਪਾਣੀਪਤ), ਸਿਪਾਹੀ ਕੁਲਵੰਤ ਸਿੰਘ (ਪਿੰਡ ਪਹਾੜੀ, ਜ਼ਿਲ੍ਹਾ ਭਿਵਾਨੀ), ਅਗਨੀਵੀਰ ਧਰੁਵ (ਪਿੰਡ ਜੜਥਲ, ਜ਼ਿਲ੍ਹਾ ਰੇਵਾੜੀ) ਅਤੇ ਅਗਨੀਵੀਰ ਸ਼ੰਕਰ (ਪਿੰਡ ਸੋਹੜੀ, ਜ਼ਿਲ੍ਹਾ ਮਹਿੰਦਰਗੜ੍ਹ) ਸ਼ਾਮਲ ਹਨ। ਸਦਨ ਨੇ ਇਨ੍ਹਾਂ ਸਾਰੇ ਬਹਾਦਰ ਜਵਾਨਾਂ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਦੁੱਖੀ ਪਰਿਵਾਰਾਂ ਪ੍ਰਤੀ ਆਪਣੀ ਡੂੰਘੀ ਹਮਦਰਦੀ ਪ੍ਰਗਟ ਕੀਤੀ।

## ਪੰਜਾਬੀ ਪ੍ਰਵਾਸੀਆਂ ਦੇ ਮਸਲਿਆਂ ਦਾ ਪਾਰਦਰਸ਼ੀ, ਨਿਰਪੱਖ ਅਤੇ ਸਮਾਂਬੱਧ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ : ਡਾ. ਰਵਜੋਤ ਸਿੰਘ

**ਬਠਿੰਡਾ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਹੈ ਕਿ ਪੰਜਾਬੀ ਪ੍ਰਵਾਸੀਆਂ ਨਾਲ ਸਬੰਧਤ ਹਰ ਮਸਲੇ ਦਾ ਹੱਲ ਪੂਰੀ ਪਾਰਦਰਸ਼ਤਾ, ਮੈਰਿਟ ਅਤੇ ਮਿੱਥੇ ਸਮੇਂ ਅੰਦਰ ਯਕੀਨੀ ਬਣਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਪ੍ਰਭਾਵਸ਼ਾਲੀ ਅਤੇ ਤੁਰੰਤ ਨਿਪਟਾਰੇ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ।



ਬਠਿੰਡਾ ਦੇ ਇਕ ਹੋਟਲ ਵਿਖੇ ਕਰਵਾਈ ਗਈ 'ਐਨ.ਆਰ.ਆਈ. ਮਿਲਣੀ-2026' ਦੌਰਾਨ ਪ੍ਰਵਾਸੀ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਵਿਸ਼ੇਸ਼ ਮਿਲਣੀ ਦਾ ਉਦੇਸ਼ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨਾਲ ਤੁਰੰਤ ਕਾਰਵਾਈ ਯਕੀਨੀ ਬਣਾਉਣਾ ਹੈ।

ਇਸ ਮਿਲਣੀ ਵਿੱਚ ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਮੋਗਾ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਮਾਨਸਾ ਜ਼ਿਲ੍ਹਿਆਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਪ੍ਰਵਾਸੀ ਪੰਜਾਬੀਆਂ ਨੇ ਹਿੱਸਾ ਲਿਆ। ਇਨ੍ਹਾਂ ਜ਼ਿਲ੍ਹਿਆਂ ਦੇ ਸਿਵਿਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ ਵੀ ਇਸ ਮੌਕੇ ਹਾਜ਼ਰ ਸਨ।

ਇਸ ਮੌਕੇ ਐਨ.ਆਰ.ਆਈ. ਮਾਮਲਿਆਂ ਦੇ ਸਕੱਤਰ ਸ੍ਰੀ ਮੁਹੰਮਦ ਤਾਇਅਬ, ਚੇਅਰਮੈਨ ਐਨ.ਆਰ.ਆਈ. ਸਭਾ ਪੰਜਾਬ ਅਤੇ ਡਿਵੀਜ਼ਨਲ ਕਮਿਸ਼ਨਰ ਜਲੰਧਰ ਸ੍ਰੀ ਰਾਮਵੀਰ, ਵਿਸ਼ੇਸ਼ ਸਕੱਤਰ ਐਨ.ਆਰ.ਆਈ. ਵਿਭਾਗ ਮੈਡਮ ਅਮਨਦੀਪ ਕੌਰ, ਬ੍ਰਿਟਿਸ਼ ਹਾਈ ਕਮਿਸ਼ਨਰ ਚੰਡੀਗੜ੍ਹ ਤੋਂ ਸ੍ਰੀ ਰਜਿੰਦਰ ਐਸ ਨਾਗਰਕੋਟੀ, ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਰਾਹੁਲ ਚਾਬਾ ਅਤੇ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਆਪਣੀ ਮਿੱਟੀ, ਸੱਭਿਆਚਾਰ ਅਤੇ ਵਿਰਸੇ ਨਾਲ ਡੂੰਘਾ ਨਾਤਾ ਰੱਖਦੇ ਹਨ ਅਤੇ ਉਨ੍ਹਾਂ ਨੇ ਦੁਨੀਆ ਭਰ ਵਿੱਚ ਪੰਜਾਬ ਅਤੇ ਭਾਰਤ ਦਾ ਨਾਮ ਰੌਸ਼ਨ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਨ.ਆਰ.ਆਈਜ਼ ਨਾਲ ਸਬੰਧਤ ਹਰ ਮਾਮਲੇ ਦੀ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਸੁਣਵਾਈ ਅਤੇ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਵੱਲੋਂ ਮੁੱਖ ਤੌਰ 'ਤੇ ਪ੍ਰਾਪਰਟੀ ਵਿਵਾਦਾਂ, ਜ਼ਮੀਨਾਂ 'ਤੇ ਗੈਰ-ਕਾਨੂੰਨੀ ਕਬਜ਼ਿਆਂ, ਦਸਤਾਵੇਜ਼ੀ ਤਰੁੱਟੀਆਂ ਅਤੇ ਵਿਆਹੁਤਾ ਮਾਮਲਿਆਂ ਸਬੰਧੀ ਸ਼ਿਕਾਇਤਾਂ ਦਰਜ ਕਰਵਾਈਆਂ ਜਾਂਦੀਆਂ ਹਨ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਜਿਨ੍ਹਾਂ ਮਾਮਲਿਆਂ ਦਾ ਨਿਪਟਾਰਾ ਲੰਬੇ ਸਮੇਂ ਤੋਂ ਲੰਬਿਤ ਹੈ ਜਾਂ ਜਿਨ੍ਹਾਂ ਵਿੱਚ ਸੁਣਵਾਈ ਦੀ ਪ੍ਰਕਿਰਿਆ ਧੀਮੀ ਹੈ, ਉਨ੍ਹਾਂ ਦੀ ਉਹ ਖੁਦ ਨਿਗਰਾਨੀ ਕਰ ਰਹੇ ਹਨ ਅਤੇ ਸਬੰਧਤ ਅਧਿਕਾਰੀਆਂ ਨਾਲ ਨਿਯਮਿਤ ਤੌਰ 'ਤੇ ਸਮੀਖਿਆ ਕਰਕੇ ਹੱਲ ਯਕੀਨੀ ਬਣਾ ਰਹੇ ਹਨ। ਇਸ ਮੌਕੇ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ, ਚੇਅਰਮੈਨ ਪੰਜਾਬ ਮੀਡੀਅਮ ਇੰਡਸਟ੍ਰੀਜ਼ ਡਿਵੈਲਪਮੈਂਟ ਬੋਰਡ ਸ੍ਰੀ ਨੀਲ ਗਰਗ, ਚੇਅਰਮੈਨ ਨਗਰ ਸੁਧਾਰ ਟਰੱਸਟ ਸ. ਜਤਿੰਦਰ ਸਿੰਘ ਭੱਲਾ, ਚੇਅਰਮੈਨ ਸ਼ੂਗਰਫੈਡ ਪੰਜਾਬ ਅਤੇ ਲੋਕ ਸਭਾ ਹਲਕਾ ਬਠਿੰਡਾ ਦੇ ਇੰਚਾਰਜ ਸ੍ਰੀ ਨਵਦੀਪ ਜੀਦਾ, ਸੈਂਟਰਲ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਸ. ਅਮਰਦੀਪ ਰਾਜਨ, ਟ੍ਰੇਡ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਿਕਰਮ ਲਵਲੀ, ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ,ਬੈਂਕ ਦੇ ਚੇਅਰਮੈਨ ਸ. ਅਮਰਦੀਪ ਕਮਿਸ਼ਨਰ ਨਗਰ ਨਿਗਮ ਸ੍ਰੀਮਤੀ ਲਵਜੀਤ ਕਲਸੀ ਤੋਂ ਇਲਾਵਾ ਹੋਰ ਪ੍ਰਮੁੱਖ ਸਖਸ਼ੀਅਤਾਂ, ਅਧਿਕਾਰੀ ਅਤੇ ਕਰਮਚਾਰੀ ਆਦਿ ਹਾਜ਼ਰ ਸਨ।

## ਨੇਪਾਲ ਵਿੱਚ 288 ਭਾਰਤੀ ਲਾਪਤਾ, ਤਾਮਿਲਨਾਡੂ ਦੇ 21 ਲੋਕਾਂ ਨੂੰ ਬਚਾਇਆ ਗਿਆ: ਵਿਦੇਸ਼ ਮੰਤਰਾਲਾ

**ਨਵੀਂ ਦਿੱਲੀ, 27 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਦੇਸ਼ ਮੰਤਰਾਲੇ ਨੇ ਵੀਰਵਾਰ ਨੂੰ ਕਿਹਾ ਕਿ ਨੇਪਾਲ ਵਿੱਚ ਅਚਾਨਕ ਆਏ ਹੜ੍ਹਾਂ ਤੋਂ ਬਾਅਦ 288 ਭਾਰਤੀ ਅਜੇ ਵੀ ਲਾਪਤਾ ਹਨ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਲਾਪਤਾ ਹੋਏ ਭਾਰਤੀਆਂ ਵਿੱਚ ਉਹ ਲੋਕ ਸ਼ਾਮਲ ਹਨ ਜੋ ਪਣ-ਬਿਜਲੀ ਪ੍ਰਾਜੈਕਟਾਂ 'ਤੇ ਕੰਮ ਕਰ ਰਹੇ ਸਨ ਅਤੇ ਨਾਲ ਹੀ ਸੈਲਾਨੀਆਂ ਦੇ ਸਮੂਹ ਵੀ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਤਾਮਿਲਨਾਡੂ ਦੇ 21 ਲੋਕਾਂ ਨੂੰ ਬਚਾ ਲਿਆ ਗਿਆ ਹੈ। ਜੈਸਵਾਲ ਨੇ ਕਿਹਾ ਕਿ ਤਿੱਬਤ ਵਿੱਚ ਵੀ ਲਗਪਗ 200 ਭਾਰਤੀਆਂ ਨੇ ਭਾਰਤ ਤੋਂ ਸਹਾਇਤਾ ਮੰਗੀ ਹੈ। ਉਨ੍ਹਾਂ ਕਿਹਾ ਕਿ ਭਾਰਤ ਅਚਾਨਕ ਆਏ ਹੜ੍ਹਾਂ ਕਾਰਨ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਨੇਪਾਲ ਨੂੰ ਹਰ ਸੰਭਵ ਸਹਾਇਤਾ ਦੇਣੀ ਜਾਰੀ ਰੱਖੇਗਾ।

ਜੈਸਵਾਲ ਨੇ ਕਿਹਾ, 288 ਭਾਰਤੀ ਨਾਗਰਿਕ ਅਜਿਹੇ ਹਨ ਜਿਨ੍ਹਾਂ ਦਾ ਕੁੱਝ ਪਤਾ ਨਹੀਂ ਲੱਗ ਸਕਿਆ। ਇਨ੍ਹਾਂ ਵਿੱਚ 73 ਭਾਰਤੀ ਨਾਗਰਿਕ ਉਹ ਹਨ ਜੋ ਤ੍ਰਿਸ਼ੂਲੀ ਵਨ ਪਾਵਰ ਪ੍ਰਾਜੈਕਟ 'ਤੇ ਕੰਮ ਕਰ ਰਹੇ ਸਨ।

## ਹਰਿਆਣਾ ਵਿੱਚ ਇਨਫਲੂਐਂਜ਼ਾ ਦੀ ਸਥਿਤੀ ਕੰਟਰੋਲ ਵਿੱਚ, ਸਿਹਤ ਵਿਭਾਗ ਨੇ ਨਿਗਰਾਨੀ ਵਧਾਈ : ਡਾ. ਸੁਮਿਤਾ ਮਿਸ਼ਰਾ

**ਚੰਡੀਗੜ੍ਹ, 27 ਅਗਸਤ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਰਾਜ ਵਿੱਚ ਮੌਸਮੀ ਇਨਫਲੂਐਂਜ਼ਾ (ਫਲੂ) ਦੀ ਸਥਿਤੀ ਨੂੰ ਪੂਰੀ ਤਰ੍ਹਾਂ ਕੰਟਰੋਲ ਵਿੱਚ ਦੱਸਦਿਆਂ ਨਾਗਰਿਕਾਂ ਨੂੰ ਇਸ ਤੋਂ ਨਾ ਘਬਰਾਉਣ ਦੀ ਅਪੀਲ ਕੀਤੀ ਹੈ।



ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਰਾਜ ਭਰ ਵਿੱਚ ਸਖ਼ਤ ਨਿਗਰਾਨੀ ਰੱਖ ਰਿਹਾ ਹੈ ਅਤੇ ਸਾਰੇ ਸਰਕਾਰੀ ਤੇ ਨਿੱਜੀ ਹਸਪਤਾਲਾਂ ਨੂੰ ਸਮੇਂ ਸਿਰ ਜਾਂਚ ਅਤੇ ਇਲਾਜ ਲਈ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ।

ਡਾ. ਮਿਸ਼ਰਾ ਨੇ ਲੋਕਾਂ ਨੂੰ ਆਮ ਮੌਸਮੀ ਫਲੂ ਅਤੇ 'ਸੁਆਇਨ ਫਲੂ' (HANA) ਦੇ ਵਿਚਕਾਰ ਦਾ ਅੰਤਰ ਸਮਝਾਉਂਦਿਆਂ ਸਪੱਸ਼ਟ ਕੀਤਾ ਕਿ HANA ਹੁਣ ਮੌਸਮੀ ਇਨਫਲੂਐਂਜ਼ਾ ਦਾ ਹੀ ਇੱਕ ਹਿੱਸਾ ਹੈ, ਜਿਸ ਨੂੰ ਨਿਯਮਤ ਸਿਹਤ ਨਿਗਰਾਨੀ ਪ੍ਰਣਾਲੀ ਤਹਿਤ ਟਰੈਕ ਅਤੇ ਇਲਾਜ ਕੀਤਾ ਜਾਂਦਾ ਹੈ। ਸਾਲ 2009 ਦੌਰਾਨ ਇਸ ਵਾਇਰਸ ਦੇ ਮੂਲ ਸਰੋਤ ਕਾਰਨ ਇਸ ਨੂੰ 'ਸੁਆਇਨ ਫਲੂ' ਕਿਹਾ ਗਿਆ ਸੀ, ਪਰ ਹੁਣ ਇਹ ਇਨਸਾਨਾਂ ਵਿੱਚ ਫੈਲਣ ਵਾਲੇ ਆਮ ਵਾਇਰਸ ਦਾ ਹੀ ਰੂਪ ਲੈ ਚੁੱਕਾ ਹੈ, ਇਸ ਲਈ ਇਸ ਨਾਮ ਤੋਂ ਡਰਨ ਦੀ ਲੋੜ ਨਹੀਂ ਹੈ।

## ਸਾਬਕਾ ਅਗਨੀਵੀਰਾਂ ਲਈ ਰਾਖਵੇਂ ਅਹੁਦਿਆਂ ਦੀ ਪਛਾਣ ਦਾ ਕੰਮ ਸ਼ੁਰੂ

### ਹਰਿਆਣਾ ਸਰਕਾਰ ਨੇ ਸਾਰੇ ਵਿਭਾਗਾਂ ਤੋਂ ਮੰਗਿਆ ਖਾਲੀ ਅਹੁਦਿਆਂ ਦਾ ਵੇਰਵਾ

**ਚੰਡੀਗੜ੍ਹ, 27 ਅਗਸਤ**
**-ਮਨੋਜ ਵਰਮਾ-**

ਹਰਿਆਣਾ ਸਰਕਾਰ ਨੇ ਰਾਜ ਦੇ ਸਾਬਕਾ ਅਗਨੀਵੀਰਾਂ ਨੂੰ ਸਿੱਧੀ ਭਰਤੀ ਵਿੱਚ ਦਿੱਤੇ ਗਏ ਹਾਰੀਜ਼ੋਂਟਲ ਰਾਖਵੇਂਕਰਨ ਦਾ ਲਾਭ ਦੇਣ ਦੀ ਦਿਸ਼ਾ ਵਿੱਚ ਕਦਮ ਵਧਾਉਂਦਿਆਂ ਵੱਖ-ਵੱਖ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਖਾਲੀ ਅਹੁਦਿਆਂ ਦੀ ਪਛਾਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।



ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਪੱਤਰ ਵਿੱਚ ਸਾਰੇ ਪ੍ਰਸ਼ਾਸਕੀ ਸਕੱਤਰਾਂ, ਵਿਭਾਗ ਮੁਖੀਆਂ, ਮੰਡਲ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਬੋਰਡਾਂ ਤੇ ਨਿਗਮਾਂ ਦੇ ਪ੍ਰਬੰਧ ਨਿਰਦੇਸ਼ਕਾਂ, ਮੁੱਖ ਪ੍ਰਸ਼ਾਸਕਾਂ ਅਤੇ ਮੁੱਖ ਕਾਰਜਕਾਰੀ ਅਧਿਕਾਰੀਆਂ ਨੂੰ ਲੋੜੀਂਦੀ ਜਾਣਕਾਰੀ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਇਹ ਕਾਰਵਾਈ ਰਾਜ ਸਰਕਾਰ ਵੱਲੋਂ 18 ਅਗਸਤ, 2026 ਨੂੰ ਜਾਰੀ ਹਦਾਇਤਾਂ ਤਹਿਤ ਕੀਤੀ ਜਾ ਰਹੀ ਹੈ, ਜਿਨ੍ਹਾਂ ਵਿੱਚ ਹਰਿਆਣਾ ਦੇ ਮੂਲ ਨਿਵਾਸੀ ਸਾਬਕਾ ਅਗਨੀਵੀਰਾਂ ਨੂੰ ਸਿੱਧੀ ਭਰਤੀ ਵਿੱਚ ਹੌਰੀਜੌਂਟਲ ਰਾਖਵੇਂਕਰਨ ਦਾ ਲਾਭ ਦੇਣ ਦਾ ਪ੍ਰਾਵਾਧਾਨ ਕੀਤਾ ਗਿਆ ਹੈ।

ਜਾਰੀ ਪੱਤਰ ਅਨੁਸਾਰ, ਸਰਕਾਰ ਨੇ ਵੱਖ-ਵੱਖ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਸਿੱਧੀ ਭਰਤੀ ਕੋਟੇ ਤਹਿਤ ਉਪਲਬਧ ਖਾਲੀ ਅਹੁਦਿਆਂ ਦਾ ਪਤਾ ਲਗਾਉਣ ਦਾ ਫ਼ੈਸਲਾ ਕੀਤਾ ਹੈ, ਤਾਂ ਜੋ ਹਰਿਆਣਾ ਲੋਕ ਸੇਵਾ ਕਮਿਸ਼ਨ ਅਤੇ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਰਾਹੀਂ ਸਾਬਕਾ ਅਗਨੀਵੀਰਾਂ ਦੀ ਭਰਤੀ ਦੀ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾ ਸਕੇ।

ਸਾਰੇ ਸਬੰਧਤ ਵਿਭਾਗਾਂ ਤੋਂ ਅਹੁਦੇਵਾਰ ਅਤੇ ਸ਼੍ਰੇਣੀਵਾਰ ਖਾਲੀ ਅਹੁਦਿਆਂ ਦੀ ਜਾਣਕਾਰੀ ਮੰਗੀ ਗਈ ਹੈ।

ਇਸ ਵਿੱਚ ਸਾਬਕਾ ਅਗਨੀਵੀਰਾਂ ਲਈ ਰਾਖਵੇਂ ਅਹੁਦਿਆਂ ਦੇ ਨਾਮ, ਉਨ੍ਹਾਂ 'ਤੇ ਲਾਗੂ ਰਾਖਵੇਂਕਰਨ ਦੀ ਪ੍ਰਤੀਸ਼ਤਤਾ ਅਤੇ ਸਾਬਕਾ ਅਗਨੀਵੀਰਾਂ ਲਈ ਉਪਲਬਧ ਸੰਭਾਵਿਤ ਖਾਲੀ ਅਹੁਦਿਆਂ ਦੀ ਗਿਣਤੀ ਦਾ ਵੇਰਵਾ ਦੇਣਾ ਹੋਵੇਗਾ।

ਵਿਭਾਗਾਂ ਨੂੰ ਗ਼ੈਰ-ਰਾਖਵੇਂ, ਹੋਰ ਅਨੁਸੂਚਿਤ ਜਾਤੀ , ਵਾਂਝੇ ਅਨੁਸੂਚਿਤ ਜਾਤੀ , ਪੱਛੜੀ ਸ਼੍ਰੇਣੀ-ਏ (23-1), ਪੱਛੜੀ ਸ਼੍ਰੇਣੀ-ਬੀ (23-2) ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਤਹਿਤ ਸਾਬਕਾ ਅਗਨੀਵੀਰਾਂ ਲਈ ਉਪਲਬਧ ਖਾਲੀ ਅਹੁਦਿਆਂ ਦੀ ਜਾਣਕਾਰੀ ਵੀ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਨਿਰਧਾਰਤ ਪ੍ਰੋਫ਼ਾਰਮਾ ਵਿੱਚ ਮਹੀਨਾਵਾਰ ਸਾਬਕਾ ਅਗਨੀਵੀਰ ਭਰਤੀ ਦੀ ਸਥਿਤੀ ਦੀ ਜਾਣਕਾਰੀ ਵੀ ਮੰਗੀ ਗਈ ਹੈ, ਤਾਂ ਜੋ ਸਰਕਾਰ ਨੂੰ ਵੱਖ-ਵੱਖ ਵਿਭਾਗਾਂ ਅਤੇ ਸੰਸਥਾਨਾਂ ਵਿੱਚ ਸਾਬਕਾ ਅਗਨੀਵੀਰਾਂ ਲਈ ਉਪਲਬਧ ਮੌਕਿਆਂ ਦੀ ਸਮੁੱਚੀ ਸਥਿਤੀ ਦਾ ਅੰਦਾਜ਼ਾ ਲੱਗ ਸਕੇ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਨੇ ਸਾਰੇ ਪ੍ਰਸ਼ਾਸਕੀ ਸਕੱਤਰਾਂ ਨੂੰ ਉਨ੍ਹਾਂ ਦੇ ਅਧੀਨ ਆਉਣ ਵਾਲੇ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਉਪਲਬਧ ਖਾਲੀ ਅਹੁਦਿਆਂ ਦਾ ਵਿਸਥਾਰ ਵੇਰਵਾ ਤਿਆਰ ਕਰਕੇ ਪਹਿਲ ਦੇ ਆਧਾਰ 'ਤੇ ਸਰਕਾਰ ਨੂੰ ਭੇਜਣ ਦੇ ਨਿਰਦੇਸ਼ ਦਿੱਤੇ ਹਨ।




